PAIGAM-E-JAGAT

ਪੈਗ਼ਾਮ-ਏ-ਜਗਤ

Title code : CHAMUL00914 | E-mail : Info



‘ਪਤਾ ਨਹੀਂ ਕੱਲ੍ਹ ਮੈਂ ਰਹਾਂਗਾ ਜਾਂ ਨਹੀਂ’ ਚਲੇ ਗਏ ਨਾਨਾ

76 ਸਾਲ ਦੀ ਉਮਰ ਵਿੱਚ ਵੀਰਵਾਰ ਤੜਕੇ ਗੋਆ ਵਿੱਚ ਦਿਲ ਦਾ ਦੌਰਾ ਪੈਣ ਕਾਰਨ ਦੇਹਾਂਤ

ਪਣਜੀ, 8 ਅਕਤੂਬਰ (ਪੈਗ਼ਾਮ-ਏ-ਜਗਤ)

ਦਿਗਜ਼ ਅਦਾਕਾਰ ਨਾਨਾ ਪਾਟੇਕਰ ਨੇ ਆਪਣੇ ਅਚਾਨਕ ਦੇਹਾਂਤ ਤੋਂ ਮਹਿਜ਼ ਤਿੰਨ ਦਿਨ ਪਹਿਲਾਂ ਗੋਆ ਵਿੱਚ ਇੱਕ ਸਮਾਜਿਕ ਪ੍ਰੋਗਰਾਮ ਦੌਰਾਨ ਕਿਹਾ ਸੀ ਕਿ ਹਰ ਕਿਸੇ ਨੇ ਇੱਕ ਦਿਨ ਜਾਣਾ ਹੈ ਅਤੇ ”ਪਤਾ ਨਹੀਂ ਮੈਂ ਕੱਲ੍ਹ ਇੱਥੇ ਰਹਾਂਗਾ ਜਾਂ ਨਹੀਂ।” ਉਦੋਂ ਸ਼ਾਇਦ ਕਿਸੇ ਨੇ ਨਹੀਂ ਸੋਚਿਆ ਸੀ ਕਿ ਉਹ ਅੱਜ ਸਾਡੇ ਵਿਚਕਾਰ ਨਹੀਂ ਹੋਣਗੇ।

ਪਾਟੇਕਰ ਨੇ ਚਾਰ ਅਕਤੂਬਰ ਨੂੰ ਗੋਆ ਵਿੱਚ ਪਣਜੀ ਨੇੜੇ ਡੋਨਾ ਪੌਲਾ ਵਿਖੇ ਆਯੋਜਿਤ ’ਸਮਰਾਟ ਕਲੱਬ ਇੰਟਰਨੈਸ਼ਨਲ’ ਦੇ ਇੱਕ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਇਹ ਗੱਲ ਕਹੀ ਸੀ। ਇਸ ਦੌਰਾਨ ਉਨ੍ਹਾਂ ਆਪਣੇ ਮਿੱਤਰ ਅਤੇ ਗੋਆ ਦੇ ਸਾਬਕਾ ਮੁੱਖ ਮੰਤਰੀ ਦਿਵੰਤ ਮਨੋਹਰ ਪਰੀਕਰ ਨੂੰ ਵੀ ਯਾਦ ਕੀਤਾ ਸੀ। ਪਾਟੇਕਰ ਨੇ ਕਿਹਾ ਸੀ, ”ਅਸੀਂ ਸਾਰਿਆਂ ਨੇ ਇੱਕ ਦਿਨ ਜਾਣਾ ਹੈ। ਪਤਾ ਨਹੀਂ ਮੈਂ ਕੱਲ੍ਹ ਇੱਥੇ ਰਹਾਂਗਾ ਜਾਂ ਨਹੀਂ। ਇਹ ਸਮਾਂ ਹਰ ਕਿਸੇ ਦੇ ਜੀਵਨ ਵਿੱਚ ਆਉਂਦਾ ਹੈ। ਪਰ ਉਹ ਸਮਾਂ ਆਉਣ ਤੋਂ ਪਹਿਲਾਂ ਸਾਨੂੰ ਇਹ ਸੋਚਣਾ ਚਾਹੀਦਾ ਹੈ ਕਿ ਕੀ ਮੈਂ ਉਹ ਕਰ ਪਾ ਰਿਹਾ ਹਾਂ ਜੋ ਮੈਂ ਕਰਨਾ ਚਾਹੁੰਦਾ ਹਾਂ? ਕੀ ਮੈਂ ਕੋਸ਼ਿਸ਼ ਕੀਤੀ ਹੈ?”

▪ **ਨਾਨਾ ਪਾਟੇਕਰ ਨੇ ਦੇਹਾਂਤ ਤੋਂ ਪਹਿਲਾ ਆਪਣੇ ਕਰੀਬੀ ਨੂੰ ਠੀਕ ਨਾ ਹੋਣ ਬਾਰੇ ਭੇਜਿਆ ਮੈਸੇਜ**



ਨਾਨਾ ਪਾਟੇਕਰ ਦਾ 76 ਸਾਲ ਦੀ ਉਮਰ ਵਿੱਚ ਵੀਰਵਾਰ ਤੜਕੇ ਗੋਆ ਵਿੱਚ ਦਿਲ ਦਾ ਦੌਰਾ ਪੈਣ ਕਾਰਨ ਦੇਹਾਂਤ ਹੋ ਗਿਆ। ਲਾਸ਼ ਨੂੰ ਪੋਸਟਮਾਰਟਮ ਲਈ ਪਣਜੀ ਨੇੜੇ ਗੋਆ ਮੈਡੀਕਲ ਕਾਲਜ ਅਤੇ ਹਸਪਤਾਲ ਲਿਜਾਇਆ ਗਿਆ ਹੈ। ਤਵਾਰ ਨੂੰ ਡੋਨਾ ਪੌਲਾ ਵਿਖੇ ਆਯੋਜਿਤ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਪਾਟੇਕਰ ਨੇ ਸਾਬਕਾ ਮੁੱਖ ਮੰਤਰੀ ਪਰੀਕਰ ਨੂੰ ਆਪਣਾ ਮਿੱਤਰ ਦੱਸਦਿਆਂ ਉਨ੍ਹਾਂ ਨੂੰ ਯਾਦ ਕੀਤਾ ਸੀ। ਉਨ੍ਹਾਂ ਕਿਹਾ ਸੀ, ”ਪਰੀਕਰ ਅਜਿਹੇ ਵਿਅਕਤੀ ਸਨ, ਜਿਨ੍ਹਾਂ ’ਤੇ ਮਾਣ ਕੀਤਾ ਜਾ ਸਕਦਾ ਹੈ। ਉਹ ਮੇਰੇ ਤੋਂ ਛੋਟੇ ਸਨ। ਮੈਂ ਹੁਣ 76 ਸਾਲ ਦਾ ਹਾਂ ਅਤੇ 77 ਦਾ ਹੋਣ ਵਾਲਾ ਹਾਂ। ਪਰ ਉਹ ਇੰਨੇ ਮਹਾਨ ਵਿਅਕਤੀ ਸਨ ਕਿ ਉਨ੍ਹਾਂ ਨੂੰ ਦੇਖ ਕੇ ਸਨਮਾਨ ਨਾਲ ਸਿਰ ਝੁਕ ਜਾਂਦਾ ਸੀ।” ਪੀ.ਟੀ.ਆਈ. ਵੱਲੋਂ ਹਵਾਲਾ ਦਿੱਤੇ ਗਏ ਡਾਕਟਰਾਂ ਦੇ ਅਨੁਸਾਰ ਦਿੱਗਜ਼ ਅਦਾਕਾਰ ਨਾਨਾ (ਬਾਕੀ ਸਫ਼ਾ 2 ’ਤੇ)

ਪੀਐਮ ਮੋਦੀ ਨੇ ਦਿੱਤੀ ਨਾਨਾ ਪਾਟੇਕਰ ਨੂੰ ਸ਼ਰਧਾਂਜਲੀ



*ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਨਾਨਾ ਪਾਟੇਕਰ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਉਨ੍ਹਾਂ ਦੀਆਂ ਛੇ ਫਿਲਮਾਂ—*ਤਿਰੰਗਾ*, *ਪਰਿੰਦਾ*, *ਪ੍ਰਹਾਰ*, *ਕ੍ਰਾਂਤੀਵੀਰ*, *ਖਾਮੋਸ਼ੀ* ਅਤੇ *ਅੰਕੁਸ਼*—ਦਾ ਜ਼ਿਕਰ ਕੀਤਾ ਅਤੇ ਉਨ੍ਹਾਂ ਨੂੰ ਇੱਕ ਅਜਿਹਾ ਬੇਮਿਸਾਲ ਕਲਾਕਾਰ ਦੱਸਿਆ ਜਿਨ੍ਹਾਂ ਨੇ ਵੱਖ-ਵੱਖ ਤਰ੍ਹਾਂ ਦੀਆਂ ਭੂਮਿਕਾਵਾਂ ਰਾਹੀਂ ਦਰਸ਼ਕਾਂ ਦੇ ਦਿਲ ਜਿੱਤੇ। ਆਪਣੇ ਬਿਆਨ ਵਿੱਚ, ਮੋਦੀ ਨੇ ਕਿਹਾ ਕਿ ਨਾਨਾ ਪਾਟੇਕਰ ਦਾ ਜੀਵਨ ‘ਤਿਰੰਗੇ’ ਦੇ ਸਨਮਾਨ, ਮਾਣ ਅਤੇ ਸ਼ਾਨ ਦਾ ਪ੍ਰਤੀਕ ਸੀ। ਉਹ ਇੱਕ ‘ਪਰਿੰਦੇ’ (ਪੰਛੀ) ਵਾਂਗ ਸਿਨੇਮਾ ਦੇ ਅਸਮਾਨ ਵਿੱਚ ਆਜ਼ਾਦਾਨਾ ਉਡਾਣ ਭਰਦੇ ਹੋਏ ਜੀਏ। ਆਪਣੀਆਂ ਫਿਲਮਾਂ ਰਾਹੀਂ, ਉਨ੍ਹਾਂ ਨੇ ਸਮਾਜ ਵਿੱਚ ਫੈਲੀ ਅਰਾਜਕਤਾ ’ਤੇ ਕਰਾਰੀ ਚੋਟ ਕੀਤੀ; ਉਹ ਇੱਕ ਸੱਚੇ ‘ਕ੍ਰਾਂਤੀਵੀਰ’ ਸਨ ਜਿਨ੍ਹਾਂ ਨੇ ਸਮਾਜਿਕ ਬੁਰਾਈਆਂ ਵਿਰੁੱਧ ਲੜਾਈ ਲੜੀ। ਉਨ੍ਹਾਂ ਦੀ ਖਾਮੋਸ਼ੀ ਓਨੀ ਹੀ ਪ੍ਰਭਾਵਸ਼ਾਲੀ ਸੀ ਜਿੰਨਾ ਉਨ੍ਹਾਂ ਦਾ ਜੋਸ਼ੀਲਾ ਭਾਸ਼ਣ, ਅਤੇ ਉਨ੍ਹਾਂ ਨੇ ਹਮੇਸ਼ਾ ਦੇਸ਼-ਵਿਰੋਧੀ ਤੱਤਾਂ ’ਤੇ ‘ਅੰਕੁਸ਼’ (ਰੋਕ) ਲਗਾਉਣ ਦੀ ਵਕਾਲਤ ਕੀਤੀ। ਨਾਨਾ ਪਾਟੇਕਰ ਨੇ* (ਬਾਕੀ ਸਫ਼ਾ 2 ’ਤੇ)



ਸ੍ਰੀ ਹਰਿਮੰਦਰ ਸਾਹਿਬ ਦੇ ਦੌਰੇ ਦੌਰਾਨ ਕਿਹਾ

‘ਰੱਬ ਦਾ ਸ਼ੁਕਰ ਹੈ ਕਿ ਮੈਨੂੰ ਜਿਉਂਦੇ-ਜੀਅ ਇੱਥੇ ਆਉਣ ਦਾ ਮੌਕਾ ਮਿਲਿਆ’

ਨਾਨਾ ਪਾਟੇਕਰ ਨੇ ਇੱਕ ਵਾਰ ਕਿਹਾ ਸੀ, ‘ਮੈਨੂੰ ਪੰਜਾਬੀ ਬਹੁਤ ਪਸੰਦ’

ਨਾਨਾ ਪਾਟੇਕਰ ਪੰਜਾਬੀਆਂ ਨਾਲ ਬਹੁਤ ਲਗਾਓ ਰੱਖਦੇ ਸਨ। ਸਤਾਰਾਂ ਸਾਲ ਪਹਿਲਾਂ, ਪੰਜਾਬ ਵਿੱਚ ਸ਼ੂਟਿੰਗ ਦੌਰਾਨ, ਉਨ੍ਹਾਂ ਨੇ ਪੰਜਾਬੀ ਭਾਸ਼ਾ ਵੀ ਸਿੱਖ ਲਈ ਸੀ। ਉਹ ਅਕਸਰ ਜ਼ਾਹਰ ਕਰਦੇ ਸਨ ਕਿ ਉਨ੍ਹਾਂ ਨੂੰ ਪੰਜਾਬੀ ਲੋਕ ਕਿੰਨੇ ਪਸੰਦ ਹਨ। ਚੰਡੀਗੜ੍ਹ ਵਿੱਚ ਫਿਲਮ ‘ਵੈਲਕਮ’ ਦੀ ਸ਼ੂਟਿੰਗ ਦੌਰਾਨ, ਉਨ੍ਹਾਂ ਨੇ ਇੱਕ ਸਹਾਇਕ ਨਿਰਦੇਸ਼ਕ ਦੇ ਕਿਸਾਨ ਪਿਤਾ ਦੀ ਬਾਈਪਾਸ ਸਰਜਰੀ ਲਈ ਤੁਰੰਤ 3 ਲੱਖ ਰੁਪਏ ਦਿੱਤੇ। ਇਸ ਤੋਂ ਇਲਾਵਾ, ਜਨਵਰੀ 2018 ਵਿੱਚ ਨਾਨਾ ਪਾਟੇਕਰ ਆਪਣੀ ਪਤਨੀ ਨੀਲਕੰਠੀ ਪਾਟੇਕਰ ਨਾਲ ਅੰਮ੍ਰਿਤਸਰ ਆਏ ਸਨ। ਉਨ੍ਹਾਂ ਨੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਿਆ। ਦੌਰੇ ਤੋਂ ਬਾਅਦ ਉਨ੍ਹਾਂ ਕਿਹਾ, ‘ਰੱਬ ਦਾ ਸ਼ੁਕਰ ਹੈ ਕਿ (ਬਾਕੀ ਸਫ਼ਾ 2 ’ਤੇ)

ਜੀ.ਐੱਸ.ਟੀ. ਕੌਂਸਲ ਨੇ ਅਧਿਕਾਰੀਆਂ ਦਾ ਗ੍ਰਿਫਤਾਰੀ ਦਾ ਅਧਿਕਾਰ ਕੀਤਾ ਖਤਮ



• **ਘੱਟੋ-ਘੱਟ ਸਜ਼ਾ ਦੀ ਵਿਵਸਥਾ ਹਟਾਈ ਗਈ; ਜੁਰਮਾਨੇ ਵੀ ਘਟਾ ਕੇ ਕੀਤੇ ਗਏ ਅੱਧੇ**

ਨਵੀਂ ਦਿੱਲੀ, 8 ਅਕਤੂਬਰ (ਪੈਗ਼ਾਮ-ਏ-ਜਗਤ)

ਵਸਤੂ ਅਤੇ ਸੇਵਾ ਕਰ (ਜੀਐੱਸਟੀ) ਕੌਂਸਲ ਨੇ ਵੀਰਵਾਰ ਨੂੰ ਜੀ ਐੱਸ ਟੀ ਅਧਿਕਾਰੀਆਂ ਦੇ ਗ੍ਰਿਫਤਾਰੀ ਦੇ ਅਧਿਕਾਰ ਨੂੰ ਖਤਮ ਕਰਨ ਅਤੇ ਮੁਕੱਦਮਾ ਸ਼ੁਰੂ ਕਰਨ ਦੀ ਸੀਮਾ ਨੂੰ 1 ਕਰੋੜ ਰੁਪਏ ਤੋਂ ਵਧਾ ਕੇ 5 ਕਰੋੜ ਰੁਪਏ ਕਰਨ ਨੂੰ ਮਨਜ਼ੂਰੀ ਦਿੱਤੀ ਹੈ।

ਵਿੱਤ ਮੰਤਰਾਲੇ ਨੇ ਕਿਹਾ, ਟੈਕਸ ਦਰਾਂ ਦਾ ਢਾਂਚਾ ਤੈਅ ਹੋ ਚੁੱਕਾ ਹੈ, ਇਸ ਲਈ ਕੌਂਸਲ ਦਾ ਧਿਆਨ ਹੁਣ ਇਸ ਗੱਲ ’ਤੇ ਹੈ ਕਿ ਟੈਕਸ ਵਿਵਸਥਾ ਰੋਜ਼ਾਨਾ ਦੇ ਕੰਮਕਾਜ ਵਿੱਚ ਕਿਵੇਂ ਕੰਮ ਕਰਦੀ ਹੈ। ਜੀਐੱਸਟੀ ਕੌਂਸਲ ਨੇ ਆਪਣੀ 57ਵੀਂ ਮੀਟਿੰਗ ਵਿੱਚ ਇਨਪੁਟ ਟੈਕਸ ਕ੍ਰੈਡਿਟ ਦੇ ਦਾਅਵਿਆਂ ਦੇ ਸਬੰਧ ਵਿੱਚ ਅਧਿਕਾਰੀਆਂ ਦੀ ਇੱਕ ਕਮੇਟੀ ਗਠਿਤ ਕਰਨ ਦਾ ਫੈਸਲਾ ਕੀਤਾ ਹੈ। ਇਹ ਕਮੇਟੀ ਇਸ ਗੱਲ ਦੀ ਜਾਂਚ ਕਰੇਗੀ ਕਿ ਸਹੀ ਬਿੱਲ ਰੱਖਣ ਵਾਲੇ, ਮਾਲ ਪ੍ਰਾਪਤ ਕਰ ਚੁੱਕੇ ਅਤੇ ਸਪਲਾਇਰ ਨੂੰ ਪੂਰਾ ਭੁਗਤਾਨ ਕਰ ਚੁੱਕੇ ਅਸਲੀ ਖਰੀਦਦਾਰ ਨੂੰ ਕਿਸ ਤਰ੍ਹਾਂ ਸੁਰੱਖਿਆ ਦਿੱਤੀ ਜਾ ਸਕਦੀ ਹੈ। ਮੰਤਰਾਲੇ ਨੇ ਕਿਹਾ, ਅਧਿਕਾਰੀਆਂ ਦੀ ਕਮੇਟੀ ਤਿੰਨ ਮਹੀਨਿਆਂ ਦੇ ਅੰਦਰ ਅਧਿਐਨ ਪੂਰਾ ਕਰੇਗੀ ਅਤੇ ਅਗਲੀ ਕੌਂਸਲ ਦੀ (ਬਾਕੀ ਸਫ਼ਾ 2 ’ਤੇ)

ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਚੰਡੀਗੜ੍ਹ ਵਿਖੇ ‘ਹੁਨਰ ਪੰਜਾਬ’ ਅਤੇ ‘ਫਾਸਟ-ਟ੍ਰੈਕ ਪੰਜਾਬ’ ਪੋਰਟਲ ਲਾਂਚ

ਪੰਜਾਬ ਨਿਵੇਸ਼ਕਾਂ ਲਈ ਬਣੇਗਾ ਮੁੱਖ ਤਰਜੀਹ, ਸਾਰੀਆਂ ਮਨਜ਼ੂਰੀਆਂ ਸਿੰਗਲ ਵਿੰਡੋ ਰਾਹੀਂ : ਸੀਐਮ ਮਾਨ

• **ਫਾਸਟ-ਟ੍ਰੈਕ ਪੰਜਾਬ ਪੋਰਟਲ ਰਾਹੀਂ ਅਪਲਾਈ ਕਰਨ ਦੇ 45 ਦਿਨਾਂ ਦੇ ਅੰਦਰ ਦਿੱਤੀਆਂ ਜਾਣਗੀਆਂ ਸਾਰੀਆਂ ਪ੍ਰਵਾਨਗੀਆਂ : ਮੁੱਖ ਮੰਤਰੀ ਭਗਵੰਤ ਮਾਨ**



ਚੰਡੀਗੜ੍ਹ, 8 ਅਕਤੂਬਰ (ਪੈਗ਼ਾਮ-ਏ-ਜਗਤ)

ਕਾਰੋਬਾਰ ਵਿੱਚ ਸੌਖ, ਪਾਰਦਰਸ਼ਤਾ ਅਤੇ ਰੋਜ਼ਗਾਰ ਪੈਦਾ ਕਰਨ ’ਤੇ ਨਵੇਂ ਸਿਰਿਓਂ ਧਿਆਨ ਕੇਂਦਰਿਤ ਕਰਦਿਆਂ ਪੰਜਾਬ ਨਿਵੇਸ਼ਕਾਂ ਲਈ ਤਰਜੀਹੀ ਸਥਾਨ ਵਜੋਂ ਉੱਭਰ ਰਿਹਾ ਹੈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇਸ ਦਿਸ਼ਾ ਵਿੱਚ ਚੰਡੀਗੜ੍ਹ ਵਿਖੇ ‘ਹੁਨਰ ਪੰਜਾਬ’ ਅਤੇ ‘ਫਾਸਟ-ਟ੍ਰੈਕ ਪੰਜਾਬ’ ਪੋਰਟਲ ਲਾਂਚ ਕੀਤੇ। ਉਨ੍ਹਾਂ ਕਿਹਾ ਕਿ ਇਹ ਨਵੇਂ ਪੋਰਟਲ 45 ਦਿਨਾਂ ਦੇ ਅੰਦਰ ਸਿੰਗਲ ਵਿੰਡੋ ਰਾਹੀਂ ਸਾਰੀਆਂ ਜ਼ਰੂਰੀ ਪ੍ਰਵਾਨਗੀਆਂ ਯਕੀਨੀ ਬਣਾਉਣਗੇ, ਨਿਵੇਸ਼ਕਾਂ ਨੂੰ ਵਿੱਤੀ ਉਤਸ਼ਾਹ ਦੀ ਪਾਰਦਰਸ਼ੀ ਢੰਗ ਨਾਲ ਟਰੈਕਿੰਗ ਕਰਨ ਦੇ ਯੋਗ ਬਣਾਉਣਗੇ ਅਤੇ ਉਦਯੋਗਾਂ ਨੂੰ ਹੁਨਰਮੰਦ ਨੌਜਵਾਨਾਂ ਨਾਲ ਸਿੱਧਾ ਜੋੜਨਗੇ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਨੇ 2022 ਤੋਂ ਲੈ ਕੇ ਹੁਣ ਤੱਕ 1.89 ਲੱਖ ਕਰੋੜ ਰੁਪਏ ਦਾ ਨਿਵੇਸ਼ ਆਕਰਸ਼ਿਤ ਕੀਤਾ ਹੈ, ਜਿਸ ਨਾਲ 6.31 ਲੱਖ ਨਵੀਆਂ ਨੌਕਰੀਆਂ ਪੈਦਾ ਹੋਈਆਂ ਹਨ, ਅਤੇ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਸਰਕਾਰ ਦੀ ਪਹਿਲਕਦਮੀ ਸੂਬੇ ਦੇ ਨੌਜਵਾਨਾਂ ਲਈ ਪੰਜਾਬ ਦੇ ਅੰਦਰ ਹੀ ਰੋਜ਼ਗਾਰ ਦੇ ਮੌਕੇ ਪੈਦਾ ਕਰਨਾ ਅਤੇ ਮੁੜ ‘ਰੰਗਲਾ ਪੰਜਾਬ’ ਨੂੰ ਮੁੜ ਸਿਰਜਣਾ ਹੈ।

ਸੋਸ਼ਲ ਮੀਡੀਆ ਐਕਸ ’ਤੇ ਆਪਣੇ ਵਿਚਾਰ ਸਾਂਝੇ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, “ਪਿਛਲੇ ਚਾਰ ਸਾਲਾਂ ਦੌਰਾਨ ਪੰਜਾਬ ਵਿੱਚ 1.89 ਲੱਖ ਕਰੋੜ ਰੁਪਏ ਦਾ ਨਿਵੇਸ਼ ਆਇਆ ਹੈ, ਜਿਸ ਨਾਲ 6.31 ਲੱਖ ਨਵੀਆਂ ਨੌਕਰੀਆਂ ਪੈਦਾ ਹੋਈਆਂ ਹਨ। ਨਿਵੇਸ਼ਕਾਂ ਦੇ ਇਸ ਭਰੋਸੇ ਨੂੰ ਬਣਾਈ ਰੱਖਣ ਲਈ ਅਸੀਂ ਅੱਜ ਦੋ ਪ੍ਰਮੁੱਖ ਪੋਰਟਲ ਲਾਂਚ ਕੀਤੇ ਹਨ। ‘ਹੁਨਰ ਪੰਜਾਬ’ ਪੋਰਟਲ ਸੂਬੇ ਦੇ ਨੌਜਵਾਨਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਅਤੇ ਉਦਯੋਗਾਂ ਨੂੰ ਹੁਨਰਮੰਦ ਕਾਮੇ ਮੁਹੱਈਆ ਕਰਵਾਉਣ ਲਈ ਸ਼ੁਰੂ ਕੀਤਾ ਗਿਆ ਹੈ। ਇਸ ਦੇ ਨਾਲ ਹੀ ਨਿਵੇਸ਼ਕਾਂ ਨੂੰ ਉਪਲਬਧ ਸਹੂਲਤਾਂ ਅਤੇ ਵਿੱਤੀ ਰਿਆਇਤਾਂ ਬਾਰੇ ਪਾਰਦਰਸ਼ੀ ਜਾਣਕਾਰੀ ਪ੍ਰਦਾਨ ਕਰਨ ਲਈ ‘ਫਾਸਟ-ਟ੍ਰੈਕ ਪੰਜਾਬ’ ਦਾ ‘ਫਾਈਨੈਂਸੀਅਲ ਇਨਸੈਂਟਿਵਜ਼ ਮੌਡਿਊਲ’ (ਪਾਸਬੁੱਕ) ਲਾਂਚ ਕੀਤਾ ਗਿਆ ਹੈ। ਸਾਡਾ ਟੀਚਾ ਪੰਜਾਬ ਦੇ ਨੌਜਵਾਨਾਂ ਨੂੰ ਉਨ੍ਹਾਂ ਦੇ ਆਪਣੇ ਸੂਬੇ ਵਿੱਚ ਰੋਜ਼ਗਾਰ ਦੇਣਾ ਅਤੇ ਪੰਜਾਬ ਨੂੰ ਇਕ ਵਾਰ ਫਿਰ ਖ਼ੁਸ਼ਹਾਲ ਬਣਾਉਣਾ ਹੈ। ਇਨਕਲਾਬ ਜ਼ਿੰਦਾਬਾਦ।” ਪੋਰਟਲ ਲਾਂਚ (ਬਾਕੀ ਸਫ਼ਾ 2 ’ਤੇ)

ਗਿਆਨੇਸ਼ ਕੁਮਾਰ ਖ਼ਿਲਾਫ਼ ਰਾਜਘਾਟ ਪੁੱਜੇ ਇੰਡੀਆ ਗੱਠਜੋੜ ਦੇ ਸੰਸਦ ਮੈਂਬਰ



• **ਰੋਸ ਪ੍ਰਦਰਸ਼ਨ ਤੀਜੇ ਦਿਨ ਵੀ ਜਾਰੀ; ਤਿੰਨ ਬੱਸਾਂ ਵਿਚ ਪੁੱਜੇ ਸੰਸਦ ਮੈਂਬਰ**

ਨਵੀਂ ਦਿੱਲੀ, 8 ਅਕਤੂਬਰ (ਪੈਗ਼ਾਮ-ਏ-ਜਗਤ)

ਇੰਡੀਆ ਗਠਜੋੜ ਨੇ ਦੋ ਦਿਨਾਂ ਦੇ ਮਾਰਚ, ਧਰਨਿਆਂ ਅਤੇ ਆਗੂਆਂ ਦੀਆਂ ਨਜ਼ਰਬੰਦੀਆਂ ਤੋਂ ਬਾਅਦ ਅੱਜ ਮੁੜ ਕੌਮੀ ਰਾਜਧਾਨੀ ਵਿੱਚ ਰੋਸ ਪ੍ਰਗਟਾਇਆ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਵੱਲੋਂ ਦੁਪਹਿਰ ਦੇ ਖਾਣੇ ਦੀ ਮੀਟਿੰਗ ਤੋਂ ਬਾਅਦ ਵਿਰੋਧੀ ਧਿਰ ਦੇ ਆਗੂ ਰਾਜਘਾਟ ਪੁੱਜੇ।

ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਅਤੇ ਕਾਂਗਰਸ ਸੰਸਦ ਮੈਂਬਰ ਪ੍ਰਿਅੰਕਾ ਗਾਂਧੀ ਵਾਡਰਾ ਵੀ ਕਨਾਟ ਪਲੇਸ ਪਹੁੰਚੇ ਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖ਼ਿਲਾਫ਼ ਮੀਟਿੰਗ ਕੀਤੀ। ਰਾਸ਼ਟਰੀ ਜਨਤਾ ਦਲ ਦੇ ਸੁਧਾਰ ਸਿੰਘ, ਸਮਾਜਵਾਦੀ ਪਾਰਟੀ ਦੇ ਆਗੂ ਰਾਜੀਵ ਰਾਏ, ਤ੍ਰਿਣਮੂਲ ਕਾਂਗਰਸ ਦੇ ਸੰਸਦ ਮੈਂਬਰ ਅਤੇ ਇੰਡੀਆ ਗੱਠਜੋੜ ਦੀਆਂ ਹੋਰ ਪਾਰਟੀਆਂ ਦੇ ਨੁਮਾਇੰਦੇ ਵੀ ਮੀਟਿੰਗ ਵਿੱਚ ਸ਼ਾਮਲ ਹੋਏ।

ਇਹ ਕਾਰਵਾਈ ਅਜਿਹੇ ਸਮੇਂ ਹੋਈ ਜਦੋਂ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖ਼ਿਲਾਫ਼ ਵਿਰੋਧ ਪ੍ਰਦਰਸ਼ਨ ਤੀਜੇ ਦਿਨ ਵਿੱਚ ਦਾਖ਼ਲ ਹੋ ਗਿਆ ਹੈ। ਵਿਰੋਧੀ ਧਿਰ ਵੋਟਰ ਸੂਚੀਆਂ ਦੀ ਵਿਸ਼ੇਸ਼ ਮੁੜ ਸੁਧਾਈ ਤਹਿਤ ਬੇਨਿਯਮੀਆਂ ਅਤੇ ਵੋਟਾਂ ਦੀ ‘ਚੋਰੀ’ ਦੇ ਆਪਣੇ ਦੋਸ਼ਾਂ ਨੂੰ ਲੈ ਕੇ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਕਰ ਰਹੀ ਹੈ। ਦੁਪਹਿਰ ਦੇ ਖਾਣੇ ਦੀ ਮੀਟਿੰਗ ਖ਼ਤਮ ਹੋਣ ਤੋਂ ਬਾਅਦ ਇੰਡੀਆ ਗੱਠਜੋੜ ਦੇ ਆਗੂ ਤਿੰਨ ਬੱਸਾਂ ਵਿੱਚ ਸਵਾਰ ਹੋ ਕੇ ਰਾਜਘਾਟ ਸਥਿਤ ਗਾਂਧੀ ਸਮਾਰਕ ਲਈ ਰਵਾਨਾ ਹੋਏ। ਇੱਥੇ ਉਨ੍ਹਾਂ ਨੇ ਸ਼ਾਂਤਮਈ ਧਰਨਾ ਦੇਣ ਦੀ ਯੋਜਨਾ ਬਣਾਈ ਸੀ। ਕਾਂਗਰਸ ਦੇ ਵੱਡੀ ਗਿਣਤੀ ਵਿੱਚ ਕਾਰਕੁਨ ਹੱਥਾਂ ਵਿੱਚ ਪਾਰਟੀ ਦੇ ਝੰਡੇ ਲੈ ਕੇ ਬੱਸਾਂ ਦੇ ਨਾਲ ਚੱਲ ਰਹੇ ਸਨ।

ਖੜਗੇ ਨੇ ਕਿਹਾ ਕਿ ਸੰਸਦ ਮੈਂਬਰ ਰਾਜਘਾਟ ਸਥਿਤ ਸਮਾਰਕ ’ਤੇ ਇਕੱਠੇ ਹੋ ਕੇ ਚੁੱਪ ਬੈਠਣਗੇ ਅਤੇ ਭਾਜਪਾ ਸਰਕਾਰ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਲਈ ‘ਸਦਬੁੱਧੀ’ ਦੀ ਅਰਦਾਸ ਕਰਨਗੇ।

ਖੜਗੇ ਨੇ ਕਿਹਾ ਕਿ ਵਿਰੋਧੀ ਧਿਰ ਵੋਟਾਂ ਦੀ ‘ਚੋਰੀ’, ਵਧਦੀ ਮਹਿੰਗਾਈ ਅਤੇ ਦੇਸ਼ ਦੇ ਨੌਜਵਾਨਾਂ ਸਾਹਮਣੇ ਖੜ੍ਹੀਆਂ ਸਮੱਸਿਆਵਾਂ ਨੂੰ ਉਜਾਗਰ ਕਰਨਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਆਗੂ ਰਾਜਘਾਟ ’ਤੇ ਸ਼ਾਂਤਮਈ ਢੰਗ ਨਾਲ ਆਪਣਾ ਵਿਰੋਧ ਜਾਰੀ ਰੱਖਣਗੇ।

ਵਿਰੋਧੀ ਧਿਰ ਨਾਲ ਧੱਕਾ ਕੀਤਾ ਜਾ ਰਿਹੈ : ਰਾਹੁਲ

ਬੱਸਾਂ ਦੇ ਰਵਾਨਾ ਹੋਣ ਤੋਂ ਪਹਿਲਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਾਹੁਲ ਗਾਂਧੀ ਨੇ ਦੋਸ਼ ਲਾਇਆ ਕਿ ਦਿੱਲੀ ਵਿੱਚ ਵਿਰੋਧੀ ਧਿਰ ਨੂੰ ਕਿਤੇ ਵੀ ਪ੍ਰਦਰਸ਼ਨ ਨਹੀਂ ਕਰਨ ਦਿੱਤਾ ਜਾ ਰਿਹਾ। ਬੁੱਧਵਾਰ ਦੀ ਘਟਨਾ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਸੰਸਦ ਮੈਂਬਰਾਂ ਨੂੰ ਜੰਤਰ ਮੰਤਰ ਜਾਣ ਤੋਂ ਰੋਕਿਆ ਗਿਆ ਅਤੇ ਉਨ੍ਹਾਂ ਨਾਲ ਕਥਿਤ ਤੌਰ ’ਤੇ ਧੱਕਾ-ਮੁੱਕੀ ਕੀਤੀ ਗਈ। ਰਾਹੁਲ ਨੇ ਦੋਸ਼ ਲਾਇਆ ਕਿ ਨਰਿੰਦਰ ਮੋਦੀ ਅਤੇ ਅਮਿਤ ਸ਼ਾਹ ਨੇ ਲੋਕਤੰਤਰਿਕ ਪ੍ਰਕਿਰਿਆ ਨੂੰ ‘ਹਾਈਜੈਕ’ ਕਰ ਲਿਆ ਹੈ। ਉਨ੍ਹਾਂ ਨੇ ਵੋਟਾਂ ਦੀ ਕਥਿਤ ਚੋਰੀ ਦੇ ਦੋਸ਼ਾਂ ’ਤੇ ਕਾਰਵਾਈ ਦੀ ਮੰਗ ਵੀ ਦੁਹਰਾਈ।

ਨਵੀਂ ਲੀਡਰਸ਼ਿਪ ਨਾਲ ਮੈਦਾਨ ’ਚ ਉੱਤਰੀ ਪੰਜਾਬ ਕਾਂਗਰਸ

ਪ੍ਰਗਟ ਸਿੰਘ ਤੇ ਸਚਿਨ ਪਾਇਲਟ ਨੇ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋ ਕੇ ਲਿਆ ਆਸ਼ੀਰਵਾਦ

ਅੰਮ੍ਰਿਤਸਰ, 8 ਅਕਤੂਬਰ (ਪੈਗ਼ਾਮ-ਏ-ਜਗਤ)

ਪੰਜਾਬ ਕਾਂਗਰਸ ਦੇ ਨਵ-ਨਿਯੁਕਤ ਪ੍ਰਧਾਨ ਪ੍ਰਗਟ ਸਿੰਘ ਅਤੇ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਸਚਿਨ ਪਾਇਲਟ ਨੇ ਵੀਰਵਾਰ ਨੂੰ ਇੱਥੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਿਆ। ਦੋਵਾਂ ਆਗੂਆਂ ਨੇ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਦਿਆਂ ਆਸ਼ੀਰਵਾਦ ਪ੍ਰਾਪਤ ਕੀਤਾ।



ਇਸ ਫੇਰੀ ਦਾ ਮੁੱਖ ਮਕਸਦ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕਾਂਗਰਸ ਦੀ ਇੱਕਜੁੱਟਤਾ ਦਾ ਸੁਨੇਹਾ ਦੇਣਾ ਸੀ। ਇਸ ਮੌਕੇ ਵੱਖ-ਵੱਖ ਹਲਕਿਆਂ ਤੋਂ ਕਈ ਸੀਨੀਅਰ ਆਗੂ, ਮੌਜੂਦਾ ਤੇ ਸਾਬਕਾ ਵਿਧਾਇਕ, ਸਾਬਕਾ ਮੰਤਰੀ ਅਤੇ ਪਾਰਟੀ ਵਰਕਰ ਉਨ੍ਹਾਂ ਦੇ ਨਾਲ ਸਨ।

ਹਾਲਾਂਕਿ, ਪੰਜਾਬ ਕਾਂਗਰਸ ਦੇ ਸਾਬਕਾ ਪ੍ਰਧਾਨ ਤੇ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ, ਗੁਰਦਾਸਪੁਰ ਤੋਂ ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ, ਅੰਮ੍ਰਿਤਸਰ ਤੋਂ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਅਤੇ ਜਲੰਧਰ ਤੋਂ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਇਸ ਮੌਕੇ ਗੈਰ-ਹਾਜ਼ਰ ਰਹੇ, ਕਿਉਂਕਿ ਉਹ ਦਿੱਲੀ ਵਿੱਚ ਰਾਹੁਲ ਗਾਂਧੀ ਦੀ ਅਗਵਾਈ ਹੇਠ ਦਿੱਤੇ ਜਾ ਰਹੇ ਧਰਨੇ ਵਿੱਚ ਸ਼ਾਮਲ ਸਨ। ਇਸ ਤੋਂ ਪਹਿਲਾਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਨਵ-ਨਿਯੁਕਤ ਪ੍ਰਧਾਨ ਪਰਗਟ ਸਿੰਘ ਅਤੇ ਸਚਿਨ ਪਾਇਲਟ ਵੀਰਵਾਰ ਸਵੇਰੇ ਇੱਥੇ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ ’ਤੇ ਪਹੁੰਚੇ। ਇਸ ਮੌਕੇ ਪਾਰਟੀ ਅੰਦਰ ਤਾਕਤ ਅਤੇ ਏਕਤਾ ਦੇ ਪ੍ਰਦਰਸ਼ਨ ਵਜੋਂ ਉਨ੍ਹਾਂ ਦਾ ਸਵਾਗਤ ਕਰਨ ਲਈ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਅਤੇ ਵਰਕਰ ਇਕੱਠੇ ਹੋਏ।

ਹਵਾਈ ਅੱਡੇ ’ਤੇ ਕਾਂਗਰਸੀ ਵਰਕਰਾਂ ਦਾ ਇੱਕ ਉਤਸ਼ਾਹੀ ਇਕੱਠ ਦੇਖਣ ਨੂੰ ਮਿਲਿਆ, ਜਿਸ ਵਿੱਚ ਪਾਰਟੀ ਸਮਰਥਕ ਵੱਡੀ ਗਿਣਤੀ ਵਿੱਚ ਪਹੁੰਚੇ ਅਤੇ ਢੋਲ ਦੀਆਂ ਥਾਪਾਂ ਅਤੇ ਨਾਅਰੇਬਾਜ਼ੀ ਦੇ ਨਾਲ ਪਰਗਟ ਸਿੰਘ ਦਾ ਸਵਾਗਤ ਕੀਤਾ। ਕਈ ਸੀਨੀਅਰ ਆਗੂ ਅਤੇ ਸਾਬਕਾ ਵਿਧਾਇਕ ਵੀ ਆਪਣੇ ਸਮਰਥਕਾਂ ਸਮੇਤ ਹਵਾਈ ਅੱਡੇ ’ਤੇ ਪਹੁੰਚੇ। ਇਸ ਤੋਂ ਬਾਅਦ ਦਰਬਾਰ ਸਾਹਿਬ ਨਤਮਸਤਕ ਹੋਣ ਸਮੇਂ ਪਰਗਟ ਸਿੰਘ ਨੇ (ਬਾਕੀ ਸਫ਼ਾ 2 ’ਤੇ)

ਯੂ.ਪੀ.ਆਈ. ’ਤੇ 0.4 ਫੀਸਦੀ ਚਾਰਜ ਅਗਲੇ ਸਾਲ ਤੱਕ ਟਲਣ ਦੀ ਸੰਭਾਵਨਾ

• **15 ਅਕਤੂਬਰ ਤੋਂ ਲਾਗੂ ਹੋਣਾ ਸੀ 2 ਹਜ਼ਾਰ ਰੁਪਏ ਤੋਂ ਵੱਧ ਦੇ ਭੁਗਤਾਨ ’ਤੇ ਚਾਰਜ**



ਨਵੀਂ ਦਿੱਲੀ, 8 ਅਕਤੂਬਰ (ਪੈਗ਼ਾਮ-ਏ-ਜਗਤ)

ਯੂਪੀਆਈ ਰਾਹੀਂ ਭੁਗਤਾਨ ਕਰਨ ’ਤੇ ਲੱਗਣ ਵਾਲਾ ਚਾਰਜ ਫਿਲਹਾਲ ਟਲ ਸਕਦਾ ਹੈ। ਕੇਂਦਰ ਸਰਕਾਰ 15 ਅਕਤੂਬਰ ਤੋਂ 2 ਹਜ਼ਾਰ ਰੁਪਏ ਤੋਂ ਵੱਧ ਦੇ ਯੂ ਪੀ ਆਈ ਭੁਗਤਾਨ ’ਤੇ 0.4 ਫੀਸਦੀ ਮਰਚੈਂਟ ਡਿਸਕਾਊਂਟ ਰੇਟ ਲਾਗੂ ਕਰਨ ਦੀ ਤਿਆਰੀ ਕਰ ਰਹੀ ਸੀ ਪਰ ਹੁਣ ਇਸ ਨੂੰ ਅੱਗੇ ਪਾਉਣ ਦੀ ਸੰਭਾਵਨਾ ਹੈ।

ਜਾਣਕਾਰੀ ਅਨੁਸਾਰ ਤਿਉਹਾਰੀ ਸੀਜ਼ਨ ਦੌਰਾਨ ਦੁਕਾਨਦਾਰਾਂ ’ਤੇ ਵਾਧੂ ਬੋਝ ਨਾ ਪਵੇ, ਇਸ ਲਈ ਸਰਕਾਰ ਚਾਰਜ ਲਾਗੂ ਕਰਨ ਦੀ ਤਰੀਕ ਅੱਗੇ ਵਧਾਉਣ ’ਤੇ ਵਿਚਾਰ ਕਰ ਰਹੀ ਹੈ। ਸਰਕਾਰ ਵੱਲੋਂ ਅਧਿਕਾਰਤ ਫ਼ੈਸਲਾ ਅਗਲੇ ਕੁਝ ਦਿਨਾਂ ਵਿੱਚ ਆ ਸਕਦਾ ਹੈ। ਸੂਤਰਾਂ ਦੇ ਹਵਾਲੇ ਨਾਲ ਦੱਸਿਆ ਕਿ ਸਰਕਾਰ ਅਗਲੇ ਸਾਲ 1 ਜਨਵਰੀ ਤੋਂ ਨਵਾਂ ਨਿਯਮ ਲਾਗੂ ਕਰਨ ’ਤੇ ਵਿਚਾਰ ਕਰ ਰਹੀ ਹੈ।

ਯੂਪੀਆਈ ’ਤੇ ਮਰਚੈਂਟ ਚਾਰਜ ਟਲਣ ਦੀ ਖ਼ਬਰ ਦਾ ਅਸਰ ਸ਼ੇਅਰ ਬਾਜ਼ਾਰ ਵਿੱਚ ਸੂਚੀਬੱਧ ਫਿਨਟੈੱਕ ਕੰਪਨੀਆਂ ’ਤੇ ਵੀ ਦਿਖਾਈ ਦਿੱਤਾ। ਪੇਟੀਐੱਮ ਦਾ ਸ਼ੇਅਰ ਕਾਰੋਬਾਰ ਦੌਰਾਨ ਇੱਕ ਸਮੇਂ 10 ਫੀਸਦੀ ਤੱਕ ਡਿੱਗ ਕੇ 1,561 ਰੁਪਏ ਦੇ ਪੱਧਰ ’ਤੇ ਆ ਗਿਆ। ਹਾਲਾਂਕਿ ਬਾਜ਼ਾਰ ਬੰਦ ਹੋਣ ਤੱਕ ਕੁਝ ਸੁਧਾਰ ਹੋਇਆ ਅਤੇ ਸ਼ੇਅਰ 5.42 ਫੀਸਦੀ ਦੀ ਗਿਰਾਵਟ ਨਾਲ 1,640 ਰੁਪਏ ’ਤੇ ਬੰਦ ਹੋਇਆ।

ਮੋਬੀਕਵਿਕ ਦਾ ਸ਼ੇਅਰ ਵੀ 8.43 ਫੀਸਦੀ ਡਿੱਗ ਕੇ 235 ਰੁਪਏ ਤੱਕ ਪਹੁੰਚ ਗਿਆ ਅਤੇ ਬਾਅਦ ਵਿੱਚ 4.57 ਫੀਸਦੀ ਦੀ ਗਿਰਾਵਟ ਨਾਲ 245 ਰੁਪਏ ’ਤੇ ਬੰਦ ਹੋਇਆ। ਪਾਈਨ ਲੈਬਜ਼ ਦਾ ਸ਼ੇਅਰ 169 ਰੁਪਏ ਦੇ ਹੇਠਲੇ ਪੱਧਰ ਨੂੰ (ਬਾਕੀ ਸਫ਼ਾ 2 ’ਤੇ)

ਅਮਰੀਕਾ ਵੱਲੋਂ ਮਾਈਕਰੋਸਾਫਟ ਦੇ ਵਿਦੇਸ਼ੀ ਕਾਮਿਆਂ ਨੂੰ ਗਰੀਨ ਕਾਰਡ ਦੇਣ ’ਤੇ ਰੋਕ

ਵਾਸ਼ਿੰਗਟਨ, 8 ਅਕਤੂਬਰ (ਪੈਗ਼ਾਮ-ਏ-ਜਗਤ)

ਅਮਰੀਕਾ ਨੇ ਮਾਈਕਰੋਸਾਫਟ ਦਾ ਗਰੀਨ ਕਾਰਡ ਵਾਲਾ ਪ੍ਰੋਗਰਾਮ ਰੋਕ ਦਿੱਤਾ ਹੈ। ਇਸ ਨਾਲ ਮਾਈਕਰੋਸਾਫਟ ਨੂੰ ਹੁਨਰਮੰਦ ਵਿਦੇਸ਼ੀ ਕਾਮਿਆਂ ਨੂੰ ਸਥਾਈ ਨਿਵਾਸ ਜਾਂ ਗਰੀਨ ਕਾਰਡ ਦਿਵਾਉਣ ਵਾਲੇ ਪ੍ਰੋਗਰਾਮ ਤੋਂ ਮੁਅੱਤਲ ਕਰ ਦਿੱਤਾ ਹੈ। ਅਮਰੀਕਾ ਦੇ ਉਪ ਰਾਸ਼ਟਰਪਤੀ ਜੇਡੀ ਵੈਂਸ ਨੇ ਵੀਰਵਾਰ ਨੂੰ ਇਹ ਜਾਣਕਾਰੀ ਦਿੰਦਿਆਂ ਕਥਿਤ ਧੋਖਾਧੜੀ ਦਾ ਹਵਾਲਾ ਦਿੱਤਾ। ਅਮਰੀਕਾ ਨੇ ਕੌਗਨਿਜ਼ੈਂਟ, ਇਨਫੋਸਿਸ, ਟਾਟਾ, ਵਿਪਰੋ, ਕੈਪਜੈਮਿਨੀ ਅਤੇ ਐੱਚਸੀਐੱਲ ਨੂੰ ਵੀ ਸਥਾਈ ਰੁਜ਼ਗਾਰ ਸਰਟੀਫਿਕੇਸ਼ਨ ਪ੍ਰੋਗਰਾਮ ਤੋਂ ਮੁਅੱਤਲ ਕਰਨ ਦਾ ਐਲਾਨ ਕੀਤਾ ਹੈ। ਇਸ ਕਾਰਵਾਈ ਨਾਲ ਇਨ੍ਹਾਂ ਕੰਪਨੀਆਂ ਵਿੱਚ ਕੰਮ ਕਰ ਰਹੇ ਉਨ੍ਹਾਂ ਵਿਦੇਸ਼ੀ ਕਾਮਿਆਂ ਦੀ ਗ੍ਰੀਨ ਕਾਰਡ ਪ੍ਰਕਿਰਿਆ ਪ੍ਰਭਾਵਿਤ ਹੋ ਸਕਦੀ ਹੈ, ਜਿਨ੍ਹਾਂ ਲਈ ਨਵੀਂ ਲੇਬਰ ਸਰਟੀਫਿਕੇਸ਼ਨ ਦੀ ਲੋੜ ਹੈ। ਇਹ ਕਾਰਵਾਈ ਅਜਿਹੇ (ਬਾਕੀ ਸਫ਼ਾ 2 ’ਤੇ)



ਜਥੇਦਾਰ ਗੜਗੱਜ ਵੱਲੋਂ ਗੁਰੂ ਘਰਾਂ ਨੇੜੇ ਨਜਾਇਜ਼ ਕਬਜ਼ਿਆਂ ਖ਼ਿਲਾਫ਼ ਕਾਰਵਾਈ ਦੇ ਆਦੇਸ਼

• **ਸ਼੍ਰੋਮਣੀ ਕਮੇਟੀ ਨੂੰ ਦਿੱਤੇ ਨਜਾਇਜ਼ ਕਬਜ਼ੇ ਰੋਕਣ ਤੇ ਏ-ਆਈ ਦੀ ਦੁਰਵਰਤੋਂ ਤੋਂ ਬਚਣ ਦੇ ਹੁਕਮ**

ਅੰਮ੍ਰਿਤਸਰ, 8 ਅਕਤੂਬਰ (ਪੈਗ਼ਾਮ-ਏ-ਜਗਤ)

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਲੁਧਿਆਣਾ ਜ਼ਿਲ੍ਹੇ ਦੇ ਇਤਿਹਾਸਕ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾਤਸ਼ਾਹੀ ਦਸਵੀਂ, ਆਲਮਗੀਰ ਦੇ ਲੰਗਰ ਹਾਲ ’ਤੇ ਕੁਝ ਲੋਕਾਂ ਵੱਲੋਂ ਇੱਟਾਂ-ਰੋੜਿਆਂ ਨਾਲ ਕੀਤੇ ਹਮਲੇ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਮੁਲਜ਼ਮਾਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ।

ਉਨ੍ਹਾਂ ਦੱਸਿਆ ਕਿ ਗੁਰਦੁਆਰਾ ਪ੍ਰਬੰਧਕਾਂ, ਸਥਾਨਕ ਸ਼੍ਰੋਮਣੀ ਕਮੇਟੀ ਮੈਂਬਰਾਂ ਅਤੇ ਸਿੱਖ ਆਗੂਆਂ ਨੇ ਮੁਲਜ਼ਮਾਂ ਨੂੰ ਜੇਲ੍ਹ ਭਿਜਵਾ ਕੇ ਕਬਜ਼ੇ ਖਾਲੀ ਕਰਵਾ ਦਿੱਤੇ ਹਨ, ਪਰ ਇਸ ਘਟਨਾ ਪਿੱਛੇ ਕੰਮ ਕਰਦੀ ਮਾਨਸਿਕਤਾ ਪੰਜਾਬ ਦੀ ਭਾਈਚਾਰਕ ਸਾਂਝ ਲਈ ਚਿੰਤਾਜਨਕ ਹੈ। ਸੂਬਾ ਸਰਕਾਰ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਕੋਈ ਵੀ ਬਾਹਰੀ ਵਿਅਕਤੀ ਗ਼ੈਰ-ਕਾਨੂੰਨੀ ਕਬਜ਼ੇ ਨਾ ਕਰੇ। ਉਨ੍ਹਾਂ ਇਸ ਨੂੰ ਲੁਧਿਆਣਾ ਜ਼ਿਲ੍ਹਾ ਪ੍ਰਸ਼ਾਸਨ ਦੀ ਵੱਡੀ ਅਣਗਹਿਲੀ ਕਰਾਰ ਦਿੱਤਾ। ਜਥੇਦਾਰ ਗੜਗੱਜ ਨੇ ਸ਼੍ਰੋਮਣੀ ਕਮੇਟੀ ਪਾਸੋਂ ਸਮੁੱਚੀ ਰਿਪੋਰਟ ਮੰਗਦਿਆਂ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਅਤੇ ਪੁਲੀਸ ਕਮਿਸ਼ਨਰ ਨੂੰ ਪੱਤਰ ਲਿਖ ਕੇ ਸਖ਼ਤ (ਬਾਕੀ ਸਫ਼ਾ 2 ’ਤੇ)

ਭਾਰਤ-ਪਾਕਿ ਸਰਹੱਦ ’ਤੇ 20 ਕਿਲੋ ਹੈਰੋਇਨ ਦੇ ਨਾਲ ਪਾਕਿਸਤਾਨੀ ਝਾਂਜਰਾਂ ਬਰਾਮਦ

ਡਰੋਨ ਰਾਹੀਂ ਸੁੱਟੀ ਗਈ ਸੀ ਖੇਪ; ਪੁਲੀਸ ਜਾਂਚ ਵਿੱਚ ਜੁੱਟੀ

ਫ਼ਿਰੋਜ਼ਪੁਰ, ()

ਭਾਰਤ-ਪਾਕਿਸਤਾਨ ਸਰਹੱਦ ਦੇ ਨਾਲ ਲੱਗਦੀ ਸਰਹੱਦੀ ਚੌਕੀ (ਬੀ ਓ ਪੀ) ਪੱਛਰੀਆਂ ਨੇੜੇ ਪੰਜਾਬ ਪੁਲੀਸ ਅਤੇ ਬੀ ਐੱਸ ਐਫ ਦੇ ਇੱਕ ਸਾਂਝੇ ਅਭਿਆਨ ਦੌਰਾਨ ਨਸ਼ੀਲੇ ਪਦਾਰਥਾਂ ਦੀ ਖੇਪ ਦੇ ਨਾਲ ਇੱਕ ‘ਅਨੋਖੀ’ ਵਸਤੂ ਬਰਾਮਦ ਕੀਤੀ ਗਈ ਹੈ। ਸੁਰੱਖਿਆ ਬਲਾਂ ਨੇ ਇੱਕ ਸੰਤਰੀ ਰੰਗ ਦੇ ਬੈਗ ਵਿੱਚੋਂ ਚਾਂਦੀ ਦੀਆਂ ਝਾਂਜਰਾਂ ਦੇ ਤਿੰਨ ਜੋੜੇ ਬਰਾਮਦ ਕੀਤੇ ਹਨ, ਜੋ ਆਮ ਤੌਰ ’ਤੇ ਔਰਤਾਂ ਦੁਆਰਾ ਪਹਿਨੀਆਂ ਜਾਂਦੀਆਂ ਹਨ। ਚਾਂਦੀ ਦੇ ਗਹਿਣਿਆਂ ਵਾਲੇ ਇਸ ਬੈਗ ਉੱਤੇ ‘ਅਲੀ ਵਕਾਰ ਜਵੈਲਰਜ਼, ਮੇਨ ਬਾਜ਼ਾਰ, ਕਸੂਰ (ਪਾਕਿਸਤਾਨ)’ ਦਾ ਨਾਮ ਲਿਖਿਆ ਹੋਇਆ ਸੀ।

ਇਸ ਤੋਂ ਇਲਾਵਾ, ਪੁਲੀਸ ਅਤੇ ਬੀ ਐੱਸ ਐਫ ਦੀ ਟੀਮ ਨੇ ਜੂਟ ਦੇ ਇੱਕ ਬੋਰੇ ਵਿੱਚੋਂ 20.298 ਕਿਲੋਗ੍ਰਾਮ ਹੈਰੋਇਨ ਵਾਲੇ 20 ਪੈਕੇਟ, ਕੁਝ ਰਾਡਾਂ (ਸਰੀਏ), ਪਲਾਸ ਅਤੇ ਲੋਹੇ ਦੀਆਂ ਦੋ ਤਾਰਾਂ ਵੀ ਜ਼ਬਤ ਕੀਤੀਆਂ ਹਨ। ਦੱਸਿਆ ਜਾ ਰਿਹਾ ਹੈ ਕਿ ਇਹ ਪੂਰੀ ਖੇਪ ਭਾਰਤੀ ਖੇਤਰ ਦੇ ਅੰਦਰ ਆਏ ਡਰੋਨਾਂ ਦੀ ਮਦਦ ਨਾਲ ਸੁੱਟੀ ਗਈ ਸੀ ਅਤੇ ਬਾਕੀ ਸਾਮਾਨ ਨਸ਼ਾ ਤਸਕਰਾਂ ਦੁਆਰਾ ਮੌਕੇ ’ਤੇ ਹੀ ਛੱਡ ਦਿੱਤਾ ਗਿਆ ਸੀ।

ਇਸ ਸਬੰਧੀ ਹੋਰ ਜਾਣਕਾਰੀ ਸਾਂਝੀ ਕਰਦਿਆਂ, ਐੱਸ ਐੱਸ ਪੀ ਭੁਪਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਇੱਕ ਗੁਪਤ ਸੂਚਨਾ ਦੇ ਆਧਾਰ ’ਤੇ, ਪੁਲੀਸ ਅਤੇ ਬੀ ਐੱਸ ਐੱਫ ਦੀ 99 ਬਟਾਲੀਅਨ ਦੇ ਜਵਾਨਾਂ ਵੱਲੋਂ ਇੱਕ ਸਾਂਝਾ ਤਲਾਸ਼ੀ ਅਭਿਆਨ ਚਲਾਇਆ ਗਿਆ ਸੀ, ਜਿਸ ਦੌਰਾਨ ਬੀ ਓ ਪੀ ਪੱਛਰੀਆਂ ਦੇ ਨੇੜੇ ਪਿੰਡ ਪੱਧਰੀ ਦੇ ਖੇਤਾਂ ਵਿੱਚੋਂ ਇਹ ਖੇਪ ਬਰਾਮਦ ਕੀਤੀ ਗਈ।

ਸੂਤਰਾਂ ਨੇ ਦੱਸਿਆ ਕਿ ਹੈਰੋਇਨ ਅਤੇ ਹੋਰ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਭਾਵੇਂ ਇੱਕ ਆਮ ਗੱਲ ਹੈ, ਪਰ ਇਹ ਪਹਿਲੀ ਵਾਰ ਹੈ ਕਿ ਕੁਝ ਗਹਿਣੇ ਬਰਾਮਦ ਕੀਤੇ ਗਏ ਹਨ, ਜੋ ਸ਼ਾਇਦ ਭਾਰਤੀ ਨਸ਼ਾ ਤਸਕਰਾਂ ਵੱਲੋਂ ਮੰਗੇ ਗਏ ਹੋਣ ਜਾਂ (ਬਾਕੀ ਸਫ਼ਾ 2 ’ਤੇ)

ਸਾਊਦੀ ਹਵਾਈ ਅੱਡਿਆਂ ’ਤੇ ਹੂਤੀ ਹਮਲਾ; 3 ਦੀ ਮੌਤ

▪ **ਡਰੋਨ ਅਤੇ ਮਿਜ਼ਾਈਲ ਹਮਲਿਆਂ ਵਿੱਚ 36 ਲੋਕ ਜ਼ਖ਼ਮੀ; ਜਵਾਬੀ ਕਾਰਵਾਈ ਵਜੋਂ ਸਾਊਦੀ ਹਵਾਈ ਹਮਲਿਆਂ ਨੇ ਹੂਤੀਆਂ ਦੇ 80 ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ**

ਰਿਆਦ, ()

ਹੂਤੀ ਬਾਗੀਆਂ ਨੇ ਸਾਊਦੀ ਅਰਬ ਦੇ ਦੋ ਹਵਾਈ ਅੱਡਿਆਂ ’ਤੇ ਡਰੋਨ ਅਤੇ ਮਿਜ਼ਾਈਲ ਹਮਲੇ ਕੀਤੇ, ਜਿਸ ਦੇ ਨਤੀਜੇ ਵਜੋਂ ਤਿੰਨ ਲੋਕਾਂ ਦੀ ਮੌਤ ਹੋ ਗਈ ਅਤੇ 36 ਜ਼ਖ਼ਮੀ ਹੋ ਗਏ। ਸਾਊਦੀ ਅਰਬ ਦੀ ਜਨਰਲ ਅਥਾਰਟੀ ਆਫ਼ ਸਿਵਲ ਏਵੀਏਸ਼ਨ (7131) ਨੇ ਬੁੱਧਵਾਰ ਨੂੰ ਇਸ ਬਾਰੇ ਜਾਣਕਾਰੀ ਦਿੱਤੀ। ਅਭਾ ਅੰਤਰਰਾਸ਼ਟਰੀ ਹਵਾਈ ਅੱਡੇ ਅਤੇ ਰਿਆਦ ਦੇ ਕਿੰਗ ਖਾਲਿਦ ਅੰਤਰਰਾਸ਼ਟਰੀ ਹਵਾਈ ਅੱਡੇ ਨੂੰ ਕ੍ਰਮਵਾਰ 6 ਅਤੇ 7 ਅਕਤੂਬਰ ਨੂੰ ਨਿਸ਼ਾਨਾ ਬਣਾਇਆ ਗਿਆ ਸੀ। ਹੂਤੀ ਬਾਗੀਆਂ ਨੇ ਦੋਵਾਂ ਹਮਲਿਆਂ ਦੀ ਜ਼ਿੰਮੇਵਾਰੀ ਲਈ ਹੈ। ਇਸ ਦੌਰਾਨ, ਯਮਨ ਵਿੱਚ ਸਾਊਦੀ-ਅਗਵਾਈ ਵਾਲੇ ਗੱਠਜੋੜ ਨੇ ਕਿਹਾ ਕਿ ਉਸਨੇ ਹੂਤੀਆਂ ਦੇ 80 ਤੋਂ ਵੱਧ ਫੌਜੀ ਟਿਕਾਣਿਆਂ ’ਤੇ ਜਵਾਬੀ ਹਮਲੇ ਕੀਤੇ ਹਨ। ਸੋਸ਼ਲ ਮੀਡੀਆ ’ਤੇ ਇੱਕ ਵੀਡੀਓ ਵਾਇਰਲ ਹੋ ਰਹੀ ਹੈ ਜਿਸ ਵਿੱਚ ਸਾਊਦੀ ਹਵਾਈ ਅੱਡੇ ’ਤੇ ਮਿਜ਼ਾਈਲ ਹਮਲਾ ਦਿਖਾਇਆ ਗਿਆ ਹੈ। ਅਭਾ ਹਵਾਈ ਅੱਡੇ ’ਤੇ ਹੋਏ ਹਮਲੇ ਵਿੱਚ ਦੋ ਮਹਿਲਾ ਨਾਗਰਿਕਾਂ—ਇੱਕ ਮੋਰੱਕੋ ਦੀ ਅਤੇ ਇੱਕ ਅਲਜੀਰੀਆ ਦੀ—ਦੀ ਮੌਤ ਹੋ ਗਈ, ਜਦਕਿ 28 ਲੋਕ ਜ਼ਖ਼ਮੀ ਹੋ ਗਏ; ਜ਼ਖ਼ਮੀਆਂ (ਬਾਕੀ ਸਫ਼ਾ 2 ’ਤੇ)

ਦੇਸ਼-ਸੇਵਾ ਨੂੰ ਸਮਰਪਿਤ 25 ਬੇਮਿਸਾਲ ਸਾਲ, ਵਿਕਸਿਤ ਭਾਰਤ ਦੇ ਸੰਕਲਪ ਨਾਲ ਅੱਗੇ ਵੱਧ ਰਿਹਾ ਪੰਜਾਬ

ਚੰਡੀਗੜ੍ਹ, 8 ਅਕਤੂਬਰ (ਪੈ.ਗਾਮ-ਏ-ਜਗਤ)



ਦੇਸ਼ ਦੇ ਮਾਨਯੋਗ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਜੀ ਦੇ ਲੋਕ-ਸੇਵਾ ਅਤੇ ਸੁਸ਼ਾਸਨ ਦੇ 25 ਸਾਲ ਪੂਰੇ ਹੋਣ ਦੇ ਮੌਕੇ 'ਤੇ ਭਾਰਤੀ ਜਨਤਾ ਪਾਰਟੀ ਵੱਲੋਂ ਚਲਾਏ ਜਾ ਰਹੇ 'ਸੇਵਾ ਸੰਕਲਪ ਅਭਿਆਨ' ਤਹਿਤ ਆਯੋਜਿਤ 'ਵਿਕਸਿਤ ਭਾਰਤ ਸੰਕਲਪ ਸਫ਼ਰ' ਵਿੱਚ ਸ਼ਿਰਕਤ ਕਰਨ ਦਾ ਮੌਕਾ ਮਿਲਿਆ। ਇਸ ਮੌਕੇ ਮਾਨਯੋਗ ਰਾਜਸਥਾਨ ਭਾਜਪਾ ਦੇ ਪ੍ਰਧਾਨ ਨਿਤਿਨ ਨਬੀਨ ਜੀ ਅਤੇ ਮਾਨਯੋਗ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਜੀ ਦੇ ਪ੍ਰੇਰਨਾਦਾਇਕ ਸੰਦੇਸ਼ ਸੁਣਨ ਦਾ ਮੌਕਾ ਮਿਲਿਆ।

ਉਨ੍ਹਾਂ ਵੱਲੋਂ ਦੇਸ਼ ਦੀ ਤਰੱਕੀ, ਸੁਸ਼ਾਸਨ, ਗਰੀਬ-ਕਲਿਆਣ ਅਤੇ ਆਤਮਨਿਰਭਰ ਭਾਰਤ ਦੇ ਨਿਰਮਾਣ ਲਈ ਕੀਤੇ ਜਾ ਰਹੇ ਯਤਨਾਂ ਬਾਰੇ ਵਿਚਾਰ ਸਾਂਝੇ ਕੀਤੇ ਗਏ। ਇਸ ਮੌਕੇ ਸੰਬੋਧਨ ਕਰਦਿਆਂ ਸੁਖਵਿੰਦਰ ਸਿੰਘ ਗੋਲਡੀ, ਸਹਿ ਕੈਸ਼ੀਅਰ ਪੰਜਾਬ ਭਾਜਪਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਜੀ ਦੀ ਅਗਵਾਈ ਹੇਠ ਪਿਛਲੇ 25 ਸਾਲਾਂ ਦੀ ਲੋਕ-ਸੇਵਾ ਨੇ ਭਾਰਤ ਦੀ ਵਿਕਾਸ ਯਾਤਰਾ ਨੂੰ ਨਵੀਂ ਦਿਸ਼ਾ ਦਿੱਤੀ ਹੈ। ਮੋਦੀ ਜੀ ਨੇ ਦੇਸ਼ ਦੇ ਆਮ ਨਾਗਰਿਕ ਨੂੰ ਵਿਕਾਸ ਦੀ ਮੁੱਖ ਧਾਰਾ ਨਾਲ ਜੋੜਨ, ਗਰੀਬਾਂ ਦੀ ਭਲਾਈ, ਨੌਜਵਾਨਾਂ ਨੂੰ ਮੌਕੇ ਪ੍ਰਦਾਨ ਕਰਨ, ਮਹਿਲਾ ਸਸ਼ਕਤੀਕਰਨ ਅਤੇ ਦੇਸ਼ ਨੂੰ ਵਿਸ਼ਵ ਪੱਧਰ 'ਤੇ ਮਜ਼ਬੂਤ ਬਣਾਉਣ ਲਈ ਲਗਾਤਾਰ ਕੰਮ ਕੀਤਾ ਹੈ।

ਉਨ੍ਹਾਂ ਕਿਹਾ ਕਿ 'ਵਿਕਸਿਤ ਭਾਰਤ-2047' ਸਿਰਫ਼ ਇੱਕ ਸੁਪਨਾ ਨਹੀਂ, ਸਗੋਂ ਹਰ ਭਾਰਤੀ ਦੀ ਭਾਗੀਦਾਰੀ ਨਾਲ ਪੂਰਾ ਕੀਤਾ ਜਾਣ ਵਾਲਾ ਇੱਕ ਰਾਸ਼ਟਰੀ ਸੰਕਲਪ ਹੈ। ਇਸ ਸੰਕਲਪ ਨੂੰ ਸਾਕਾਰ ਕਰਨ ਲਈ ਦੇਸ਼ ਦੇ ਹਰ ਵਰਗ ਅਤੇ ਹਰ ਖੇਤਰ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਹੋਵੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਵੀ ਵਿਕਸਿਤ ਭਾਰਤ ਦੇ ਇਸ ਸਫ਼ਰ ਵਿੱਚ ਅਹਿਮ ਭੂਮਿਕਾ ਨਿਭਾਉਣ ਲਈ ਪੂਰੀ ਤਰ੍ਹਾਂ ਤਿਆਰ ਹੈ। ਪੰਜਾਬ ਦੀ ਨੌਜਵਾਨ ਸ਼ਕਤੀ, ਕਿਸਾਨ, ਵਪਾਰੀ, ਉਦਯੋਗਪਤੀ, ਮਹਿਲਾਵਾਂ ਅਤੇ ਮਿਹਨਤੀ ਲੋਕ ਸੂਬੇ ਨੂੰ ਵਿਕਾਸ ਦੀਆਂ ਨਵੀਆਂ ਉਚਾਈਆਂ 'ਤੇ ਲਿਜਾਣ ਦੀ ਸਮਰੱਥਾ ਰੱਖਦੇ ਹਨ।

ਉਨ੍ਹਾਂ ਅੱਗੇ ਕਿਹਾ ਕਿ ਭਾਜਪਾ ਦਾ ਮੂਲ ਮੰਤਰ 'ਸੇਵਾ, ਸੁਸ਼ਾਸਨ ਅਤੇ ਗਰੀਬ ਕਲਿਆਣ' ਹੈ। 'ਸੇਵਾ ਸੰਕਲਪ ਅਭਿਆਨ' ਰਾਹੀਂ ਪਾਰਟੀ ਵਰਕਰਾਂ ਅਤੇ ਆਮ ਲੋਕਾਂ ਨੂੰ ਪ੍ਰਧਾਨ ਮੰਤਰੀ ਜੀ ਦੇ ਵਿਕਸਿਤ ਭਾਰਤ ਦੇ ਸੰਕਲਪ ਨਾਲ ਜੋੜਿਆ ਜਾ ਰਿਹਾ ਹੈ ਅਤੇ ਲੋਕਾਂ ਨੂੰ ਦੇਸ਼ ਦੀ ਤਰੱਕੀ ਵਿੱਚ ਆਪਣੀ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।

ਸੁਖਵਿੰਦਰ ਸਿੰਘ ਗੋਲਡੀ ਨੇ ਕਿਹਾ ਕਿ 2047 ਤੱਕ ਵਿਕਸਿਤ ਭਾਰਤ ਦੇ ਨਿਰਮਾਣ ਲਈ ਅੱਜ ਤੋਂ ਹੀ ਮਜ਼ਬੂਤ ਸੰਕਲਪ ਅਤੇ ਲਗਾਤਾਰ ਮਿਹਨਤ ਦੀ ਲੋੜ ਹੈ। ਭਾਰਤੀ ਜਨਤਾ ਪਾਰਟੀ ਦਾ ਹਰ ਵਰਕਰ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਜੀ ਦੇ ਇਸ ਵਿਜ਼ਨ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਪੰਜਾਬ ਨੂੰ ਵਿਕਾਸ ਦੀ ਮੁੱਖ ਧਾਰਾ ਨਾਲ ਜੋੜਨ ਲਈ ਪੂਰੀ ਨਿਸ਼ਠਾ ਨਾਲ ਕੰਮ ਕਰੇਗਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਜੀ ਦੀ ਅਗਵਾਈ ਹੇਠ ਭਾਰਤ ਅੱਜ ਨਵੀਂ ਉਮੀਦ, ਨਵੀਂ ਊਰਜਾ ਅਤੇ ਨਵੇਂ ਸੰਕਲਪ ਨਾਲ ਅੱਗੇ ਵੱਧ ਰਿਹਾ ਹੈ। 'ਵਿਕਸਿਤ ਭਾਰਤ-2047' ਦਾ ਸੁਪਨਾ ਹਰ ਭਾਰਤੀ ਦਾ ਸੁਪਨਾ ਹੈ ਅਤੇ ਇਸਨੂੰ ਸਾਕਾਰ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਇਸ ਮੌਕੇ ਜ਼ਿਲ੍ਹਾ ਜਰਨਲ ਸਕੱਤਰ ਸ਼੍ਰੀ ਜਗਦੀਪ ਸਿੰਘ ਔਜਲਾ ਜੀ, ਸਰਕਲ ਪ੍ਰਧਾਨ ਸ਼੍ਰੀ ਰਕੇਸ਼ ਗੁਪਤਾ ਜੀ, ਸ਼੍ਰੀ ਕੁਸ਼ ਰਾਣਾ ਜੀ, ਸ਼੍ਰੀ ਰਜਿੰਦਰ ਸ਼ਰਮਾ ਜੀ, ਸ਼੍ਰੀਮਤੀ ਪ੍ਰੀਤੀ ਰਾਣਾ ਜੀ ਸਮੇਤ ਭਾਜਪਾ ਦੇ ਸੀਨੀਅਰ ਆਗੂ, ਅਹੁਦੇਦਾਰ ਅਤੇ ਸਮਰਪਿਤ ਵਰਕਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ ਅਤੇ ਦੇਸ਼-ਸੇਵਾ, ਸੁਸ਼ਾਸਨ ਅਤੇ ਵਿਕਸਿਤ ਭਾਰਤ ਦੇ ਨਿਰਮਾਣ ਲਈ ਆਪਣੇ ਸੰਕਲਪ ਨੂੰ ਹੋਰ ਮਜ਼ਬੂਤ ਕੀਤਾ।

ਹਰਿਆਣਾ ਸਾਹਿਤ ਅਤੇ ਸੰਸਕ੍ਰਿਤੀ ਅਕੈਡਮੀ ਨੇ ਪੁਆਧੀ ਪੰਜਾਬੀ ਕਵੀ ਦਰਬਾਰ ਕਰਵਾਇਆ

ਪੈ.ਗਾਮ-ਏ-ਜਗਤ/ਅੰਬਾਲਾ 8 ਅਕਤੂਬਰ (ਆਰ.ਸਿੰਘ)



ਹਰਿਆਣਾ ਸਾਹਿਤ ਅਤੇ ਸੰਸਕ੍ਰਿਤੀ ਅਕਾਦਮੀ (ਹਰਿਆਣਾ ਸਰਕਾਰ) ਵੱਲੋਂ ਅੱਜ ਅਕਾਦਮੀ ਭਵਨ, ਸੈਕਟਰ-14, ਪੰਚਕੂਲਾ ਵਿਖੇ ਪੁਆਧੀ ਪੰਜਾਬੀ ਕਵੀ ਦਰਬਾਰ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਪੁਆਧ ਖੇਤਰ ਦੇ ਪ੍ਰਮੁੱਖ ਕਵੀਆਂ ਨੇ ਆਪਣੀਆਂ ਕਵਿਤਾਵਾਂ ਦੀ ਸਰੋਤਿਆਂ ਨਾਲ ਸਾਂਝ ਪਾਈ। ਇਸ ਮੌਕੇ ਪ੍ਰਧਾਨਗੀ ਮੰਡਲ ਵਿਚ ਡਾ. ਅਨੁਕੰਪਾ ਗਰਗ ਮੈਂਬਰ ਮਹਿਲਾ ਕਮਿਸ਼ਨ, ਹਰਿਆਣਾ, ਹਰਿਆਣਾ ਸਾਹਿਤ ਅਤੇ ਸੰਸਕ੍ਰਿਤੀ ਅਕੈਡਮੀ ਦੇ ਕਾਰਜਕਾਰੀ ਚੇਅਰਮੈਨ ਡਾ. ਕੁਲਦੀਪ ਚੰਦ ਅਗਨੀਹੋਤਰੀ, ਪੰਜਾਬੀ ਸੈੱਲ ਦੇ ਡਾਇਰੈਕਟਰ ਹਰਪਾਲ ਸਿੰਘ ਚੀਕਾ, ਸੰਸਕ੍ਰਿਤ ਸੈੱਲ ਦੇ ਡਾਇਰੈਕਟਰ ਸੀਡੀਐਸ ਕੌਸ਼ਲ, ਅਕੈਡਮੀ ਦੇ ਮੈਂਬਰ ਸੈਕਟਰੀ ਮਨਜੀਤ ਸਿੰਘ, ਗੁਰਮੀਤ ਸਿੰਘ ਰਾਮਸਰ ਮੈਂਬਰ ਹਰਿਆਣਾ ਗੁਰਦੁਆਰਾ ਮੈਨੇਜਮੈਂਟ ਕਮੇਟੀ, ਲਖਵਿੰਦਰ ਸਿੰਘ ਗਰੇਵਾਲ ਪ੍ਰਧਾਨ ਰਾਜਾ ਅਜੀਤ ਸਿੰਘ ਮੈਮੋਰੀਅਲ ਟਰੱਸਟ ਕੁਰੂਕਸ਼ੇਤਰ ਸ਼ਾਮਲ ਸਨ।

ਇਸ ਕਵੀ ਦਰਬਾਰ ਵਿਚ ਜ਼ੈਲਦਾਰ ਸਿੰਘ ਹਸਮੁਖ ਪ੍ਰਧਾਨ ਪੰਜਾਬੀ ਸਾਹਿਤ ਸਭਾ, ਡੇਰਾ ਬਸੀ, ਡਾ. ਰਤਨ ਸਿੰਘ ਢਿੱਲੋਂ, ਡਾ. ਸੁਦਰਸ਼ਨ ਗਾਸੋ, ਡਾ. ਬਲਵਾਨ ਸਿੰਘ ਔਜਲਾ, ਡਾ. ਚਰਨਜੀਤ ਕੌਰ, ਡਾ. ਜਗਪਾਲ, ਪ੍ਰਿੰਸੀਪਲ ਬ੍ਰਿਜ ਭੂਸ਼ਣ ਸ਼ਰਮਾ, ਧਰਮ ਸਿੰਘ ਭਾਂਖਰਪੁਰ, ਨਿੰਦੀ ਈਸਾਪੁਰ ਵਾਲਾ, ਗੁਰਦਾਸ ਸਿੰਘ ਦਾਸ, ਸਤੀਸ਼ ਵਿਦਰੋਹੀ ਆਦਿ ਕਵੀਆਂ ਨੇ ਆਪਣੀਆਂ ਪੁਆਧੀ ਰਚਨਾਵਾਂ ਰਾਹੀਂ ਨਿਵੇਕਲਾ ਰੰਗ ਬੰਨ੍ਹਿਆ। ਇਸ ਕਵੀ ਦਰਬਾਰ ਦੀ ਖ਼ਾਸੀਅਤ ਇਹ ਸੀ ਕਿ ਸਾਰੇ ਕਵੀਆਂ ਨੇ ਆਪਣੀਆਂ ਰਚਨਾਵਾਂ ਦੇ ਨਾਲ-ਨਾਲ ਸੰਬੋਧਨੀ ਸ਼ਬਦ ਵੀ ਨਿਰੋਲ ਪੁਆਧੀ ਬੋਲੀ ਵਿੱਚ ਹੀ ਪੇਸ਼ ਕੀਤੇ।

ਡਾ. ਰਤਨ ਸਿੰਘ ਢਿੱਲੋਂ ਨੇ ਆਪਣੀ ਪੁਆਧੀ ਬੋਲੀ ਦੀ ਰਚਨਾ 'ਸਭ ਕੇ ਗੈਲ ਸਭ ਤੇ ਦੂਰ, ਥਮ ਬਤਾਓ ਕੌਨ ਸੀ ਹੂਰ/ਜਿਬ ਹਾਰੇ ਤੋ ਹਸਪਤਾਲ, ਜਿਬ ਜਿੱਤੇ ਤਬ ਚੜ੍ਹੇ ਸਰੂਰ' ਰਾਹੀਂ ਜ਼ਿੰਦਗੀ ਦੀ ਤਲਖ਼ ਸਚਾਈਆਂ ਨਾਲ ਰੂ-ਬ-ਰੂ ਕਰਵਾਇਆ। ਡਾ. ਬਲਵਾਨ ਸਿੰਘ ਔਜਲਾ ਨੇ ਸ਼ੁੱਧ ਪੁਆਧੀ ਵਿਚ ਪਿੰਡਾਂ ਦੇ ਬਦਲ ਰਹੇ ਸਮਾਜਿਕ, ਧਾਰਮਿਕ ਅਤੇ ਸਭਿਆਚਾਰਕ ਦ੍ਰਿਸ਼ ਪੇਸ਼ ਕਰਕੇ ਵਾਹਵਾ ਖੱਟੀ। ਜ਼ੈਲਦਾਰ ਸਿੰਘ ਹਸਮੁਖ ਨੇ ਆਪਣੀ ਕਵਿਤਾ 'ਇਬ ਨਾ ਪਿਛੈ ਮੁੜ ਕੈ ਦੇਖਿਓ ਤੁਰ ਪਈ ਗੱਲ ਪੁਆਧੀ ਦੀ' ਰਾਹੀਂ ਪੁਆਧੀ ਬੋਲੀ ਦੀ ਵਿਕਾਸਸ਼ੀਲਤਾ ਨੂੰ ਵਰਣਨ ਕੀਤਾ। ਨਿੰਦੀ ਈਸਾਪੁਰਵਾਲੇ ਨੇ ਆਪਣੇ ਕਾਵਿ ਬੋਲ 'ਗੋਂ ਜਦ ਕਾ ਬਣ ਗਿਆ ਸ਼ਹਿਰ, ਵਰਤ ਰਿਹਾ ਕਹਿਰ ਕੁਦਰਤ ਵੀ ਮੂੰਹ ਸਾ ਮੋੜ ਗਈ' ਬੋਲਾਂ ਨਾਲ ਪਿੰਡਾਂ ਦੇ ਲੋਕਾਂ ਵੱਲੋਂ ਸ਼ਹਿਰਾਂ ਵੱਲ ਕੀਤੇ ਜਾ ਰਹੇ ਪਲਾਇਨ ਨੂੰ ਬਾਖ਼ੂਬੀ ਵਰਣਨ ਕੀਤਾ। ਧਰਮ ਸਿੰਘ ਭੌਖਰਪੁਰ ਨੇ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਨੂੰ ਨਮਨ ਕਰਦਿਆਂ ਕਾਵਿਕ ਪੰਕਤੀਆਂ 'ਐਸੀ ਪਾਵਨ ਧਰਤੀ ਨੂੰ ਮੈਂ ਬਾਰ-ਬਾਰ ਨਮਸਕਾਰ ਕਰੂੰ, ਮੁਗਲੀ ਤਖ਼ਤ ਤੁਰਕ ਧੁਰ ਕੰਬਿਆ, ਦਿਲ ਹਿਲਿਆ ਪਹਾੜਾਂ ਮਾਂ' ਪੇਸ਼ ਕੀਤੀਆਂ। ਡਾ. ਸੁਦਰਸ਼ਨ ਗਾਸੋ ਨੇ ਮੰਚ ਸੰਚਾਲਨ ਦੇ ਨਾਲ ਆਪਣੀਆਂ ਪੰਜਾਬੀ ਕਵਿਤਾਵਾਂ ਨੂੰ ਸੁਚੱਜੇ ਢੰਗ ਪੇਸ਼ ਕਰਕੇ ਰੰਗ ਬੰਨ੍ਹਿਆ।

ਡਾ. ਅਨੁਕੰਪਾ ਗਰਗ, ਮੈਂਬਰ ਮਹਿਲਾ ਕਮਿਸ਼ਨ ਹਰਿਆਣਾ ਨੇ ਕਿਹਾ ਕਿ ਅਜਿਹੇ ਪ੍ਰੋਗਰਾਮ ਸਮਾਜ ਨੂੰ ਸਹੀ ਦਿਸ਼ਾ ਦੇਣ ਲਈ ਬਹੁਤ ਜ਼ਰੂਰੀ ਹਨ। ਅਕਾਦਮੀ ਦੇ ਕਾਰਜਕਾਰੀ ਚੇਅਰਮੈਨ ਡਾ. ਕੁਲਦੀਪ ਚੰਦ ਅਗਨੀਹੋਤਰੀ ਦੁਆਰਾ ਪੁਆਧੀ ਬੋਲੀ ਭਾਸ਼ਾ ਬਾਰੇ ਦੱਸਿਆ ਕਿ ਖ਼ਾਲਸੇ ਦੀ ਉਤਪਤੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੁਆਧ ਵਿੱਚ ਹੋਈ। ਉਨ੍ਹਾਂ ਦੱਸਿਆ ਕਿ ਕਿਸੇ ਵੀ ਸਮਾਜ ਦਾ ਮਨੋਵਿਗਿਆਨ ਉੱਥੋਂ ਦੀ ਲੋਕਲ ਭਾਸ਼ਾ ਤੋਂ ਹੀ ਪਤਾ ਲੱਗ ਸਕਦਾ ਹੈ। ਜਿਹੜੀ ਪ੍ਰਮੁੱਖ ਭਾਸ਼ਾ ਹੁੰਦੀ ਹੈ ਉਸ ਨਾਲ ਕਿਸੇ ਵਿਅਕਤੀ ਦੇ ਦਿਮਾਗ਼ ਬਾਰੇ ਜਾਣਿਆ ਜਾ ਸਕਦਾ ਹੈ ਪਰ ਦਿਲ ਦੀਆਂ ਗਹਿਰਾਈਆਂ ਨੂੰ ਨਹੀਂ ਸਮਝਿਆ ਜਾ ਸਕਦਾ। ਅਕਾਦਮੀ ਦੇ ਮੈਂਬਰ ਸਕੱਤਰ ਮਨਜੀਤ ਸਿੰਘ ਨੇ ਕਿਹਾ ਕਿ ਭਵਿੱਖ ਵਿੱਚ ਵੀ ਅਜਿਹੇ ਹੋਰ ਪ੍ਰੋਗਰਾਮਾਂ ਨੂੰ ਉਲੀਕਿਆ ਜਾਵੇਗਾ ਜਿਸ ਨਾਲ ਭਾਸ਼ਾ ਅਤੇ ਸੰਸਕ੍ਰਿਤੀ ਪ੍ਰਤੀ ਜਾਗਰੂਕਤਾ ਪੈਦਾ ਹੋਵੇ। ਸੰਸਕ੍ਰਿਤ ਸੈੱਲ ਦੇ ਡਾਇਰੈਕਟਰ ਡਾ. ਸੀਡੀਐਸ ਕੌਸ਼ਲ ਨੇ ਪੰਜਾਬੀ ਕਵਿਤਾਵਾਂ ਸੁਣਾਈਆਂ। ਅੰਤ ਵਿੱਚ ਅਕਾਦਮੀ ਦੇ ਪੰਜਾਬੀ ਵਿਭਾਗ ਦੇ ਡਾਇਰੈਕਟਰ ਨੇ ਆਏ ਹੋਏ ਪਤਵੰਤੇ ਸੱਜਣਾਂ ਅਤੇ ਕਵੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਾਵਿ ਕਲਾ ਪ੍ਰਮਾਤਮਾ ਦੀ ਦੇਣ ਹੁੰਦੀ ਹੈ, ਕੋਈ ਵਿਅਕਤੀ ਸੁਰ-ਤਾਲ ਆਦਿ ਦੀ ਸਮਝ ਲੈ ਸਕਦਾ ਹੈ ਪਰ ਸ਼ਬਦਾਂ ਅਤੇ ਵਿਚਾਰਾਂ ਨੂੰ ਇੱਕ ਕਵੀ ਹਿਰਦਾ ਹੀ ਵਿਅਕਤ ਕਰ ਸਕਦਾ ਹੈ।

ਚਾਈਲਡ ਹੈਲਪਲਾਈਨ ਟੀਮ ਵੱਲੋਂ ਜਾਗਰੂਕਤਾ ਮੁਹਿੰਮ ਆਯੋਜਿਤ

ਪੈ.ਗਾਮ-ਏ-ਜਗਤ/ਊਨਾ 8 ਅਕਤੂਬਰ (ਰਾਜਵੀਰ ਚੋਪੜਾ)



ਜ਼ਿਲ੍ਹਾ ਬਾਲ ਸੁਰੱਖਿਆ ਅਧਿਕਾਰੀ ਦੇ ਨਿਰਦੇਸ਼ਾਂ ਅਨੁਸਾਰ ਅੱਜ ਚਾਈਲਡ ਹੈਲਪਲਾਈਨ ਟੀਮ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਬੀਟਨ ਵਿਖੇ ਬੱਚਿਆਂ ਲਈ ਜਾਗਰੂਕਤਾ ਮੁਹਿੰਮ ਆਯੋਜਿਤ ਕੀਤੀ ਗਈ। ਇਸ ਮੁਹਿੰਮ ਦੌਰਾਨ ਚਾਈਲਡ ਹੈਲਪਲਾਈਨ ਦੇ ਕੇਸ ਵਰਕਰ ਕੁਲਬੀਰ ਅਤੇ ਰਜਨੀ ਵੱਲੋਂ ਸਕੂਲ ਵਿੱਚ ਮੌਜੂਦ ਵਿਦਿਆਰਥੀਆਂ ਨੂੰ ਚਾਈਲਡ ਹੈਲਪਲਾਈਨ 1098 ਦੀਆਂ ਸੇਵਾਵਾਂ ਅਤੇ ਕਾਰਜਪ੍ਰਣਾਲੀ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਬੱਚਿਆਂ ਨੂੰ ਦੱਸਿਆ ਗਿਆ ਕਿ ਕਿਸੇ ਵੀ ਬੱਚੇ ਨਾਲ ਹੋਣ ਵਾਲੀ ਹਿੰਸਾ, ਦੁਰਵਿਵਹਾਰ, ਬਾਲ ਮਜ਼ਦੂਰੀ, ਬਾਲ ਵਿਆਹ, ਭਿਖਾਰੀਪੁਣਾ, ਸ਼ੋਸ਼ਣ ਜਾਂ ਕਿਸੇ ਹੋਰ ਸਮੱਸਿਆ ਦੀ ਸਥਿਤੀ ਵਿੱਚ ਚਾਈਲਡ ਹੈਲਪਲਾਈਨ 1098 'ਤੇ ਸੰਪਰਕ ਕਰਕੇ ਸਹਾਇਤਾ ਪ੍ਰਾਪਤ ਕੀਤੀ ਜਾ ਸਕਦੀ ਹੈ।

ਟੀਮ ਵੱਲੋਂ ਬੱਚਿਆਂ ਨੂੰ ਉਨ੍ਹਾਂ ਦੇ ਅਧਿਕਾਰਾਂ, ਸੁਰੱਖਿਆ ਅਤੇ ਸੁਰੱਖਿਅਤ ਸੰਭਾਲ ਪ੍ਰਤੀ ਜਾਗਰੂਕ ਕੀਤਾ ਗਿਆ ਅਤੇ ਉਨ੍ਹਾਂ ਨੂੰ ਕਿਸੇ ਵੀ ਮੁਸ਼ਕਲ ਦੀ ਸਥਿਤੀ ਵਿੱਚ ਬਿਨਾਂ ਡਰ ਅਤੇ ਝਿਜਕ ਦੇ ਆਪਣੇ ਮਾਪਿਆਂ, ਅਧਿਆਪਕਾਂ ਜਾਂ ਚਾਈਲਡ ਹੈਲਪਲਾਈਨ ਨਾਲ ਸੰਪਰਕ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਗੁੱਡ ਟੱਚ-ਬੈਡ ਟੱਚ, ਸਾਈਬਰ ਸੁਰੱਖਿਆ, ਨਸ਼ਿਆਂ ਤੋਂ ਦੂਰ ਰਹਿਣ ਅਤੇ ਬਾਲ ਅਧਿਕਾਰਾਂ ਨਾਲ ਸਬੰਧਤ ਮਹੱਤਵਪੂਰਨ ਜਾਣਕਾਰੀ ਵੀ ਦਿੱਤੀ ਗਈ।

ਸਕੂਲ ਪ੍ਰਬੰਧਨ ਅਤੇ ਅਧਿਆਪਕਾਂ ਵੱਲੋਂ ਚਾਈਲਡ ਹੈਲਪਲਾਈਨ ਟੀਮ ਵੱਲੋਂ ਚਲਾਈ ਗਈ ਇਸ ਜਾਗਰੂਕਤਾ ਮੁਹਿੰਮ ਦੀ ਸ਼ਲਾਘਾ ਕਰਦਿਆਂ ਭਵਿੱਖ ਵਿੱਚ ਵੀ ਬੱਚਿਆਂ ਦੀ ਸੁਰੱਖਿਆ ਅਤੇ ਸੰਭਾਲ ਲਈ ਲੋੜੀਂਦਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਗਿਆ।

ਚਾਈਲਡ ਹੈਲਪਲਾਈਨ ਟੀਮ ਨੇ ਸਾਰਿਆਂ ਨੂੰ ਅਪੀਲ ਕੀਤੀ ਕਿ ਬੱਚਿਆਂ ਦੀ ਸੁਰੱਖਿਆ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸਮਾਜ ਦੇ ਹਰੇਕ ਵਿਅਕਤੀ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ।

ਸਲੋਹ ਵਿੱਚ ਪਿੰਡ ਵਾਸੀਆਂ ਨੂੰ ਪਿੰਡ ਵਿੱਚ ਹੀ ਮਿਲੀ ਮਾਹਿਰ ਡਾਕਟਰੀ ਸਹੂਲਤ, ਬਿਸਤਰੇ 'ਤੇ ਪਏ ਮਰੀਜ਼ ਦੀ ਘਰ ਜਾ ਕੇ ਜਾਂਚ

ਪੈ.ਗਾਮ-ਏ-ਜਗਤ ਹਰੋਲੀ/ਊਨਾ, 8 ਅਕਤੂਬਰ (ਰਾਜਵੀਰ ਚੋਪੜਾ)



ਸਿਹਤ ਬਲਾਕ ਹਰੋਲੀ ਅਤੇ ਸੰਸਦ ਮੋਬਾਈਲ ਸਿਹਤ ਸੇਵਾ ਦੇ ਸਾਂਝੇ ਸਹਿਯੋਗ ਨਾਲ ਪੇਂਡੂ ਖੇਤਰਾਂ ਦੇ ਲੋਕਾਂ ਨੂੰ ਉਨ੍ਹਾਂ ਦੇ ਪਿੰਡ ਵਿੱਚ ਹੀ ਮਾਹਿਰ ਸਿਹਤ ਸੇਵਾਵਾਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਪਿੰਡ ਸਲੋਹ ਵਿੱਚ ਆਯੁਸ਼ਮਾਨ ਆਰੋਗਿਆ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਪਿੰਡ ਵਾਸੀਆਂ ਦੀ ਸਿਹਤ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਲੋੜੀਂਦੀ ਡਾਕਟਰੀ ਸਲਾਹ ਅਤੇ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ।

ਕੈਂਪ ਵਿੱਚ ਡਾ. ਸ਼ਿਵੇਕ ਮੋਹਨ, ਡਾ. ਸੁਧੀ ਕੌਸ਼ਲ ਅਤੇ ਡਾ. ਪ੍ਰਦੀਪ ਕੁਮਾਰ ਨੇ ਕਰੀਬ 70 ਪਿੰਡ ਵਾਸੀਆਂ ਦੀ ਸਿਹਤ ਜਾਂਚ ਕੀਤੀ। ਮਰੀਜ਼ਾਂ ਦੀ ਲੋੜ ਅਨੁਸਾਰ ਵੱਖ-ਵੱਖ ਸਿਹਤ ਜਾਂਚਾਂ ਕੀਤੀਆਂ ਗਈਆਂ ਅਤੇ ਜਾਂਚ ਰਿਪੋਰਟ ਦੇ ਆਧਾਰ 'ਤੇ ਡਾਕਟਰਾਂ ਵੱਲੋਂ ਢੁਕਵੀਂ ਸਲਾਹ ਦਿੱਤੀ ਗਈ। ਲੋੜਵੰਦ ਮਰੀਜ਼ਾਂ ਨੂੰ ਜ਼ਰੂਰੀ ਦਵਾਈਆਂ ਮੁਫ਼ਤ ਵੰਡੀਆਂ ਗਈਆਂ।

ਸਿਹਤ ਸੇਵਾ ਟੀਮ ਨੇ ਕੈਂਪ ਦੇ ਨਾਲ-ਨਾਲ ਬਿਸਤਰੇ 'ਤੇ ਪਏ ਮਰੀਜ਼ ਦੇ ਘਰ ਪਹੁੰਚ ਕੇ ਵੀ ਸਿਹਤ ਜਾਂਚ ਕੀਤੀ। ਟੀਮ ਨੇ ਮਰੀਜ਼ ਦੀ ਸਥਿਤੀ ਦਾ ਜਾਇਜ਼ਾ ਲਿਆ ਅਤੇ ਲੋੜੀਂਦੀ ਡਾਕਟਰੀ ਸਲਾਹ ਦਿੱਤੀ। ਪਰਿਵਾਰਕ ਮੈਂਬਰਾਂ ਨੂੰ ਮਰੀਜ਼ ਦੀ ਦੇਖਭਾਲ, ਦਵਾਈਆਂ ਅਤੇ ਨਿਯਮਤ ਸਿਹਤ ਨਿਗਰਾਨੀ ਸਬੰਧੀ ਵੀ ਜ਼ਰੂਰੀ ਜਾਣਕਾਰੀ ਦਿੱਤੀ ਗਈ। ਟੀਮ ਦੀ ਇਸ ਪਹਿਲਕਦਮੀ ਨਾਲ ਅਜਿਹੇ ਮਰੀਜ਼ਾਂ ਨੂੰ ਸਿਹਤ ਸਹੂਲਤ ਮਿਲ ਰਹੀ ਹੈ, ਜੋ ਤੁਰਨ-ਫਿਰਨ ਤੋਂ ਅਸਮਰੱਥ ਹੋਣ ਕਾਰਨ ਸਿਹਤ ਕੇਂਦਰ ਤੱਕ ਨਹੀਂ ਪਹੁੰਚ ਸਕਦੇ। ਕੈਂਪ ਦੌਰਾਨ ਪਿੰਡ ਵਾਸੀਆਂ ਨੂੰ ਬਲੱਡ ਪ੍ਰੈਸ਼ਰ, ਸ਼ੂਗਰ ਅਤੇ ਮੌਸਮੀ ਬਿਮਾਰੀਆਂ ਪ੍ਰਤੀ ਜਾਗਰੂਕ ਕੀਤਾ ਗਿਆ। ਡਾਕਟਰਾਂ ਨੇ ਨਿਯਮਤ ਸਿਹਤ ਜਾਂਚ ਕਰਵਾਉਣ, ਸੰਤੁਲਿਤ ਅਤੇ ਪੌਸ਼ਟਿਕ ਖੁਰਾਕ ਲੈਣ, ਸਫ਼ਾਈ ਰੱਖਣ ਅਤੇ ਬਦਲਦੇ ਮੌਸਮ ਵਿੱਚ ਸਿਹਤ ਦਾ ਵਿਸ਼ੇਸ਼ ਧਿਆਨ ਰੱਖਣ ਦੀ ਸਲਾਹ ਦਿੱਤੀ।

ਸਿਹਤ ਵਿਭਾਗ ਅਤੇ ਸੰਸਦ ਮੋਬਾਈਲ ਸਿਹਤ ਸੇਵਾ ਟੀਮ ਨੇ ਪਿੰਡ ਵਾਸੀਆਂ ਨੂੰ ਇਨ੍ਹਾਂ ਸਿਹਤ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਕਿਸੇ ਵੀ ਬਿਮਾਰੀ ਦੇ ਲੱਛਣ ਦਿਖਾਈ ਦੇਣ 'ਤੇ ਸਮੇਂ ਸਿਰ ਡਾਕਟਰੀ ਸਲਾਹ ਲੈਣ ਦੀ ਅਪੀਲ ਕੀਤੀ। ਪਿੰਡ ਵਾਸੀਆਂ ਨੇ ਪਿੰਡ ਵਿੱਚ ਮਾਹਿਰ ਸਿਹਤ ਸੇਵਾਵਾਂ ਉਪਲਬਧ ਕਰਵਾਉਣ ਅਤੇ ਲੋੜਵੰਦ ਮਰੀਜ਼ਾਂ ਤੱਕ ਘਰ-ਦੁਆਰ ਪਹੁੰਚ ਕੇ ਸਿਹਤ ਸਹੂਲਤ ਦੇਣ ਲਈ ਸਿਹਤ ਬਲਾਕ ਹਰੋਲੀ ਅਤੇ ਸੰਸਦ ਮੋਬਾਈਲ ਸਿਹਤ ਸੇਵਾ ਟੀਮ ਦਾ ਧੰਨਵਾਦ ਕੀਤਾ।

10 ਅਕਤੂਬਰ ਦੀ ਮਾਹਾਂ ਰੈਲੀ ਸੰਗਰੂਰ ਵਿਖੇ ਭਾਰੀ ਗਿਣਤੀ ਵਿੱਚ ਸ਼ਾਮਲ ਹੋਣਗੇ ਪਟਿਆਲਾ ਤੋਂ ਮੁਲਾਜ਼ਮ ਅਤੇ ਪੈਨਸ਼ਨਰ

ਪਟਿਆਲਾ, 8 ਅਕਤੂਬਰ (ਪੈ.ਗਾਮ-ਏ-ਜਗਤ)



ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਦੀ ਮੀਟਿੰਗ ਰਾਜਪਾਲ ਲਸੋਈ, ਲਖਵਿੰਦਰ ਖਾਨਪੁਰ, ਜਸਵਿੰਦਰ ਸੌਂਜਾ, ਸਵਰਨ ਬੰਗਾ, ਪੁਸਪਿੰਦਰ ਸਿੰਘ ਹਰਪਾਲਪੁਰ ਤੇ ਗੁਰਮੀਤ ਪੇਦਨ ਦੀ ਅਗਵਾਈ ਹੇਠ ਪਟਿਆਲਾ ਵਿਖੇ ਹੋਈ, ਜਿਸ ਵਿੱਚ ਫੈਸਲਾ ਕੀਤਾ ਗਿਆ ਕਿ ਫੈਡਰੇਸ਼ਨ ਨਾਲ ਸਬੰਧਤ ਸਮੁੱਚੀਆਂ ਜਥੇਬੰਦੀਆਂ 10 ਅਕਤੂਬਰ ਨੂੰ ਸੰਗਰੂਰ ਵਿਖੇ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਪੰਜਾਬ ਅਤੇ ਮੁਲਾਜ਼ਮ ਸਾਂਝਾ ਮੰਚ ਪੰਜਾਬ ਵੱਲੋਂ ਕੀਤੀ ਜਾ ਰਹੀ ਮਹਾ ਰੈਲੀ ਨੂੰ ਕਾਮਯਾਬ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡਣਗੀਆਂ ਤੇ ਵੱਡੀ ਗਿਣਤੀ ਵਿੱਚ ਅੱਜ ਤੋਂ ਹੀ ਆਪਣੇ ਸਾਥੀਆਂ ਨੂੰ ਉਸ ਦੀ ਤਿਆਰੀ ਵਿੱਚ ਪੂਰੀ ਤਰਹਾਂ ਰੁੱਝ ਜਾਣ ਲਈ ਫੈਸਲਾ ਕੀਤਾ ਗਿਆ ਅੱਜ ਦੀ ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚੇ ਦਰਸ਼ਨ ਬੇਲੂ ਮਾਜਰਾ, ਜਸਵੀਰ ਖੋਖਰ, ਰਣਜੀਤ ਮਾਨ, ਧਰਮਪਾਲ ਲੋਟ, ਦਿਆਲ ਸਿੱਧੂ ਤੇ ਜਗਤਾਰ ਸਾਹਪੁਰ ਨੇ ਕਿਹਾ ਕਿ ਉਹ ਇਸ ਰੈਲੀ ਨੂੰ ਕਾਮਯਾਬ ਕਰਨ ਲਈ ਆਪਣੇ ਮੁਲਾਜ਼ਮ ਤੇ ਪੈਨਸ਼ਨਰ ਸਾਥੀਆਂ ਨੂੰ ਵੱਡੀ ਗਿਣਤੀ ਵਿੱਚ ਨਾਲ ਲੈ ਕੇ ਇਸ ਇਕੱਤਰਤਾ ਵਿੱਚ ਸਾਮਿਲ ਹੋਣਗੇ ਤੇ ਉਸ ਦਿਨ ਕੋਈ ਵੀ ਮੁਲਾਜ਼ਮ ਜਾਂ ਪੈਨਸ਼ਨਰ ਇਸ ਸੰਘਰਸ਼ ਤੋਂ ਬਾਹਰ ਨਹੀਂ ਰਹਿਣਾ ਚਾਹੀਦਾ ਤਾਂ ਕਿ ਸਰਕਾਰ ਨੂੰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਕੱਚੇ ਕਾਮੇ ਪੱਕੇ ਕਰਨਾ, ਡੀ.ਏ. ਦਾ ਬਕਾਇਆ ਜੋ ਮਾਨਯੋਗ ਕੋਰਟਾਂ ਦੇ ਹੁਕਮਾਂ ਦੀ ਉਲੰਘਣਾ ਕਰਕੇ ਜੋ ਦਿੱਤਾ ਨਹੀਂ ਜਾ ਰਿਹਾ, ਪੇ ਕਮਿਸ਼ਨ ਦਾ ਬਕਾਇਆ, ਮਾਨ ਭੱਤੇ ਤੇ ਕੰਮ ਕਰਦੇ ਵਰਕਰਾਂ ਨੂੰ ਗੁਜ਼ਾਰੇ ਜੋਗੀ ਤਨਖਾਹ ਦੇਣਾ, ਮੁਲਾਜ਼ਮ ਵਿਰੋਧੀ ਪੱਤਰ ਰੱਦ ਕਰਾਉਣੇ, ਪੁਰਾਣੀ ਪੈਨਸਨ ਲਾਗੂ ਕਰਨਾ, ਪੈਨਸ਼ਨਰਾਂ ਨੂੰ 2.59 ਨਾ ਦੇਣਾ ਤੇ ਮੰਗ ਪੱਤਰ ਚ, ਦਰਜ ਮੰਗਾਂ ਹਨ ਇਹਨਾਂ ਦੇ ਹੱਲ ਲਈ ਸਰਕਾਰ ਨੂੰ ਮਜਬੂਰ ਕੀਤਾ ਜਾਵੇ ਅੱਜ ਦੀ ਮੀਟਿੰਗ ਵਿੱਚ ਪਹੁੰਚੇ ਗੌਰਮਿੰਟ ਟੀਚਰ ਯੂਨੀਅਨ ਦੇ ਆਗੂ ਜਸਵਿੰਦਰ ਸਿੰਘ ਸਮਾਣਾ ਪਰਮਜੀਤ ਹਿੰਮਤ ਸਿੰਘ, ਤੇ ਹਰਪ੍ਰੀਤ ਉਪਲ ਨੇ ਕਿਹਾ ਕਿ ਇਸ ਇਤਿਹਾਸਿਕ ਮਾਹਾ ਰੈਲੀ ਨੂੰ ਕਾਮਯਾਬ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡਣਗੇ ਅੱਜ ਦੀ ਇਕੱਤਰਤਾ ਵਿੱਚ ਹੋਰਨਾਂ ਤੋਂ ਇਲਾਵਾ ਮੋਨਿਕਾ ਮਸੀਹ, ਰਕੇਸ ਕਲਿਆਣ, ਪ੍ਰਗਟ ਸਿੰਘ, ਕੁਲਦੀਪ ਘੱਗਾ, ਨਾਥ ਸਿੰਘ ਬੁਜਰਕ, ਹਰਦੇਵ ਸਿੰਘ, ਗੁਰਮੇਲ ਘਨੌਰ, ਜਸਪਾਲ ਕੋਰ, ਅਰਜਨ ਸਿੰਘ ਰਾਜਪੁਰਾ, ਤੇਜਿੰਦਰ ਸਿੰਘ, ਕਰਮ ਸਿੰਘ, ਰਜਿੰਦਰ ਧਾਲੀਵਾਲ, ਪਰਕਾਸ ਸਿੰਘ ਆਦਿ ਆਗੂਆਂ ਨੇ ਹਿੱਸਾ ਲਿਆ ਤੇ ਕਿਹਾ ਕਿ ਉਹ ਅੱਜ ਤੋਂ ਹੀ ਇਸ ਮਾਹਾ ਰੈਲੀ ਦੀ ਤਿਆਰੀ ਲਈ ਜੁਟ ਗਏ ਹਨ ਤੇ ਉਸ ਦਿਨ ਸਮੁੱਚੇ ਮੁਲਾਜ਼ਮ ਤੇ ਪੈਨਸ਼ਨਰ ਝੰਡੇਆ ਅਤੇ ਬੈਨਰਾ ਨਾਲ ਲੈਸ ਹੋਕੇ ਭਾਰੀ ਗਿਣਤੀ ਵਿੱਚ ਸੰਗਰੂਰ ਵੱਲ ਚਾਲੇ ਪਾਉਣਗੇ।

ਆਰਟੀਏ ਦੀ ਮੀਟਿੰਗ ਜਲਦ, 13 ਅਕਤੂਬਰ ਤੱਕ ਪਰਮਿਟ ਅਰਜ਼ੀਆਂ ਜਮ੍ਹਾਂ ਹੋਣਗੀਆਂ

ਊਨਾ, 8 ਅਕਤੂਬਰ (ਪੈ.ਗਾਮ-ਏ-ਜਗਤ)



ਖੇਤਰੀ ਆਵਾਜਾਈ ਅਥਾਰਟੀ (ਆਰਟੀਏ), ਊਨਾ ਦੀ ਮੀਟਿੰਗ ਜਲਦ ਆਯੋਜਿਤ ਕੀਤੀ ਜਾਵੇਗੀ। ਮੀਟਿੰਗ ਵਿੱਚ ਬੱਸ ਪਰਮਿਟ ਦੇ ਤਬਾਦਲੇ, ਸੋਧ, ਪਰਮਿਟ ਵਾਪਸ ਲੈਣ, ਆਟੋ ਰਿਕਸ਼ਾ ਅਤੇ ਸਕੂਲ ਬੱਸਾਂ ਦੇ ਪਰਮਿਟ ਨਾਲ ਸਬੰਧਤ ਮਾਮਲਿਆਂ 'ਤੇ ਵਿਚਾਰ ਕੀਤਾ ਜਾਵੇਗਾ। ਖੇਤਰੀ ਆਵਾਜਾਈ ਅਧਿਕਾਰੀ (ਆਰਟੀਓ), ਊਨਾ ਸਮੀਰ ਦੱਤਾ ਨੇ ਜ਼ਿਲ੍ਹੇ ਦੇ ਸਾਰੇ ਨਿੱਜੀ ਬੱਸ ਮਾਲਕਾਂ, ਸਕੂਲ ਪ੍ਰਬੰਧਕਾਂ, ਆਟੋ ਰਿਕਸ਼ਾ ਚਾਲਕਾਂ ਅਤੇ ਸਬੰਧਤ ਬਿਨੈਕਾਰਾਂ ਨੂੰ ਕਿਹਾ ਹੈ ਕਿ ਉਹ ਆਪਣੀਆਂ ਅਰਜ਼ੀਆਂ 13 ਅਕਤੂਬਰ, 2026 ਤੱਕ ਕਿਸੇ ਵੀ ਕੰਮਕਾਜੀ ਦਿਨ ਆਰਟੀਓ ਦਫ਼ਤਰ ਵਿੱਚ ਜਮ੍ਹਾਂ ਕਰਵਾ ਸਕਦੇ ਹਨ। ਇਸ ਤੋਂ ਬਾਅਦ ਪ੍ਰਾਪਤ ਹੋਣ ਵਾਲੀਆਂ ਅਰਜ਼ੀਆਂ ਸਵੀਕਾਰ ਨਹੀਂ ਕੀਤੀਆਂ ਜਾਣਗੀਆਂ।

ਉਨ੍ਹਾਂ ਦੱਸਿਆ ਕਿ ਸਟੇਜ ਕੈਰੇਜ ਪਰਮਿਟ ਨਾਲ ਸਬੰਧਤ ਬਿਨੈਕਾਰਾਂ ਨੂੰ ਸਿਰਫ਼ ਨਵੇਂ ਨਿਰਧਾਰਤ ਫਾਰਮ 'ਤੇ ਹੀ ਅਰਜ਼ੀ ਦੇਣੀ ਹੋਵੇਗੀ। ਜੇਕਰ ਕਿਸੇ ਬਿਨੈਕਾਰ ਨੇ ਪੁਰਾਣੇ ਫਾਰਮ 'ਤੇ ਅਰਜ਼ੀ ਦਿੱਤੀ ਹੈ ਤਾਂ ਉਸ ਨੂੰ ਵੀ ਨਵੇਂ ਨਿਰਧਾਰਤ ਫਾਰਮ 'ਤੇ ਮੁੜ ਅਰਜ਼ੀ ਦੇਣੀ ਹੋਵੇਗੀ। ਨਹੀਂ ਤਾਂ ਸਬੰਧਤ ਅਰਜ਼ੀ ਰੱਦ ਕਰ ਦਿੱਤੀ ਜਾਵੇਗੀ, ਜਿਸ ਦੀ ਪੂਰੀ ਜ਼ਿੰਮੇਵਾਰੀ ਬਿਨੈਕਾਰ ਦੀ ਹੋਵੇਗੀ।

ਸ.ਫ਼ਾ 1 ਦਾ ਬਾਕੀ...

ਚਲੇ ਗਏ ਨਾਨਾ...

ਪਾਟੇਕਰ ਨੇ ਵੀਰਵਾਰ ਨੂੰ ਸਵੇਰੇ ਕਰੀਬ 3:30 ਵਜੇ ਇੱਕ ਦੋਸਤ ਨੂੰ ਮੈਸੇਜ ਕੀਤਾ ਸੀ ਕਿ ਉਹ ਠੀਕ ਮਹਿਸੂਸ ਨਹੀਂ ਕਰ ਰਹੇ ਹਨ। ਜਿਸ ਤੋਂ ਕੁਝ ਘੰਟਿਆਂ ਬਾਅਦ ਗੋਆ ਵਿੱਚ ਉਨ੍ਹਾਂ ਦੀ ਰਿਹਾਇਸ਼ 'ਤੇ ਉਨ੍ਹਾਂ ਦੀ ਮੌਤ ਹੋ ਗਈ।

75 ਸਾਲਾ ਅਦਾਕਾਰ ਪਣਜੀ ਨੇੜੇ ਡੋਨਾ ਪੌਲਾ ਵਿਖੇ ਆਪਣੇ ਅਪਾਰਟਮੈਂਟ ਵਿੱਚ ਬੇਹੋਸ਼ ਪਾਏ ਗਏ ਅਤੇ ਉਨ੍ਹਾਂ ਨੂੰ ਇੱਕ ਨਿੱਜੀ ਹਸਪਤਾਲ ਲਿਜਾਇਆ ਗਿਆ। ਹਸਪਤਾਲ ਦੇ ਇੱਕ ਸੀਨੀਅਰ ਡਾਕਟਰ ਡਾ. ਸ਼ੇਖਰ ਸਾਲਕਰ ਨੇ ਕਿਹਾ ਕਿ ਪਾਟੇਕਰ ਅਪਾਰਟਮੈਂਟ ਵਿੱਚ ਇੱਕ ਦੇਖਭਾਲ ਕਰਨ ਵਾਲੇ (ਕੇਅਰਟੇਕਰ) ਨਾਲ ਰਹੇ ਸਨ। ਅਦਾਕਾਰ ਦੇ ਦੋਸਤ ਨੇ ਸਵੇਰੇ 4 ਵਜੇ ਦੇ ਕਰੀਬ ਮੈਸੇਜ ਦੇਖਿਆ ਅਤੇ ਉਨ੍ਹਾਂ ਦੀ ਰਿਹਾਇਸ਼ ਵੱਲ ਭੱਜੇ ਪੀ.ਟੀ.ਆਈ. ਦੇ ਹਵਾਲੇ ਨਾਲ ਸਾਲਕਰ ਨੇ ਕਿਹਾ, ਦੋਸਤ ਨੇ ਸਵੇਰੇ 4 ਵਜੇ ਦੇ ਕਰੀਬ ਮੈਸੇਜ ਦੇਖਿਆ ਅਤੇ ਪਾਟੇਕਰ ਦੇ ਅਪਾਰਟਮੈਂਟ ਵਿੱਚ ਪਹੁੰਚਿਆ, ਜੋ ਇੱਕ ਦੇਖਭਾਲ ਕਰਨ ਵਾਲੇ ਨਾਲ ਰਹਿ ਰਹੇ ਸਨ। ਸੂਚਨਾ ਮਿਲਣ ਤੋਂ ਬਾਅਦ, ਦੇਖਭਾਲ ਕਰਨ ਵਾਲੇ ਨੇ ਹਸਪਤਾਲ ਨਾਲ ਸੰਪਰਕ ਕੀਤਾ। ਪਾਟੇਕਰ ਦੀ ਰਿਹਾਇਸ਼ 'ਤੇ ਇੱਕ ਐਂਬੂਲੈਂਸ ਭੇਜੀ ਗਈ, ਜੋ ਮੈਡੀਕਲ ਸਹੂਲਤ ਤੋਂ ਲਪਭਗ ਪੰਜ ਮਿੰਟ ਦੀ ਦੂਰੀ 'ਤੇ ਸੀ। ਸਾਲਕਰ ਨੇ ਕਿਹਾ, ਐਂਬੂਲੈਂਸ ਵਿੱਚ ਹੀ ਇਲਾਜ ਸ਼ੁਰੂ ਕਰ ਦਿੱਤਾ ਗਿਆ ਸੀ। ਪਾਟੇਕਰ ਨੂੰ ਹਸਪਤਾਲ ਲਿਆਂਦਾ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਅਤੇ ਲਗਭਗ 45 ਮਿੰਟ ਤੱਕ ਸੀ.ਪੀ.ਆਰ. ਦਿੱਤਾ। ਹਾਲਾਂਕਿ, ਉਨ੍ਹਾਂ ਨੂੰ ਬਚਾਇਆ ਨਹੀਂ ਜਾ ਸਕਿਆ ਅਤੇ ਸਵੇਰੇ 5:10 ਵਜੇ ਉਨ੍ਹਾਂ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ ਗਿਆ। ਇੱਕ ਮੈਡੀਕਲ-ਕਾਨੂੰਨੀ ਕੇਸ ਦਰਜ ਕਰ ਲਿਆ ਗਿਆ ਹੈ, ਅਤੇ ਪੋਸਟਮਾਰਟਮ ਲਈ ਉਨ੍ਹਾਂ ਦੀ ਲਾਸ਼ ਬੰਬੋਲਿਮ ਸਥਿਤ ਗੋਆ ਮੈਡੀਕਲ ਕਾਲਜ ਅਤੇ ਹਸਪਤਾਲ ਭੇਜ ਦਿੱਤੀ ਗਈ ਹੈ। ਸਾਲਕਰ ਨੇ ਕਿਹਾ ਕਿ ਜਾਂਚ ਨਾਲ ਮੌਤ ਦੇ ਅਸਲ ਕਾਰਨ ਦਾ ਪਤਾ ਲਗਾਉਣ ਵਿੱਚ ਮਦਦ ਮਿਲੇਗੀ।

ਪੀਐਮ ਮੋਦੀ ਨੇ...

ਪਰਿੰਦਾ ਅਤੇ ਕ੍ਰਾਂਤੀਵੀਰ ਵਿੱਚ ਆਪਣੀ ਅਦਾਕਾਰੀ ਲਈ ਰਾਸ਼ਟਰੀ ਫਿਲਮ ਪੁਰਸਕਾਰ ਜਿੱਤੇ। ਬਾਲੀਵੁੱਡ, ਰਾਜਨੀਤੀ, ਖੇਡਾਂ ਅਤੇ ਸਾਹਿਤ ਜਗਤ ਦੀਆਂ ਕਈ ਪ੍ਰਮੁੱਖ ਹਸਤੀਆਂ ਨੇ ਵੀ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਹੈ। ਅਕਸ਼ੈ ਕੁਮਾਰ, ਵਿਰਾਟ ਕੋਹਲੀ, ਰਵੀਨਾ ਟੰਡਨ, ਰਜਨੀਕਾਂਤ, ਪਰੇਸ਼ ਰਾਵਲ, ਮਨੋਜ ਬਾਜਪਾਈ, ਕੰਗਨਾ ਰਣੌਤ ਅਤੇ ਸੁਨੀਲ ਸ਼ੈੱਟੀ ਵਰਗੇ ਸਿਤਾਰਿਆਂ ਨੇ ਉਨ੍ਹਾਂ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕੀਤਾ ਹੈ।

'ਰੱਬ ਦਾ ਸ਼ੁਕਰ...

ਮੈਨੂੰ ਜਿਉਂਦੇ-ਜੀਅ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਣ ਦਾ ਮੌਕਾ ਮਿਲਿਆ। ਇਸ ਦੌਰੇ ਦੌਰਾਨ, ਉਨ੍ਹਾਂ ਨੇ ਸ੍ਰੀ ਹਰਿਮੰਦਰ ਸਾਹਿਬ ਕੰਪਲੈਕਸ ਦੀ ਪਰਿਕਰਮਾ ਕੀਤੀ ਅਤੇ ਲੰਗਰ ਹਾਲ ਵਿੱਚ ਵਰਤੇ ਗਏ ਬਰਤਨ ਵੀ ਸਾਫ਼ ਕੀਤੇ। ਅੰਮ੍ਰਿਤਸਰ ਦੇ ਇੱਕ ਬਾਅਦ ਦੇ ਦੌਰੇ ਦੌਰਾਨ, ਉਹ ਵਾਹਗਾ ਬਾਰਡਰ 'ਤੇ ਰਿਟਰੀਟ ਸਮਾਰੋਹ ਵਿੱਚ ਸ਼ਾਮਲ ਹੋਏ ਅਤੇ ਬੀ.ਐਸ.ਐਫ. ਵੱਲੋਂ ਕਰਵਾਈ ਗਈ ਨਸ਼ਾ-ਵਿਰੋਧੀ ਦੌੜ ਵਿੱਚ ਵੀ ਹਿੱਸਾ ਲਿਆ।

ਜੀ.ਐੱਸ.ਟੀ. ਕੌਂਸਲ...

ਮੀਟਿੰਗ ਵਿੱਚ ਇਸ ਏਜੰਡੇ ਨੂੰ ਰੱਖਿਆ ਜਾਵੇਗਾ। ਜੀਐੱਸਟੀ ਕੌਂਸਲ ਨੇ ਜੀ ਐੱਸ ਟੀ ਅਧਿਕਾਰੀਆਂ ਦੀ ਗ੍ਰਿਫਤਾਰੀ ਦਾ ਅਧਿਕਾਰ ਖਤਮ ਕਰ ਦਿੱਤਾ ਹੈ। ਨਾਲ ਹੀ ਮੁਕੱਦਮਾ ਸ਼ੁਰੂ ਕਰਨ ਦੀ ਸੀਮਾ 1 ਕਰੋੜ ਰੁਪਏ ਤੋਂ ਵਧਾ ਕੇ 5 ਕਰੋੜ ਰੁਪਏ ਕਰ ਦਿੱਤੀ ਗਈ ਹੈ। ਇਸ ਤੋਂ ਇਲਾਵਾ ਘੱਟੋ-ਘੱਟ ਸਜ਼ਾ ਦੀ ਵਿਵਸਥਾ ਵੀ ਹਟਾ ਦਿੱਤੀ ਗਈ ਹੈ ਅਤੇ ਹਰੇਕ ਮਾਮਲੇ ਵਿੱਚ ਜੁਰਮਾਨਾ, ਕੈਦ ਜਾਂ ਦੋਵਾਂ ਵਿੱਚੋਂ ਸਜ਼ਾ ਦਾ ਨਿਰਧਾਰਨ ਨਿਆਇਕ ਵਿਵੇਕ (ਅਦਾਲਤ ਦੀ ਸਮਝ) 'ਤੇ ਛੱਡ ਦਿੱਤਾ ਗਿਆ ਹੈ। ਮੰਤਰਾਲੇ ਨੇ ਕਿਹਾ ਕਿ ਜਿੱਥੇ ਕਿਸੇ ਖਾਸ ਉਲੰਘਣਾ ਲਈ ਕੋਈ ਖਾਸ ਜੁਰਮਾਨਾ ਨਿਰਧਾਰਤ ਨਹੀਂ ਹੈ, ਉੱਥੇ ਲਾਗੂ ਹੋਣ ਵਾਲਾ ਆਮ ਜੁਰਮਾਨਾ 25,000 ਰੁਪਏ ਤੋਂ ਘਟਾ ਕੇ 10,000 ਰੁਪਏ ਕਰ ਦਿੱਤਾ ਗਿਆ ਹੈ।

ਪੰਜਾਬ ਨਿਵੇਸ਼ਕਾਂ ਲਈ...

ਕਰਨ ਤੋਂ ਬਾਅਦ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਹੁਨਰ ਪੰਜਾਬ ਅਤੇ ਫਾਸਟ-ਟ੍ਰੈਕ ਪੰਜਾਬ ਦੀ ਸ਼ੁਰੂਆਤ ਪੰਜਾਬ ਦੇ ਉਦਯੋਗ ਅਤੇ ਨੌਜਵਾਨਾਂ ਲਈ ਮਹੱਤਵਪੂਰਨ ਕਦਮ ਹੈ। 'ਹੁਨਰ ਪੰਜਾਬ' ਉਦਯੋਗ ਅਤੇ ਹੁਨਰਮੰਦ ਨੌਜਵਾਨਾਂ ਵਿਚਕਾਰ ਪਾੜੇ ਨੂੰ ਪੂਰਾ ਕਰੇਗਾ ਅਤੇ ਸੂਬੇ ਦੇ ਅੰਦਰ ਸਾਡੇ ਨੌਜਵਾਨਾਂ ਲਈ ਰੋਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪੈਦਾ ਕਰੇਗਾ।" ਮੁੱਖ ਮੰਤਰੀ ਨੇ ਨੋਟ ਕੀਤਾ, "ਹੁਨਰ ਪੰਜਾਬ ਪੋਰਟਲ 'ਤੇ ਪਹਿਲਾਂ ਹੀ ਲਗਪਗ 1,750 ਸੰਸਥਾਵਾਂ ਰਜਿਸਟਰਡ ਹੋ ਚੁੱਕੀਆਂ ਹਨ ਅਤੇ ਉਦਯੋਗਿਕ ਖੇਤਰ ਵਿੱਚ ਰੋਜ਼ਗਾਰ ਦੇ ਮੌਕਿਆਂ ਲਈ ਸਥਾਨਕ ਹੁਨਰਮੰਦ ਨੌਜਵਾਨਾਂ ਨੂੰ ਤਰਜੀਹ ਦਿੱਤੀ ਜਾਵੇਗੀ। ਕੰਪਨੀਆਂ ਹੁਣ ਇਸ ਪਲੇਟਫਾਰਮ ਰਾਹੀਂ ਹੁਨਰਮੰਦ ਨੌਜਵਾਨਾਂ ਨਾਲ ਸਿੱਧਾ ਜੁੜ ਸਕਣਗੀਆਂ ਅਤੇ ਉਨ ਾਂ ਨੂੰ ਨੌਕਰੀ 'ਤੇ ਰੱਖ ਸਕਣਗੀਆਂ।" ਉਨਾਂ ਕਿਹਾ, "ਪੰਜਾਬ ਸਰਕਾਰ ਨੇ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਅਤੇ ਸਰਕਾਰੀ ਕੰਮਕਾਜ ਵਿੱਚ ਵਧੇਰੇ ਪਾਰਦਰਸ਼ਤਾ ਲਿਆਉਣ ਲਈ ਸਾਰੇ ਵਿਭਾਗਾਂ ਵਿੱਚ ਈ-ਆਫਿਸ ਅਤੇ ਆਨਲਾਈਨ ਪ੍ਰਣਾਲੀਆਂ ਲਾਗੂ ਕਰ ਦਿੱਤੀਆਂ ਹਨ। ਇਹ ਪ੍ਰਣਾਲੀਆਂ ਬੇਲੋੜੀ ਦੇਰੀ ਨੂੰ ਘਟਾ ਰਹੀਆਂ ਹਨ ਅਤੇ ਸਰਕਾਰੀ ਪ੍ਰਕਿਰਿਆਵਾਂ ਨੂੰ ਵਧੇਰੇ ਜਵਾਬਦੇਹ ਬਣਾ ਰਹੀਆਂ ਹਨ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਨੇ ਪਿਛਲੇ ਚਾਰ ਸਾਲਾਂ ਵਿੱਚ 1.89 ਲੱਖ ਕਰੋੜ ਰੁਪਏ ਦਾ ਨਿਵੇਸ਼ ਆਕਰਸ਼ਿਤ ਕੀਤਾ ਹੈ, ਜਿਸ ਨਾਲ 6.31 ਲੱਖ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਹੋਏ ਹਨ। ਇਹ ਪੰਜਾਬ ਵਿੱਚ ਨਿਵੇਸ਼ਕਾਂ ਦੇ ਵਧ ਰਹੇ ਵਿਸ਼ਵਾਸ ਨੂੰ ਦਰਸਾਉਂਦਾ ਹੈ।" ਮੁੱਖ ਮੰਤਰੀ ਨੇ ਕਿਹਾ, "ਹੁਨਰ ਪੰਜਾਬ ਨੌਜਵਾਨਾਂ ਦੀ ਪ੍ਰਤਿਭਾ, ਨੈੱਟਵਰਕਿੰਗ ਅਤੇ ਰੋਜ਼ਗਾਰ ਤੱਕ ਪਹੁੰਚ ਕਰਨ ਲਈ ਸਿੰਗਲ ਪਲੇਟਫਾਰਮ ਹੈ। ਇਹ ਮੁੱਖ ਖਾਮੀਆਂ ਜਿਵੇਂ ਕਿ ਉਪਲਬਧ ਪ੍ਰਤਿਭਾ ਬਾਰੇ ਪਤਾ ਨਾ ਹੋਣਾ, ਉਦਯੋਗ-ਸੰਸਥਾ ਦੀਆਂ ਵੱਖ-ਵੱਖ ਜ਼ਰੂਰਤਾਂ, ਮੰਗ-ਸਪਲਾਈ ਦੇ ਲਿੰਕ ਦੀ ਘਾਟ ਅਤੇ ਨਿਰਧਾਰਤ ਜਵਾਬੀ ਸਮਾਂ-ਸੀਮਾਵਾਂ ਦੀ ਅਣਹੋਂਦ ਨੂੰ ਦੂਰ ਕਰਦਾ ਹੈ।"

ਉਨ ਾਂ ਨੇ ਅੱਗੇ ਕਿਹਾ, "'ਫਾਸਟਟ੍ਰੈਕ ਪੰਜਾਬ' ਦੇ ਨਾਲ-ਨਾਲ ਹੁਨਰ ਪੰਜਾਬ ਪੋਰਟਲ ਉਦਯੋਗ ਲਈ ਹੁਨਰ ਵਿਕਾਸ ਅਤੇ ਰੋਜ਼ਗਾਰ ਦੇ ਮੁੱਖ ਧੁਰਾ ਹਨ। ਇਹ ਪੋਰਟਲ ਚਾਰ ਮਹੱਤਵਪੂਰਨ ਪੜਾਵਾਂ ਨੂੰ ਇੱਕੋ ਮੰਚ 'ਤੇ ਲਿਆਉਂਦੇ ਹਨ ਜਿਨ ਾਂ ਵਿੱਚ ਸੰਸਥਾਵਾਂ ਦੀ ਖੋਜ, ਭਰਤੀ ਤੇ ਰੋਜ਼ਗਾਰ, ਇੰਟਰਨਸ਼ਿਪ ਤੇ ਉਦਯੋਗਿਕ ਸਿਖਲਾਈ ਅਤੇ ਉਦਯੋਗ-ਸੰਸਥਾ ਦਾ ਸਹਿਯੋਗ ਸ਼ਾਮਲ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "7 ਪ੍ਰਸਾਸਨਿਕ ਵਿਭਾਗੀ ਸ੍ਰੇਣੀਆਂ ਵਿੱਚ 1,700 ਤੋਂ ਵੱਧ ਸੰਸਥਾਵਾਂ ਪਹਿਲਾਂ ਹੀ ਇਸ ਪੋਰਟਲ ਦਾ ਹਿੱਸਾ ਬਣ ਚੁੱਕੀਆਂ ਹਨ। ਇਸ ਵਿਵਸਥਾ ਵਿੱਚ ਨਿਸਚਿਤ ਸਮਾਂ-ਸੀਮਾ ਅਤੇ ਜਵਾਬਦੇਹੀ ਤੈਅ ਕੀਤੀ ਗਈ ਹੈ ਤਾਂ ਜੋ ਅਰਜੀਆਂ ਅਤੇ ਬੇਨਤੀਆਂ ਦਾ ਨਿਪਟਾਰਾ ਨਿਰਧਾਰਤ ਸਮੇਂ ਦੇ ਅੰਦਰ ਕੀਤਾ ਜਾ ਸਕੇ। ਉਦਯੋਗਾਂ, ਸੰਸਥਾਵਾਂ ਅਤੇ ਵਿਭਾਗਾਂ ਲਈ ਵਿਸੇਸ ਡੈਸ਼ਬੋਰਡ ਤਿਆਰ ਕੀਤੇ ਗਏ ਹਨ। ਇਹ ਪਲੇਟਫਾਰਮ ਹੈਲਪ-ਡੈਸਕ ਸਹਾਇਤਾ ਦੇ ਨਾਲ-ਨਾਲ ਸਵਾਲਾਂ ਅਤੇ ਸ਼ਿਕਾਇਤਾਂ ਦੇ ਨਿਵਾਰਨ ਦੀ ਸੁਵਿਧਾ ਵੀ ਪ੍ਰਦਾਨ ਕਰੇਗਾ, ਜਿਸ ਨਾਲ ਪੂਰੀ ਪ੍ਰਕਿਰਿਆ ਸਾਰੇ ਹਿੱਸੇਦਾਰਾਂ ਲਈ ਸੁਖਾਲੀ ਅਤੇ ਵਧੇਰੇ ਪਾਰਦਰਸੀ ਹੋ ਜਾਵੇਗੀ।"

ਪ੍ਰਗਟ ਸਿੰਘ ਤੇ...

ਇੱਥੇ ਪੁੱਜੇ ਕਾਂਗਰਸੀ ਵਰਕਰਾਂ ਅਤੇ ਪ੍ਰਸ਼ੰਸਕਾਂ ਦਾ ਧੰਨਵਾਦ ਕੀਤਾ। ਭਾਵੇਂ ਉਨ੍ਹਾਂ ਨੇ ਆਖਿਆ ਸੀ ਕਿ ਉਹ ਇੱਕ ਨਿਮਾਣੇ ਸਿੱਖ ਵਜੋਂ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਣਗੇ ਪਰ ਫਿਰ ਵੀ ਕਈ ਕਾਂਗਰਸੀ ਆਗੂ ਤੇ ਵਰਕਰ ਇੱਥੇ ਪਹਿਲਾਂ ਹੀ ਪੁੱਜੇ ਹੋਏ ਸਨ। ਜ਼ਿਕਰਯੋਗ ਹੈ ਕਿ ਹਵਾਈ ਅੱਡੇ ਤੋਂ ਸਚਿਨ ਪਾਇਲਟ ਨੇ ਕਾਰ ਨੂੰ ਡਰਾਈਵ ਕੀਤਾ, ਜਿਸ ਵਿੱਚ ਪ੍ਰਗਟ ਸਿੰਘ ਬੈਠੇ ਹੋਏ ਸਨ। ਉਹ ਦੋਵੇਂ ਹੀ ਇਕੱਠੇ ਹਰਿਮੰਦਰ ਸਾਹਿਬ ਪੁੱਜੇ। ਸਵਾਗਤ ਕਰਨ ਲਈ ਪੁੱਜੇ ਵਿਧਾਇਕ ਸੁਖਬਿੰਦਰ ਸਿੰਘ ਸੁੱਖ ਸਰਕਾਰੀਆ ਨੇ ਆਖਿਆ ਕਿ ਪਰਗਟ ਸਿੰਘ ਵੱਲੋਂ ਆਖਿਆ ਗਿਆ ਸੀ ਕਿ ਉਹ ਨਿਮਾਣੇ ਸਿੱਖ ਵੱਜੋਂ ਸ੍ਰੀ ਹਰਿਮੰਦਰ ਸਾਹਿਬ ਜਾਣਾ ਚਾਹੁੰਦੇ ਹਨ ਅਤੇ ਇਸੇ ਕਾਰਨ ਹਵਾਈ ਅੱਡੇ ਵਿਖੇ ਹੀ ਵਧੇਰੇ ਜੋਸ਼ ਤੇ ਢੋਲ ਢਮੱਕੇ ਨਾਲ ਉਨ੍ਹਾਂ ਦਾ ਸਵਾਗਤ ਕੀਤਾ ਗਿਆ।

ਯੂ.ਪੀ.ਆਈ. 'ਤੇ...

ਛੂਹਣ ਤੋਂ ਬਾਅਦ 4.39 ਫੀਸਦੀ ਡਿੱਗ ਕੇ 170 ਰੁਪਏ 'ਤੇ ਬੰਦ ਹੋਇਆ। ਐੱਨਪੀਐੱਸਟੀ ਦਾ ਸ਼ੇਅਰ ਵੀ 3.39 ਫੀਸਦੀ ਡਿੱਗ ਕੇ 1,791.30 ਰੁਪਏ 'ਤੇ ਬੰਦ ਹੋਇਆ।

ਅਮਰੀਕਾ ਵੱਲੋਂ ਮਾਈਕਰੋਸਾਫਟ...

ਸਮੇਂ ਹੋਈ ਹੈ ਜਦੋਂ ਟਰੰਪ ਪ੍ਰਸ਼ਾਸਨ ਵੱਲੋਂ ਵਿਦੇਸ਼ੀ ਕਾਮਿਆਂ ਨਾਲ ਸਬੰਧਤ ਵੀਜ਼ਾ ਅਤੇ ਸਥਾਈ ਨਿਵਾਸ ਪ੍ਰੋਗਰਾਮਾਂ ਦੀ ਜਾਂਚ ਤੇਜ਼ ਕੀਤੀ ਜਾ ਰਹੀ ਹੈ। ਅਮਰੀਕੀ ਸਰਕਾਰ ਨੇ ਪਹਿਲਾਂ ਵੀ ਐੱਚ-1ਬੀ ਵੀਜ਼ਾ ਪ੍ਰੋਗਰਾਮ ਵਿੱਚ ਕਥਿਤ ਦੁਰਵਰਤੋਂ ਅਤੇ ਧੋਖਾਧੜੀ ਨੂੰ ਲੈ ਕੇ ਸਖ਼ਤੀ ਕੀਤੀ ਹੈ। ਮਾਈਕਰੋਸਾਫਟ ਨੂੰ ਜਿਸ ਪ੍ਰੋਗਰਾਮ ਤੋਂ ਮੁਅੱਤਲ ਕੀਤਾ ਗਿਆ ਹੈ, ਉਹ ਰੁਜ਼ਗਾਰ ਆਧਾਰਿਤ ਗਰੀਨ ਕਾਰਡ ਲਈ ਵਿਦੇਸ਼ੀ ਕਾਮਿਆਂ ਨੂੰ ਸਪਾਂਸਰ ਕਰਨ ਦੀ ਪ੍ਰਕਿਰਿਆ ਦਾ ਮਹੱਤਵਪੂਰਨ ਹਿੱਸਾ ਹੈ। ਇਸ ਤਹਿਤ ਕੰਪਨੀਆਂ ਨੂੰ ਵਿਦੇਸ਼ੀ ਕਾਮਿਆਂ ਲਈ ਲੇਬਰ ਸਰਟੀਫਿਕੇਸ਼ਨ ਹਾਸਲ ਕਰਨੀ ਪੈਂਦੀ ਹੈ।

ਜਥੇਦਾਰ ਗੜਗੱਜ ਵੱਲੋਂ...

ਕਾਰਵਾਈ ਯਕੀਨੀ ਬਣਾਉਣ ਦੇ ਆਦੇਸ਼ ਦਿੱਤੇ ਹਨ। ਨਾਲ ਹੀ, ਪੰਜਾਬ ਸਰਕਾਰ ਦੇ ਮੁੱਖ ਸਕੱਤਰ ਨਾਲ ਲਿਖਾਪੜ੍ਹੀ ਕਰਕੇ ਇਤਿਹਾਸਕ ਗੁਰੂ ਘਰਾਂ ਨੇੜੇ ਨਜਾਇਜ਼ ਕਬਜ਼ੇ ਰੋਕਣ ਲਈ ਕਿਹਾ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬਾਨ ਤੋਂ ਹਰ ਲੋੜਵੰਦ ਨੂੰ ਲੰਗਰ ਛਕਾਇਆ ਜਾਂਦਾ ਹੈ, ਪਰ ਜੇਕਰ ਕੋਈ ਧਾੜਵੀ ਬਣ ਕੇ ਹਮਲਾ ਕਰੇਗਾ ਤਾਂ ਸਿੱਖ ਇਸ ਨੂੰ ਬਰਦਾਸ਼ਤ ਨਹੀਂ ਕਰਨਗੇ। ਇਸ ਤੋਂ ਇਲਾਵਾ, ਉਨ੍ਹਾਂ ਘਟਨਾ ਨਾਲ ਜੋੜ ਕੇ ਏ-ਆਈ ਰਾਹੀਂ ਨਕਲੀ ਤਸਵੀਰਾਂ ਵਾਇਰਲ ਕਰਨ 'ਤੇ ਚਿੰਤਾ ਜਤਾਈ ਅਤੇ ਮਾਹੌਲ ਖਰਾਬ ਹੋਣ ਤੋਂ ਬਚਣ ਲਈ ਤਕਨਾਲੋਜੀ ਦੀ ਸਕਾਰਾਤਮਕ ਵਰਤੋਂ ਕਰਨ ਦੀ ਅਪੀਲ ਕੀਤੀ।

ਭਾਰਤ-ਪਾਕਿ ਸਰਹੱਦ...

ਫਿਰ ਪਾਕਿਸਤਾਨੀ ਤਸਕਰਾਂ ਵੱਲੋਂ ਤੋਹਫ਼ੇ ਵਜੋਂ ਭੇਜੇ ਗਏ ਹੋਣ। ਜਾਣਕਾਰੀ ਅਨੁਸਾਰ, ਇਸ ਸਰਹੱਦੀ ਜ਼ਿਲ੍ਹੇ ਦੇ ਨੇੜੇ ਸਥਿਤ ਸਭ ਤੋਂ ਨਜ਼ਦੀਕੀ ਪਾਕਿਸਤਾਨੀ ਸ਼ਹਿਰ ਕਸੂਰ ਹੈ, ਜੋ ਕਿ ਪੰਜਾਬੀ ਜੁੱਤੀਆਂ ਅਤੇ ਇਸ ਤਰ੍ਹਾਂ ਦੇ ਗਹਿਣਿਆਂ ਲਈ ਮਸ਼ਹੂਰ ਹੈ। ਐੱਸ ਐੱਸ ਪੀ ਨੇ ਕਿਹਾ ਕਿ ਪੁਲੀਸ ਮਾਮਲੇ ਦੀ ਜਾਂਚ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੁਲੀਸ ਵੱਲੋਂ ਮੁਲਜ਼ਮਾਂ ਦੀ ਪਛਾਣ ਕਰ ਲਈ ਗਈ ਹੈ ਅਤੇ ਜਲਦੀ ਹੀ ਉਨ੍ਹਾਂ ਨੂੰ ਕਾਬੂ ਕਰ ਲਿਆ ਜਾਵੇਗਾ।

ਸਾਊਦੀ ਹਵਾਈ ਅੱਡਿਆਂ ...

ਵਿੱਚ ਸਾਊਦੀ ਅਰਬ, ਬੰਗਲਾਦੇਸ਼ ਅਤੇ ਫਿਲੀਪੀਨਜ਼ ਦੇ ਨਾਗਰਿਕ ਸ਼ਾਮਲ ਸਨ। ਵੱਖਰੇ ਤੌਰ 'ਤੇ, ਕਿੰਗ ਖਾਲਿਦ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਹੋਏ ਹਮਲੇ ਵਿੱਚ ਇੱਕ ਸੂਡਾਨੀ ਨਾਗਰਿਕ ਦੀ ਮੌਤ ਹੋ ਗਈ ਅਤੇ ਅੱਠ ਲੋਕ ਜ਼ਖ਼ਮੀ ਹੋ ਗਏ, ਜਿਨ੍ਹਾਂ ਵਿੱਚ ਪੰਜ ਸਾਊਦੀ ਨਾਗਰਿਕ, ਦੋ ਮਿਸਰ ਦੇ ਵਸਨੀਕ ਅਤੇ ਇੱਕ ਪਾਕਿਸਤਾਨੀ ਵਸਨੀਕ ਸ਼ਾਮਲ ਸਨ।

7131 ਨੇ ਦੱਸਿਆ ਕਿ ਸਾਰੇ ਜ਼ਖ਼ਮੀਆਂ ਨੂੰ ਹਸਪਤਾਲ ਪਹੁੰਚਾ ਦਿੱਤਾ ਗਿਆ ਹੈ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ਼, ਇੰਡਰਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਣ ਲਈ ਸਰਕਾਰ ਵਚਨਬੱਧ : ਡਿਪਟੀ ਸਪੀਕਰ ਰੌੜੀ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਗੜ੍ਹਸ਼ੰਕਰ ਦੇ ਵਿਧਾਇਕ ਸ.ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਅੱਜ ਹਲਕੇ ਦੀਆਂ ਵੱਖ-ਵੱਖ ਅਨਾਜ ਮੰਡੀਆਂ ਦਾ ਵਿਸ਼ੇਸ਼ ਦੌਰਾ ਕਰਦਿਆਂ ਝੋਨੇ ਦੀ ਖਰੀਦ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਡਿਪਟੀ ਸਪੀਕਰ ਰੌੜੀ ਨੇ ਰੋੜ ਮਜਾਰਾ, ਸਮੁੰਦੜਾ, ਪਨਾਮ, ਗੜ੍ਹਸ਼ੰਕਰ, ਮੇਗੋਵਾਲ, ਮਾਹਿਲਪੁਰ ਅਤੇ ਮੋਰਾਂਵਾਲੀ ਦੀਆਂ ਮੰਡੀਆਂ ਵਿੱਚ ਪਹੁੰਚ ਕੇ ਕਿਸਾਨਾਂ, ਆੜ੍ਹਤੀਆਂ ਅਤੇ ਮੰਡੀ ਨਾਲ ਸਬੰਧਤ ਅਧਿਕਾਰੀਆਂ ਨਾਲ ਗੱਲਬਾਤ ਕੀਤੀ।

ਇਸ ਮੌਕੇ ਡਿਪਟੀ ਸਪੀਕਰ ਰੌੜੀ ਨੇ ਮੰਡੀਆਂ ਵਿੱਚ ਝੋਨੇ ਦੀ ਆਮਦ, ਖਰੀਦ, ਲਿਫਟਿੰਗ, ਬਾਰਦਾਨੇ, ਭੁਗਤਾਨ ਅਤੇ ਹੋਰ ਪ੍ਰਬੰਧਾਂ ਸਬੰਧੀ ਵਿਸਥਾਰ ਨਾਲ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਨੇ ਮੰਡੀ ਵਿੱਚ ਆਪਣੀ ਫ਼ਸਲ ਲੈ ਕੇ ਪਹੁੰਚੇ ਕਿਸਾਨਾਂ ਨਾਲ ਵੀ ਸਿੱਧੀ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਜਾਣਿਆ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਫ਼ਸਲ ਵੇਚਣ ਸਮੇਂ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਹੀਂ ਆਉਣੀ ਚਾਹੀਦੀ ਅਤੇ ਇਸ ਸਬੰਧੀ ਅਧਿਕਾਰੀ ਪੂਰੀ ਗੰਭੀਰਤਾ ਨਾਲ ਕੰਮ ਕਰਨ।

ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਝੋਨੇ ਦੀ ਖਰੀਦ ਲਈ ਮੰਡੀਆਂ ਵਿੱਚ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ ਅਤੇ ਕਿਸਾਨਾਂ ਦੀ ਸਹੂਲਤ ਨੂੰ ਪਹਿਲ ਦਿੱਤੀ ਜਾ ਰਹੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਸਪੱਸ਼ਟ ਹਦਾਇਤਾਂ ਦਿੱਤੀਆਂ ਕਿ ਖਰੀਦ ਪ੍ਰਕਿਰਿਆ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਜਾਂ ਬੇਲੋੜੀ ਦੇਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਝੋਨੇ ਦੀ ਖਰੀਦ ਦੇ ਨਾਲ-ਨਾਲ ਖਰੀਦੀ ਗਈ ਫ਼ਸਲ ਦੀ ਲਿਫਟਿੰਗ ਨੂੰ ਵੀ ਤੇਜ਼ ਕੀਤਾ ਜਾਵੇ ਤਾਂ ਜੋ ਮੰਡੀਆਂ ਵਿੱਚ ਫ਼ਸਲ ਦਾ ਬੇਲੋੜਾ ਭੰਡਾਰ ਨਾ ਹੋਵੇ ਅਤੇ ਕਿਸਾਨ ਆਪਣੀ ਅਗਲੀ ਫ਼ਸਲ ਲੈ ਕੇ ਸਮੇਂ ਸਿਰ ਮੰਡੀ ਵਿੱਚ ਪਹੁੰਚ ਸਕਣ। ਉਨ੍ਹਾਂ ਮੰਡੀ ਅਧਿਕਾਰੀਆਂ ਅਤੇ ਖਰੀਦ ਏਜੰਸੀਆਂ ਦੇ ਨੁਮਾਇੰਦਿਆਂ ਤੋਂ ਰੋਜ਼ਾਨਾ ਦੀ ਖਰੀਦ ਅਤੇ ਲਿਫਟਿੰਗ ਸਬੰਧੀ ਜਾਣਕਾਰੀ ਵੀ ਲਈ।

ਡਿਪਟੀ ਸਪੀਕਰ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਰਕਾਰ ਵੱਲੋਂ ਜਾਰੀ ਕੀਤੇ ਗਏ ਮਾਪਦੰਡਾਂ ਅਨੁਸਾਰ ਆਪਣੀ ਸੁੱਕੀ ਅਤੇ ਮਿਆਰੀ ਫ਼ਸਲ ਮੰਡੀਆਂ ਵਿੱਚ ਲੈ ਕੇ ਆਉਣ, ਤਾਂ ਜੋ ਖਰੀਦ ਪ੍ਰਕਿਰਿਆ ਤੇਜ਼ੀ ਨਾਲ ਮੁਕੰਮਲ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਲਈ ਕਿਸੇ ਵੀ ਤਰ੍ਹਾਂ ਦੀ ਖੱਜਲ-ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਉਹ ਖੁਦ ਵੀ ਮੰਡੀਆਂ ਦੇ ਪ੍ਰਬੰਧਾਂ ਦੀ ਲਗਾਤਾਰ ਨਿਗਰਾਨੀ ਕਰ ਰਹੇ ਹਨ।

ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਕਿਸਾਨਾਂ ਦੀਆਂ ਸ਼ਿਕਾਇਤਾਂ ਨੂੰ ਪਹਿਲ ਦੇ ਆਧਾਰ 'ਤੇ ਸੁਣਿਆ ਜਾਵੇ ਅਤੇ ਜੇਕਰ ਕਿਸੇ ਮੰਡੀ ਵਿੱਚ ਕੋਈ ਸਮੱਸਿਆ ਸਾਹਮਣੇ ਆਉਂਦੀ ਹੈ ਤਾਂ ਉਸ ਦਾ ਤੁਰੰਤ ਹੱਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਝੋਨੇ ਦੀ ਖਰੀਦ ਦਾ ਸੀਜ਼ਨ ਕਿਸਾਨਾਂ ਲਈ ਬਹੁਤ ਮਹੱਤਵਪੂਰਨ ਹੁੰਦਾ ਹੈ ਅਤੇ ਇਸ ਦੌਰਾਨ ਸਰਕਾਰ, ਪ੍ਰਸ਼ਾਸਨ ਅਤੇ ਖਰੀਦ ਏਜੰਸੀਆਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨਾ ਚਾਹੀਦਾ ਹੈ।

ਇਸ ਮੌਕੇ ਕਿਸਾਨਾਂ ਨੇ ਵੀ ਮੰਡੀਆਂ ਵਿੱਚ ਕੀਤੇ ਜਾ ਰਹੇ ਪ੍ਰਬੰਧਾਂ ਸਬੰਧੀ ਡਿਪਟੀ ਸਪੀਕਰ ਰੌੜੀ ਨਾਲ ਆਪਣੇ ਵਿਚਾਰ ਸਾਂਝੇ ਕੀਤੇ। ਰੌੜੀ ਨੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਹਰ ਸੰਭਵ ਕਦਮ ਚੁੱਕ ਰਹੀ ਹੈ ਅਤੇ ਝੋਨੇ ਦੀ ਖਰੀਦ ਦੌਰਾਨ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਹਲਕਾ ਸੰਗਠਨ ਇੰਚਾਰਜ ਚਰਨਜੀਤ ਸਿੰਘ ਚੰਨੀ, ਮਾਰਕੀਟ ਕਮੇਟੀ ਤੋਂ ਚੇਅਰਮੈਨ ਬਲਦੀਪ ਸੈਣੀ, ਬਲਾਕ ਪ੍ਰਧਾਨ ਜਗਤਾਰ ਕਿਤਨਾ, ਸਬੰਧਤ ਅਧਿਕਾਰੀ, ਮੰਡੀ ਕਰਮਚਾਰੀ, ਆੜ੍ਹਤੀਏ, ਕਿਸਾਨ ਅਤੇ ਇਲਾਕੇ ਦੇ ਹੋਰ ਪਤਵੰਤੇ ਹਾਜ਼ਰ ਸਨ।

ਕਲਾਸਰੂਮ ਤੋਂ ਸਮਾਜ ਤੱਕ: ਨੌਜਵਾਨਾਂ ਨੂੰ ਸਮਾਜਿਕ ਬਦਲਾਅ ਦੀ ਅਗਵਾਈ ਲਈ ਕੀਤਾ ਪ੍ਰੇਰਿਤ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਨੌਜਵਾਨ ਸਿਰਫ਼ ਸਿੱਖਿਆ ਹਾਸਲ ਕਰਨ ਤੱਕ ਸੀਮਿਤ ਨਾ ਰਹਿਣ, ਸਗੋਂ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਸਮਝਦਿਆਂ ਉਸਾਰੂ ਬਦਲਾਅ ਦੇ ਸਰਗਰਮ ਭਾਗੀਦਾਰ ਬਣਨ। ਇਹ ਸੰਦੇਸ਼ ਵੁਡਲੈਂਡ ਓਵਰਸੀਜ਼ ਸਕੂਲ, ਹੋਸ਼ਿਆਰਪੁਰ ਵਿਖੇ ਵੀਰਵਾਰ ਨੂੰ 'ਸਮਾਜਿਕ ਬਦਲਾਅ ਵਿੱਚ ਨੌਜਵਾਨ ਆਗੂਆਂ ਦੀ ਭੂਮਿਕਾ' ਵਿਸ਼ੇ 'ਤੇ ਕਰਵਾਏ ਗਏ ਵਿਸ਼ੇਸ਼ ਸੈਮੀਨਾਰ ਦੌਰਾਨ ਦਿੱਤਾ ਗਿਆ। ਸੈਮੀਨਾਰ ਵਿੱਚ ਪ੍ਰਸ਼ਾਸਨ, ਉਦਯੋਗ ਅਤੇ ਸਿੱਖਿਆ ਖੇਤਰ ਨਾਲ ਜੁੜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਵਿਦਿਆਰਥੀਆਂ ਨਾਲ ਲੀਡਰਸ਼ਿਪ, ਨਾਗਰਿਕ ਜ਼ਿੰਮੇਵਾਰੀ, ਉੱਦਮਸ਼ੀਲਤਾ, ਸਮਾਜ ਸੇਵਾ ਅਤੇ ਸਮਾਜਿਕ ਬਦਲਾਅ ਨਾਲ ਜੁੜੇ ਵੱਖ-ਵੱਖ ਪੱਖਾਂ ਬਾਰੇ ਵਿਚਾਰ ਸਾਂਝੇ ਕੀਤੇ ਗਏ। ਸਮਾਗਮ ਦੀ ਸ਼ੁਰੂਆਤ ਸਵਾਗਤੀ ਭਾਸ਼ਣ, ਮਹਿਮਾਨਾਂ ਦੇ ਫੁੱਲਾਂ ਨਾਲ ਸਵਾਗਤ, ਜੋਤੀ ਪ੍ਰਜਵਲਿਤ ਕਰਨ ਦੀ ਰਸਮ ਅਤੇ ਸੱਭਿਆਚਾਰਕ ਪੇਸ਼ਕਾਰੀ ਨਾਲ ਹੋਈ। ਸੰਜੀਵ ਕੁਮਾਰ, ਪ੍ਰਧਾਨ, ਐਨ.ਜੀ.ਓ. ਏ4ਸੀ ਦਸੂਹਾ, ਨੇ ਮਹਿਮਾਨਾਂ ਨਾਲ ਜਾਣ-ਪਛਾਣ ਕਰਵਾਉਂਦਿਆਂ ਸੈਮੀਨਾਰ ਦੇ ਉਦੇਸ਼ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਸਮਾਜਿਕ ਸਮੱਸਿਆਵਾਂ ਨੂੰ ਸਮਝਣ ਅਤੇ ਉਨ੍ਹਾਂ ਦੇ ਹੱਲ ਲਈ ਸਰਗਰਮ ਭੂਮਿਕਾ ਨਿਭਾਉਣ ਦੇ ਮੌਕੇ ਮਿਲਣੇ ਚਾਹੀਦੇ ਹਨ।

ਅਜੇਸ਼ ਗੁਪਤਾ, ਸਹਾਇਕ ਉਪ-ਪ੍ਰਧਾਨ, ਕੁਆਂਟਮ ਪੇਪਰਜ਼, ਨੇ ਲੀਡਰਸ਼ਿਪ, ਪੇਸ਼ੇਵਰ ਕਦਰਾਂ-ਕੀਮਤਾਂ ਅਤੇ ਸਮਾਜਿਕ ਜ਼ਿੰਮੇਵਾਰੀ ਬਾਰੇ ਆਪਣੇ ਤਜਰਬੇ ਸਾਂਝੇ ਕੀਤੇ। ਉਨ੍ਹਾਂ ਵਿਦਿਆਰਥੀਆਂ ਨੂੰ ਉੱਤਮਤਾ ਹਾਸਲ ਕਰਨ ਦੇ ਨਾਲ-ਨਾਲ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਵੀ ਸਮਝਣ ਲਈ ਪ੍ਰੇਰਿਤ ਕੀਤਾ।

ਪਰਮਪ੍ਰੀਤ ਸਿੰਘ, ਐਸਡੀਐਮ, ਹੁਸ਼ਿਆਰਪੁਰ, ਨੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਜ਼ਿੰਮੇਵਾਰ ਨਾਗਰਿਕ ਬਣਨ ਅਤੇ ਸਮਾਜਿਕ ਜੀਵਨ ਵਿੱਚ ਉਸਾਰੂ ਢੰਗ ਨਾਲ ਯੋਗਦਾਨ ਪਾਉਣ ਦੀ ਮਹੱਤਤਾ 'ਤੇ ਚਾਨਣਾ ਪਾਇਆ।

ਉਦਮਸ਼ੀਲਤਾ ਅਤੇ ਲੀਡਰਸ਼ਿਪ ਬਾਰੇ ਵਿਚਾਰ ਸਾਂਝੇ ਕਰਦਿਆਂ ਕੁਨਾਲ ਯਾਦਵ, ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ, ਇੰਡੀਅਨ ਸੁਕਰੋਜ਼ ਲਿਮਟਿਡ, ਮੁਕੇਰੀਆਂ, ਨੇ ਵਿਦਿਆਰਥੀਆਂ ਨੂੰ ਪਹਿਲਕਦਮੀ ਕਰਨ, ਨਵੀਆਂ ਸੰਭਾਵਨਾਵਾਂ ਦੀ ਪਛਾਣ ਕਰਨ ਅਤੇ ਸਮਾਜ ਲਈ ਲਾਹੇਵੰਦ ਮੌਕੇ ਪੈਦਾ ਕਰਨ ਵਾਲੀ ਸੋਚ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ।

ਮੁੱਖ ਮਹਿਮਾਨ ਆਸ਼ਿਕਾ ਜੈਨ ਆਈ.ਏ.ਐਸ., ਡਿਪਟੀ ਕਮਿਸ਼ਨਰ, ਹੋਸ਼ਿਆਰਪੁਰ, ਨੇ ਆਪਣੇ ਮੁੱਖ ਭਾਸ਼ਣ ਵਿੱਚ ਸਮਾਜਿਕ ਵਿਕਾਸ ਵਿੱਚ ਨੌਜਵਾਨਾਂ ਦੀ ਵਧ ਰਹੀ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਵਿਦਿਆਰਥੀਆਂ ਨੂੰ ਲੀਡਰਸ਼ਿਪ ਦੇ ਗੁਣ ਵਿਕਸਿਤ ਕਰਨ, ਸਮਾਜਿਕ ਸਰੋਕਾਰਾਂ ਪ੍ਰਤੀ ਸੰਵੇਦਨਸ਼ੀਲ ਰਹਿਣ ਅਤੇ ਆਪਣੀ ਸਿੱਖਿਆ ਤੇ ਯੋਗਤਾਵਾਂ ਨੂੰ ਸਮਾਜ ਦੇ ਵੱਡੇ ਹਿੱਤ ਲਈ ਵਰਤਣ ਲਈ ਪ੍ਰੇਰਿਤ ਕੀਤਾ।

ਉਨ੍ਹਾਂ ਕਿਹਾ ਕਿ ਅਸਲ ਲੀਡਰਸ਼ਿਪ ਕਿਸੇ ਅਹੁਦੇ ਜਾਂ ਅਧਿਕਾਰ ਦਾ ਨਾਮ ਨਹੀਂ, ਸਗੋਂ ਜ਼ਿੰਮੇਵਾਰੀ ਸਵੀਕਾਰ ਕਰਨ, ਚੁਣੌਤੀਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਦੇ ਸਾਰਥਕ ਹੱਲ ਲਈ ਯਤਨ ਕਰਨ ਦਾ ਨਾਮ ਹੈ। ਸੈਮੀਨਾਰ ਦੌਰਾਨ ਨਾਗਰਿਕ ਜ਼ਿੰਮੇਵਾਰੀ, ਸਿੱਖਿਆ, ਸਮਾਜ ਭਲਾਈ, ਟਿਕਾਊ ਵਿਕਾਸ, ਉੱਦਮਸ਼ੀਲਤਾ ਅਤੇ ਭਾਈਚਾਰਕ ਭਾਗੀਦਾਰੀ ਵਰਗੇ ਵਿਸ਼ਿਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਬੁਲਾਰਿਆਂ ਅਤੇ ਵਿਦਿਆਰਥੀਆਂ ਵਿਚਕਾਰ ਹੋਈ ਗੱਲਬਾਤ ਨੇ ਸਮਾਗਮ ਨੂੰ ਜਾਣਕਾਰੀ ਭਰਪੂਰ ਅਤੇ ਪ੍ਰੇਰਨਾਦਾਇਕ ਬਣਾਇਆ।

ਐੱਮ.ਐੱਸ. ਗਿੱਲ, ਚੇਅਰਮੈਨ ਅਤੇ ਪ੍ਰਬੰਧ ਨਿਰਦੇਸ਼ਕ, ਵੁੱਡਲੈਂਡ ਓਵਰਸੀਜ਼ ਸਕੂਲ, ਅਤੇ ਸੰਜੀਵ ਕੁਮਾਰ, ਪ੍ਰਧਾਨ, ਐਨ.ਜੀ.ਓ. ਏ4ਸੀ ਦਸੂਹਾ, ਨੇ ਕਿਹਾ ਕਿ ਸਮਾਜ ਵਿੱਚ ਸਾਰਥਕ ਅਤੇ ਟਿਕਾਊ ਬਦਲਾਅ ਲਿਆਉਣ ਲਈ ਨੌਜਵਾਨਾਂ ਦੀ ਸਰਗਰਮ ਭਾਗੀਦਾਰੀ ਬੇਹੱਦ ਜ਼ਰੂਰੀ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਇਹ ਸੈਮੀਨਾਰ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਨਾਗਰਿਕ ਅਤੇ ਭਵਿੱਖ ਦੇ ਆਗੂ ਬਣਨ ਲਈ ਪ੍ਰੇਰਿਤ ਕਰੇਗਾ।

ਇਸ ਮੌਕੇ ਡਾ. ਸਿਮਰਜੀਤ ਗਿੱਲ, ਡੀਨ, ਵੁੱਡਲੈਂਡ ਓਵਰਸੀਜ਼ ਸਕੂਲ, ਹੋਸ਼ਿਆਰਪੁਰ, ਅਤੇ ਪ੍ਰਿੰਸੀਪਲ ਪੂਜਾ ਧੀਮਾਨ ਵੀ ਹਾਜ਼ਰ ਸਨ ਅਤੇ ਉਨ੍ਹਾਂ ਨੇ ਇਸ ਉਪਰਾਲੇ ਦੀ ਸਫਲਤਾ ਵਿੱਚ ਸਹਿਯੋਗ ਦਿੱਤਾ। ਸਮਾਗਮ ਦੌਰਾਨ ਆਏ ਹੋਏ ਮਹਿਮਾਨਾਂ ਦਾ ਪ੍ਰਬੰਧਕਾਂ ਵੱਲੋਂ ਸਨਮਾਨ ਕੀਤਾ ਗਿਆ।

ਅੰਤ ਵਿੱਚ ਸਕੂਲ ਪ੍ਰਬੰਧਕ ਕਮੇਟੀ ਵੱਲੋਂ ਅੰਗਦ ਗਿੱਲ ਨੇ ਧੰਨਵਾਦ ਮਤਾ ਪੇਸ਼ ਕੀਤਾ। ਇਸ ਉਪਰੰਤ ਰਾਸ਼ਟਰੀ ਗੀਤ ਨਾਲ ਸਮਾਗਮ ਦੀ ਸਮਾਪਤੀ ਹੋਈ।

ਸਾਰਾਗੜ੍ਹੀ ਦੀ ਗੌਰਵਗਾਥਾ ਨੂੰ ਜਨ-ਜਨ ਤੱਕ ਪਹੁੰਚਾਉਣ ਲਈ ਸਮਰਪਿਤ ਹਨ ਡਾ. ਗੁਰਿੰਦਰ ਪਾਲ ਸਿੰਘ ਜੋਸਨ

ਪੈ.ਗਾਮ-ਏ-ਜਗਤ
ਅੰਮ੍ਰਿਤਸਰ (ਦਲਜੀਤ ਅਜਨੋਹਾ)



ਸਾਰਾਗੜ੍ਹੀ ਫਾਊਂਡੇਸ਼ਨ ਦੇ ਫਾਊਂਡਰ, ਲੇਖਕ ਅਤੇ ਵੱਖ-ਵੱਖ ਪ੍ਰਤਿਭਾਵਾਂ ਦੇ ਸੁਮੇਲ ਵਾਲੇ ਬਹੁਪੱਖੀ ਸ਼ਖ਼ਸੀਅਤ ਡਾ. ਗੁਰਿੰਦਰ ਪਾਲ ਸਿੰਘ ਜੋਸਨ ਨੇ ਸਾਰਾਗੜ੍ਹੀ ਦੀ ਇਤਿਹਾਸਕ ਘਟਨਾ, ਇਸ ਨਾਲ ਜੁੜੇ ਸ਼ਹੀਦਾਂ ਦੀ ਬਹਾਦਰੀ ਅਤੇ ਇਸ ਗੌਰਵਮਈ ਇਤਿਹਾਸ ਦੇ ਪ੍ਰਚਾਰ ਤੇ ਪ੍ਰਸਾਰ ਨੂੰ ਆਪਣੇ ਜੀਵਨ ਦਾ ਮਹੱਤਵਪੂਰਨ ਮਕਸਦ ਬਣਾਇਆ ਹੋਇਆ ਹੈ।

ਸੀਨੀਅਰ ਸੰਵਾਦਦਾਤਾ ਦਲਜੀਤ ਅਜਨੋਹਾ ਵੱਲੋਂ ਕੀਤੀ ਗਈ ਵਿਸ਼ੇਸ਼ ਗੱਲਬਾਤ ਦੌਰਾਨ ਡਾ. ਜੋਸਨ ਨੇ ਸਾਰਾਗੜ੍ਹੀ ਦੀ ਪੂਰੀ ਇਤਿਹਾਸਕ ਪਿਛੋਕੜ, ਇਸ ਨਾਲ ਜੁੜੀਆਂ ਘਟਨਾਵਾਂ ਅਤੇ ਸਾਰਾਗੜ੍ਹੀ ਦੇ ਸ਼ਹੀਦਾਂ ਦੀ ਕੁਰਬਾਨੀ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ। ਗੱਲਬਾਤ ਦੌਰਾਨ ਡਾ. ਜੋਸਨ ਨੇ ਦੱਸਿਆ ਕਿ ਸਾਰਾਗੜ੍ਹੀ ਦੀ ਘਟਨਾ ਸਿਰਫ਼ ਫੌਜੀ ਇਤਿਹਾਸ ਦਾ ਇੱਕ ਅਧਿਆਇ ਨਹੀਂ, ਸਗੋਂ ਹਿੰਮਤ, ਫਰਜ਼, ਅਨੁਸ਼ਾਸਨ, ਵਫ਼ਾਦਾਰੀ ਅਤੇ ਦੇਸ਼ਭਗਤੀ ਦੀ ਇੱਕ ਅਦੁੱਤੀ ਮਿਸਾਲ ਹੈ। ਉਨ੍ਹਾਂ ਨੇ ਸਾਰਾਗੜ੍ਹੀ ਦੇ ਯੁੱਧ ਨਾਲ ਜੁੜੇ ਵੱਖ-ਵੱਖ ਘਟਨਾਕ੍ਰਮ ਅਤੇ ਉਸ ਸਮੇਂ ਸਿੱਖ ਸੈਨਿਕਾਂ ਵੱਲੋਂ ਦਿਖਾਈ ਗਈ ਬਹਾਦਰੀ ਤੇ ਕੁਰਬਾਨੀ ਦੇ ਇਤਿਹਾਸਕ ਮਹੱਤਵ ਬਾਰੇ ਚਾਨਣਾ ਪਾਇਆ। ਡਾ. ਗੁਰਿੰਦਰ ਪਾਲ ਸਿੰਘ ਜੋਸਨ ਨੇ ਕਿਹਾ ਕਿ ਸਾਰਾਗੜ੍ਹੀ ਦੇ ਬਹਾਦਰ ਸੈਨਿਕਾਂ ਨੇ ਬੇਹੱਦ ਮੁਸ਼ਕਲ ਹਾਲਾਤਾਂ ਦੇ ਬਾਵਜੂਦ ਜਿਸ ਦਲੇਰੀ, ਸਬਰ ਅਤੇ ਫਰਜ਼ ਪ੍ਰਤੀ ਸਮਰਪਣ ਦਾ ਸਬੂਤ ਦਿੱਤਾ, ਉਹ ਅੱਜ ਵੀ ਨੌਜਵਾਨ ਪੀੜ੍ਹੀ ਲਈ ਪ੍ਰੇਰਨਾ ਦਾ ਸਰੋਤ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਸਾਰਾਗੜ੍ਹੀ ਦੇ ਇਤਿਹਾਸ ਬਾਰੇ ਨਵੀਂ ਪੀੜ੍ਹੀ ਨੂੰ ਸਹੀ ਅਤੇ ਪ੍ਰਮਾਣਿਕ ਜਾਣਕਾਰੀ ਦੇਣਾ ਸਮੇਂ ਦੀ ਵੱਡੀ ਲੋੜ ਹੈ। ਉਨ੍ਹਾਂ ਦੱਸਿਆ ਕਿ ਸਾਰਾਗੜ੍ਹੀ ਦੇ ਇਤਿਹਾਸ ਨੂੰ ਆਮ ਲੋਕਾਂ ਅਤੇ ਖਾਸ ਕਰਕੇ ਨੌਜਵਾਨਾਂ ਤੱਕ ਪਹੁੰਚਾਉਣ ਲਈ ਉਹ ਲਗਾਤਾਰ ਯਤਨ ਕਰ ਰਹੇ ਹਨ। ਲੇਖਨ, ਖੋਜ, ਵਿਚਾਰ-ਵਟਾਂਦਰੇ ਅਤੇ ਜਾਗਰੂਕਤਾ ਗਤੀਵਿਧੀਆਂ ਰਾਹੀਂ ਸਾਰਾਗੜ੍ਹੀ ਦੀ ਗੌਰਵਗਾਥਾ ਨੂੰ ਲੋਕਾਂ ਤੱਕ ਪਹੁੰਚਾਉਣਾ ਉਨ੍ਹਾਂ ਦੇ ਮੁੱਖ ਉਦੇਸ਼ਾਂ ਵਿੱਚ ਸ਼ਾਮਲ ਹੈ।

ਡਾ. ਜੋਸਨ ਨੇ ਕਿਹਾ ਕਿ ਸਾਰਾਗੜ੍ਹੀ ਦੀ ਗਾਥਾ ਸਿਰਫ਼ ਇਤਿਹਾਸ ਦੀਆਂ ਕਿਤਾਬਾਂ ਤੱਕ ਸੀਮਿਤ ਨਹੀਂ ਰਹਿਣੀ ਚਾਹੀਦੀ, ਸਗੋਂ ਇਸ ਦੇ ਸੰਦੇਸ਼ ਅਤੇ ਸ਼ਹੀਦਾਂ ਦੀ ਕੁਰਬਾਨੀ ਨੂੰ ਸਮਾਜ ਦੇ ਹਰ ਵਰਗ ਤੱਕ ਪਹੁੰਚਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਆਪਣੇ ਇਤਿਹਾਸ, ਵਿਰਸੇ ਅਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਜਾਣਨਾ ਅਤੇ ਉਨ੍ਹਾਂ ਤੋਂ ਪ੍ਰੇਰਣਾ ਲੈਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਸੀਨੀਅਰ ਸੰਵਾਦਦਾਤਾ ਦਲਜੀਤ ਅਜਨੋਹਾ ਨਾਲ ਹੋਈ ਇਸ ਵਿਸ਼ੇਸ਼ ਗੱਲਬਾਤ ਦੌਰਾਨ ਡਾ. ਜੋਸਨ ਨੇ ਸਾਰਾਗੜ੍ਹੀ ਨਾਲ ਜੁੜੇ ਕਈ ਇਤਿਹਾਸਕ ਪੱਖਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਦੀ ਗੱਲਬਾਤ ਤੋਂ ਇਹ ਸਪੱਸ਼ਟ ਹੁੰਦਾ ਹੈ ਕਿ ਸਾਰਾਗੜ੍ਹੀ ਦੇ ਇਤਿਹਾਸ ਨੂੰ ਸੰਭਾਲਣਾ ਅਤੇ ਇਸ ਦੀ ਗੌਰਵਗਾਥਾ ਦਾ ਪ੍ਰਚਾਰ-ਪ੍ਰਸਾਰ ਕਰਨਾ ਉਨ੍ਹਾਂ ਲਈ ਸਿਰਫ਼ ਇੱਕ ਕੰਮ ਨਹੀਂ, ਸਗੋਂ ਇੱਕ ਸਮਰਪਿਤ ਮਿਸ਼ਨ ਹੈ।

ਖੇਡਾਂ ਵਤਨ ਪੰਜਾਬ ਦੀਆਂ-2026 -ਮਾਹਿਲਪੁਰ 'ਚ 17 ਤੋਂ 23 ਅਕਤੂਬਰ ਤੱਕ ਅੰਡਰ-14 ਤੋਂ ਅੰਡਰ-40 ਵਰਗ ਦੇ ਰਾਜ ਪੱਧਰੀ ਫੁੱਟਬਾਲ ਮੁਕਾਬਲੇ ਹੋਣਗੇ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਖੇਡਾਂ ਵਤਨ ਪੰਜਾਬ ਦੀਆਂ-2026 ਤਹਿਤ ਜ਼ਿਲ੍ਹੇ ਵਿੱਚ ਹੋਣ ਵਾਲੇ ਰਾਜ ਪੱਧਰੀ ਫੁੱਟਬਾਲ ਮੁਕਾਬਲਿਆਂ ਦੀਆਂ ਤਿਆਰੀਆਂ ਨੂੰ ਲੈ ਕੇ ਅੱਜ ਸਮੀਖਿਆ ਮੀਟਿੰਗ ਕੀਤੀ ਗਈ ਜਿਸ ਵਿਚ ਲੋੜੀਂਦੇ ਪ੍ਰਬੰਧਾਂ ਅਤੇ ਤਿਆਰੀਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।

ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਹਾਇਕ ਕਮਿਸ਼ਨਰ (ਜ) ਡਾ. ਸੁਮਿਤ ਮੁਧ ਨੇ ਦੱਸਿਆ ਕਿ ਅੰਡਰ-14 ਤੋਂ ਅੰਡਰ-40 ਉਮਰ ਵਰਗ ਤੱਕ ਪੁਰਸ਼ ਅਤੇ ਮਹਿਲਾ ਵਰਗ ਦੇ ਰਾਜ ਪੱਧਰੀ ਫੁੱਟਬਾਲ ਮੁਕਾਬਲੇ ਮਾਹਿਲਪੁਰ ਵਿੱਚ 17 ਤੋਂ 23 ਅਕਤੂਬਰ ਤੱਕ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ 17 ਤੋਂ 20 ਅਕਤੂਬਰ ਤੱਕ ਪੁਰਸ਼ਾਂ ਅਤੇ 20 ਤੋਂ 23 ਅਕਤੂਬਰ ਤੱਕ ਮਹਿਲਾਵਾਂ ਦੇ ਰਾਜ ਪੱਧਰੀ ਫੁੱਟਬਾਲ ਮੁਕਾਬਲੇ ਹੋਣਗੇ। ਉਨ੍ਹਾਂ ਅਧਿਕਾਰੀਆਂ ਨੂੰ ਖਿਡਾਰੀਆਂ ਦੀ ਸਹੂਲਤ ਨੂੰ ਤਰਜੀਹ ਦਿੰਦਿਆਂ ਮੈਡੀਕਲ ਸਹੂਲਤਾਂ, ਸੁਰੱਖਿਆ ਪ੍ਰਬੰਧ, ਖਿਡਾਰੀਆਂ ਦੇ ਠਹਿਰਣ, ਸਾਫ਼-ਸਫ਼ਾਈ, ਭੋਜਨ, ਆਰਜ਼ੀ ਪਖਾਨੇ, ਪੀਣ ਵਾਲੇ ਪਾਣੀ ਸਮੇਤ ਹੋਰ ਜ਼ਰੂਰੀ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਇਹ ਮੁਕਾਬਲੇ ਫੁੱਟਬਾਲ ਸਟੇਡੀਅਮ ਮਾਹਿਲਪੁਰ, ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ, ਪ੍ਰਿੰਸੀਪਲ ਹਰਭਜਨ ਸਿੰਘ ਸਟੇਡੀਅਮ ਮਾਹਿਲਪੁਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਹਿਲਪੁਰ ਅਤੇ ਫੁੱਟਬਾਲ ਸਟੇਡੀਅਮ ਬਾਹੋਵਾਲ ਵਿਖੇ ਕਰਵਾਏ ਜਾਣਗੇ।

ਇਸ ਮੌਕੇ ਐਸ.ਡੀ.ਐਮ. ਗੜ੍ਹਸ਼ੰਕਰ ਸੰਜੀਵ ਕੁਮਾਰ ਅਤੇ ਜ਼ਿਲ੍ਹਾ ਖੇਡ ਅਫ਼ਸਰ ਸੁਰਜੀਤ ਸਿੰਘ ਸਮੇਤ ਸਬੰਧਤ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਬਠੁੱਲਾ ਵਿੱਚ 88 ਪਰਿਵਾਰਾਂ ਨੂੰ ਮਿਲਿਆ 'ਮੇਰਾ ਘਰ-ਮੇਰਾ ਨਾਮ' ਯੋਜਨਾ ਦਾ ਲਾਭ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

- **ਡਾ. ਇਸ਼ਾਂਕ ਕੁਮਾਰ ਨੇ ਲਾਭਪਾਤਰੀ ਪਰਿਵਾਰਾਂ ਨੂੰ ਵੰਡੇ ਪ੍ਰਾਪਰਟੀ ਕਾਰਡ, ਕਿਹਾ-ਹੱਕ ਅਤੇ ਮਾਲਕੀ ਨਾਲ ਜੁੜੇ ਦਸਤਾਵੇਜ਼ ਲੋਕਾਂ ਲਈ ਵੱਡੀ ਸਹੂਲਤ**



ਪਿੰਡਾਂ ਦੀ ਲਾਲ ਲਕੀਰ ਅੰਦਰ ਰਹਿ ਰਹੇ ਪਰਿਵਾਰਾਂ ਨੂੰ ਮਾਲਕੀ ਹੱਕਾਂ ਦਾ ਦਸਤਾਵੇਜ਼ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਵੱਲੋਂ 'ਮੇਰਾ ਘਰ-ਮੇਰਾ ਨਾਮ' ਯੋਜਨਾ ਤਹਿਤ ਸੂਬੇ ਭਰ ਵਿੱਚ ਪ੍ਰਾਪਰਟੀ ਕਾਰਡ ਜਾਰੀ ਕਰਨ ਦੀ ਪ੍ਰਕਿਰਿਆ ਚਲਾਈ ਜਾ ਰਹੀ ਹੈ। ਇਸ ਯੋਜਨਾ ਰਾਹੀਂ ਲਾਲ ਲਕੀਰ ਵਿੱਚ ਰਹਿ ਰਹੇ ਲੋਕਾਂ ਦੀਆਂ ਰਿਹਾਇਸ਼ੀ ਜਾਇਦਾਦਾਂ ਦਾ ਰਿਕਾਰਡ ਤਿਆਰ ਕਰਕੇ ਉਨ੍ਹਾਂ ਨੂੰ ਮਾਲਕੀ ਦਾ ਅਧਿਕਾਰਤ ਦਸਤਾਵੇਜ਼ ਮੁਹੱਈਆ ਕਰਵਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ।

ਇਸੇ ਤਹਿਤ ਚੱਬੇਵਾਲ ਵਿਧਾਨ ਸਭਾ ਹਲਕੇ ਦੇ ਪਿੰਡ ਬਠੁੱਲਾ ਵਿਖੇ ਵਿਧਾਇਕ ਡਾ.ਇਸ਼ਾਂਕ ਕੁਮਾਰ ਦੁਆਰਾ 88 ਪਰਿਵਾਰਾਂ ਨੂੰ ਪ੍ਰਾਪਰਟੀ ਕਾਰਡ ਵੰਡੇ ਗਏ। ਵਿਧਾਇਕ ਨੇ ਲਾਭਪਾਤਰੀ ਪਰਿਵਾਰਾਂ ਨੂੰ ਇਹ ਕਾਰਡ ਸੌਂਪੇ ਅਤੇ ਉਨ੍ਹਾਂ ਨਾਲ ਗੱਲਬਾਤ ਕਰਦਿਆਂ ਯੋਜਨਾ ਤਹਿਤ ਮਿਲੇ ਮਾਲਕੀ ਹੱਕਾਂ ਲਈ ਵਧਾਈ ਦਿੱਤੀ। ਇਸ ਮੌਕੇ ਡਾ. ਇਸ਼ਾਂਕ ਨੇ ਕਿਹਾ ਕਿ ਪਿੰਡਾਂ ਵਿੱਚ ਕਈ ਪਰਿਵਾਰ ਲੰਮੇ ਸਮੇਂ ਤੋਂ ਆਪਣੀਆਂ ਰਿਹਾਇਸ਼ੀ ਜਾਇਦਾਦਾਂ ਵਿੱਚ ਰਹਿ ਰਹੇ ਹਨ, ਪਰ ਉਨ੍ਹਾਂ ਦੀ ਜਾਇਦਾਦ ਦਾ ਪੂਰਾ ਮਾਲਕੀ ਰਿਕਾਰਡ ਸਰਕਾਰੀ ਦਸਤਾਵੇਜ਼ਾਂ ਵਿੱਚ ਦਰਜ ਨਾ ਹੋਣ ਕਾਰਨ ਕਈ ਵਾਰ ਉਨ੍ਹਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਪ੍ਰਾਪਰਟੀ ਕਾਰਡ ਮਿਲਣ ਨਾਲ ਅਜਿਹੇ ਪਰਿਵਾਰਾਂ ਨੂੰ ਆਪਣੀ ਜਾਇਦਾਦ ਸਬੰਧੀ ਅਧਿਕਾਰਤ ਰਿਕਾਰਡ ਮਿਲੇਗਾ ਅਤੇ ਭਵਿੱਖ ਵਿੱਚ ਜਾਇਦਾਦ ਨਾਲ ਸਬੰਧਤ ਕੰਮਾਂ ਵਿੱਚ ਵੀ ਸਹੂਲਤ ਹੋਵੇਗੀ।

ਡਾ. ਇਸ਼ਾਂਕ ਕੁਮਾਰ ਨੇ ਕਿਹਾ, "ਆਪਣੇ ਘਰ ਅਤੇ ਜਾਇਦਾਦ ਨਾਲ ਸਬੰਧਤ ਮਾਲਕੀ ਦਾ ਸਪੱਸ਼ਟ ਦਸਤਾਵੇਜ਼ ਹਰ ਪਰਿਵਾਰ ਲਈ ਮਹੱਤਵ ਰੱਖਦਾ ਹੈ। ਜਿਨ੍ਹਾਂ ਪਰਿਵਾਰਾਂ ਨੂੰ ਅੱਜ ਪ੍ਰਾਪਰਟੀ ਕਾਰਡ ਮਿਲੇ ਹਨ, ਉਨ੍ਹਾਂ ਲਈ ਇਹ ਸਿਰਫ਼ ਇੱਕ ਕਾਗਜ਼ ਨਹੀਂ, ਸਗੋਂ ਉਨ੍ਹਾਂ ਦੀ ਜਾਇਦਾਦ ਨਾਲ ਜੁੜੇ ਹੱਕਾਂ ਦਾ ਅਧਿਕਾਰਤ ਰਿਕਾਰਡ ਹੈ, ਜੋ ਕਿ ਸਦੀਆਂ ਤੋਂ ਆਪਣੇ ਘਰਾਂ ਵਿਚ ਰਹਿਣ ਦੇ ਬਾਵਜੂਦ ਉਹਨਾਂ ਕੋਲ ਨਹੀਂ ਸੀ, ਉਹਨਾਂ ਕਿਹਾ ਕਿ ਇਹ ਆਮ ਆਦਮੀ ਪਾਰਟੀ ਦੀ ਸਰਕਾਰ ਹੀ ਹੈ ਜਿਸਨੇ ਮੁਖ ਮੰਤਰੀ ਭਗਵੰਤ ਮਾਨ ਦੀ ਅਗੁਵਾਈ ਵਿਚ ਅਜਿਹਾ ਲੋਕ ਹਿਤਕਾਰੀ ਕਦਮ ਚੁੱਕਿਆ ਹੈ, ਡਾ. ਇਸ਼ਾਂਕ ਨੇ ਇਹ ਵੀ ਕਿਹਾ ਕਿ ਮੇਰੀ ਕੋਸ਼ਿਸ਼ ਹੁੰਦੀ ਹੈ ਕਿ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਅਜਿਹੀਆਂ ਯੋਜਨਾਵਾਂ ਦਾ ਲਾਭ ਯੋਗ ਪਰਿਵਾਰਾਂ ਤੱਕ ਜਲਦ ਤੋਂ ਜਲਦ ਪਹੁੰਚਾਵਾਂ ਅਤੇ ਇਸ ਸਕੀਮ ਲਈ ਵੀ ਮੇਰੀ ਪੁਰਜ਼ੋਰ ਕੋਸ਼ਿਸ਼ ਰਹੇਗੀ ਕਿ ਲੋਕਾਂ ਨੂੰ ਆਪਣੇ ਹੱਕਾਂ ਨਾਲ ਸਬੰਧਤ ਦਸਤਾਵੇਜ਼ ਹਾਸਲ ਕਰਨ ਵਿੱਚ ਕਿਸੇ ਤਰ੍ਹਾਂ ਦੀ ਦਿੱਕਤ ਨਾ ਆਵੇ। ਇਸ ਮੌਕੇ ਪ੍ਰਾਪਰਟੀ ਕਾਰਡ ਪ੍ਰਾਪਤ ਕਰਨ ਵਾਲੇ ਪਰਿਵਾਰਾਂ ਨੇ ਵੀ ਆਪਣੀ ਖ਼ੁਸ਼ੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਆਪਣੀ ਰਿਹਾਇਸ਼ੀ ਜਾਇਦਾਦ ਨਾਲ ਸਬੰਧਤ ਅਧਿਕਾਰਤ ਦਸਤਾਵੇਜ਼ ਮਿਲਣ ਨਾਲ ਉਨ੍ਹਾਂ ਨੂੰ ਪਹਿਲੀ ਵਾਰ ਆਪਣੇ ਮਾਲਕਾਨਾ ਹੱਕਾਂ ਬਾਰੇ ਸਪੱਸ਼ਟਤਾ ਅਤੇ ਸਬੂਤ ਮਿਲੇ ਹਨ।

ਮੋਹਾਲੀ ਸੀਨੀਅਰ ਸਿਟੀਜ਼ਨ ਐਸੋਸੀਏਸ਼ਨ ਵੱਲੋਂ ਆਪਣੇ ਮੈਂਬਰਾਂ ਲਈ ਪਿਕਨਿਕ ਦਾ ਆਯੋਜਨ

ਪੈ.ਗਾਮ-ਏ-ਜਗਤ/ਚੰਡੀਗੜ੍ਹ
(ਹਰਮਿੰਦਰ ਸਿੰਘ ਨਾਗਪਾਲ)



ਐਮ.ਐਸ.ਸੀ.ਏ. ਦੇ ਪ੍ਰਧਾਨ ਬ੍ਰਿਗੇਡੀਅਰ ਜੇ.ਐਸ. ਜਗਦੇਵ ਅਤੇ ਉਨ੍ਹਾਂ ਦੀ ਟੀਮ ਵੱਲੋਂ ਆਪਣੇ ਮੈਂਬਰਾਂ ਦੇ ਮੰਨੋਰੰਜਨ ਲਈ ਸ਼ਿਵਜੋਤ ਫਾਰਮ ਐਂਡ ਰਿਜੋਰਟ ਨਜਦੀਕ ਰਾਮਗੜ? ਵਿਖੇ ਪਿਕਨਿਕ ਦਾ ਉਪਰਾਲਾ ਕੀਤਾ ਗਿਆ। ਜਿਸ ਵਿੱਚ ਤਕਰੀਬਨ 135 ਮੈਂਬਰਾਂ ਦੀ ਮੌਜੂਦਗੀ ਸੀ। ਪ੍ਰਧਾਨ ਬ੍ਰਿਗੇਡੀਅਰ ਜਗਦੇਵ ਨੇ ਦੱਸਿਆ ਕਿ ਸਾਰੇ ਮੈਂਬਰਾਂ ਨੇ ਇਸ ਪਿਕਨਿਕ ਦੌਰਾਨ ਖੂਬਸੂਰਤ ਫਾਰਮ ਹਾਊਸ ਵਿੱਚ ਵੱਖ-ਵੱਖ ਖੇਡਾਂ ਵਿੱਚ ਭਾਗ ਲੈਂਦਿਆਂ ਖੂਬ ਅਨੰਦ ਮਾਣਿਆ। ਇਸ ਉਪਰੰਤ ਮੈਂਬਰਾਂ ਵੱਲੋਂ ਤੰਬੋਲਾ ਖੇਡਿਆ ਗਿਆ। ਵੱਖ-ਵੱਖ ਖੇਡਾਂ ਵਿਚੋਂ ਜੇਤੂ ਖਿਡਾਰੀਆਂ ਨੂੰ ਐਸੋਸੀਏਸ਼ਨ ਵੱਲੋਂ ਇਨਾਮ ਵੰਡੇ ਗਏ। ਐਸੋਸੀਏਸ਼ਨ ਦੇ ਸਕੱਤਰ ਪਬਲਿਕ ਰਿਲੇਸ਼ਨ ਹਰਿੰਦਰ ਪਾਲ ਸਿੰਘ ਹੈਰੀ ਨੇ ਦੱਸਿਆ ਕਿ ਮੈਂਬਰਾ ਲਈ ਵਿਸ਼ੇਸ਼ ਤੌਰ ਤੇ ਬ੍ਰੇਕਫਾਸਟ ਵਿਚ ਚਾਹ, ਪਕੌੜਿਆਂ, ਮਿਠਾਈ ਅਤੇ ਦੁਪਿਹਰ ਦੇ ਖਾਣੇ ਦਾ ਵਿਸ਼ੇਸ਼ ਇੰਤਜਾਮ ਕੀਤਾ ਗਿਆ ਸੀ। ਇਸ ਉਪਰੰਤ ਐਸੋਸੀਏਸ਼ਨ ਦੇ ਪ੍ਰਧਾਨ ਵੱਲੋਂ ਇਸ ਪਿਕਨਿਕ ਨੂੰ ਸਫਲ ਬਣਾਉਣ ਲਈ ਸ੍ ਜਗਜੀਤ ਸਿੰਘ ਰਾਵਲ ਵਿੱਤ ਸਕੱਤਰ, ਸ੍ ਹਰਜਿੰਦਰ ਸਿੰਘ ਸਕੱਤਰ ਈਵੈਂਟਸ, ਸ੍ ਆਰ ਪੀ ਸਿੰਘ ਵਿਗ, ਕਾਰਜਕਾਰਨੀ ਪ੍ਰਧਾਨ, ਸ੍ ਕੇ ਬੀ ਐੱਸ ਗੁਲਾਟੀ ਅਤੇ ਐਸੋਸੀਏਸ਼ਨ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਦਾ ਸਹਿਯੋਗ ਦੇਣ ਤੇ ਧੰਨਵਾਦ ਕੀਤਾ। ਹਰਜਿੰਦਰ ਸਿੰਘ ਸਕੱਤਰ ਈਵੈਂਟਸ ਵੱਲੋਂ ਇਸ ਪ੍ਰੋਗਰਾਮ ਨੂੰ ਬਹੁਤ ਹੀ ਵਧੀਆ ਢੰਗ ਨਾਲ ਪੇਸ਼ ਕੀਤਾ। ਜਿਸ ਨੂੰ ਐਸੋਸੀਏਸ਼ਨ ਦੇ ਮੈਂਬਰਾ ਨੇ ਖੂਬ ਅਨੰਦ ਮਾਣਿਆ।

ਰੋਟਰੀ ਆਈ ਬੈਂਕ ਅਤੇ ਕੋਰਨੀਅਲ ਟਰਾਂਸਪਲਾਂਟ ਸੋਸਾਇਟੀ ਦੀ ਬੀਣੇਵਾਲ ਵਿਖੇ ਅੱਖਾਂ ਦੇ ਕੈਂਪ ਸੰਬੰਧੀ ਮੀਟਿੰਗ

ਪੈ.ਗਾਮ-ਏ-ਜਗਤ
ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)



ਰੋਟਰੀ ਆਈ ਬੈਂਕ ਅਤੇ ਕੋਰਨੀਅਲ ਟਰਾਂਸਪਲਾਂਟ ਦੀ ਮੀਟਿੰਗ ਡਾਕਟਰ ਤਰਸੇਮ ਸਿੰਘ ਚੇਅਰਮੈਨ ਬੋਡੀਡੋਨੇਸਨ ਕਮੇਟ ਦੀ ਪ੍ਰਧਾਨਗੀ ਹੇਠ ਯੂਨੀਵਰਸਲ ਹੈਲਥ ਕਲੀਨਿਕ ਗੜ੍ਹਸ਼ੰਕਰ ਵਿਖੇ ਹੋਈ ਜਿਸ ਵਿੱਚ ਬੀਣੇਵਾਲ ਵਿਖੇ 17 ਅਕਤੂਬਰ 2026 ਨੂੰ ਅੱਖਾ ਦੀ ਜਾਂਚ ਅਤੇ ਫਰੀ ਅਪਰੇਸ਼ਨ ਕਰਨ ਸੰਬੰਧੀ ਸੋਸਾਇਟੀ ਦੇ ਅਹੁਦੇਦਾਰਾ ਦੀ ਡਿਉਟੀ ਲਗਾਈ ਗਈ।

ਇਹ ਕੈਂਪ ਸਰਕਾਰੀ ਹਸਪਤਾਲ ਬੀਣੇਵਾਲ ਵਿਖੇ ਸਿਵਲ ਹਸਪਤਾਲ ਹੁਸ਼ਿਆਰਪੁਰ ਦੇ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ। ਇਸ ਅੱਖਾਂ ਦੇ ਕੈਂਪ ਵਿਚ ਜਾਂਚ ਕਰਨ ਉਪਰੰਤ ਲੋੜਵੰਦਾਂ ਦੇ ਮੁਫ਼ਤ ਅਪਰੇਸ਼ਨ ਕੀਤੇ ਜਾਣਗੇ।

ਲੋੜਵੰਦਾਂ ਨੂੰ ਐਨਕਾਂ ਤੇ ਦਵਾਈਆਂ ਮੁਫਤ ਦਿੱਤੀਆਂ ਜਾਣਗੀਆਂ। ਇਸ ਮੌਕੇ ਤੇ ਸੰਸਥਾ ਦੇ ਗੜ੍ਹਸ਼ੰਕਰ ਯੂਨਿਟ ਦੇ ਪ੍ਰਧਾਨ ਡਾਕਟਰ ਲਖਵਿੰਦਰ ਕੁਮਾਰ,ਹਰੀ ਕ੍ਰਿਸ਼ਨ ਜਰਨਲ ਸਕੱਤਰ,ਓਂਕਾਰ ਸਿੰਘ ਚਾਹਲਪੁਰੀ ਸਕੱਤਰ, ਰਾਜਨ ਕੈਸ਼ੀਅਰ ਤੇ ਹੋਰ ਮੈਂਬਰਾਂ ਨੇ ਭਾਗ ਲਿਆ। ਲੋੜਵੰਦਾਂ ਨੂੰ ਅਪੀਲ ਕੀਤੀ ਕਿ ਲੋਕ ਇਸ ਕੈਂਪ ਵਿੱਚ ਪਹੁੰਚ ਕੇ ਇਸ ਸੇਵਾ ਦਾ ਲਾਭ ਉਠਾਉਣ।

ਹਾਈਟੈਂਸ਼ਨ ਲਾਈਨ ਤੋਂ ਪ੍ਰਭਾਵਿਤ ਕਿਸਾਨਾਂ ਦੀਆਂ ਮੰਗਾਂ ਨੂੰ ਲੈ ਕੇ ਮੁੱਖ ਮੰਤਰੀ ਨੂੰ ਮਿਲੇ ਡਾ. ਅਰਵਿੰਦ ਸ਼ਰਮਾ

ਚੰਡੀਗੜ੍ਹ, 8 ਅਕਤੂਬਰ
(ਪੈ.ਗਾਮ-ਏ-ਜਗਤ)

ਹਰਿਆਣਾ ਦੇ ਸਹਿਕਾਰਤਾ, ਜੇਲ੍ਹਾਂ, ਸੈਰ-ਸਪਾਟਾ, ਚੋਣ ਅਤੇ ਵਿਰਾਸਤ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਸਿਵਾਨੀ-ਸੋਨੀਪਤ 400 ਕੇਵੀ ਪਾਵਰ ਗਰਿੱਡ ਹਾਈਟੈਂਸ਼ਨ ਲਾਈਨ ਤੋਂ ਪ੍ਰਭਾਵਿਤ ਕਿਸਾਨਾਂ ਦੇ ਮੁਆਵਜ਼ੇ ਨਾਲ ਸਬੰਧਤ ਮੰਗਾਂ ਨੂੰ ਲੈ ਕੇ ਅੱਜ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਪ੍ਰਭਾਵਿਤ ਕਿਸਾਨਾਂ ਦਾ ਮੰਗ ਪੱਤਰ ਮੁੱਖ ਮੰਤਰੀ ਨੂੰ ਸੌਂਪਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਤੋਂ ਜਾਣੂ ਕਰਵਾਇਆ ਅਤੇ ਕਿਸਾਨਾਂ ਦੀ ਜ਼ਮੀਨ ਦਾ ਅਸਲ ਬਾਜ਼ਾਰ ਭਾਅ ਦੇ ਅਨੁਸਾਰ ਮੁਲਾਂਕਣ ਕਰਕੇ ਸਹੀ ਅਤੇ ਸਨਮਾਨਜਨਕ ਮੁਆਵਜ਼ਾ ਦਿਵਾਉਣ ਦੀ ਬੇਨਤੀ ਕੀਤੀ।

ਡਾ. ਅਰਵਿੰਦ ਸ਼ਰਮਾ ਨੇ ਮੁੱਖ ਮੰਤਰੀ ਦੇ ਸਾਹਮਣੇ ਜਾਜੀ, ਮੋਹਾਨਾ, ਗੁਹਣਾ, ਭੈਂਸਵਾਲ, ਬਿਲਬਿਲਾਨ ਅਤੇ ਆਂਵਲੀ ਸਮੇਤ ਵੱਖ-ਵੱਖ ਪਿੰਡਾਂ ਦੇ ਕਿਸਾਨਾਂ ਦੀਆਂ ਮੰਗਾਂ ਨੂੰ ਪ੍ਰਮੁੱਖਤਾ ਨਾਲ ਰੱਖਿਆ। ਉਨ੍ਹਾਂ ਕਿਹਾ ਕਿ ਹਾਈਟੈਂਸ਼ਨ ਲਾਈਨ ਤੋਂ ਪ੍ਰਭਾਵਿਤ ਹੋਣ ਵਾਲੀ ਖੇਤੀਬਾੜੀ ਜ਼ਮੀਨ ਦੇ ਨਾਲ-ਨਾਲ ਕਿਸਾਨਾਂ ਦੀ ਰੋਜ਼ੀ-ਰੋਟੀ ਅਤੇ ਭਵਿੱਖ 'ਤੇ ਪੈਣ ਵਾਲੇ ਪ੍ਰਭਾਵ ਨੂੰ ਧਿਆਨ ਵਿੱਚ ਰੱਖਦੇ ਹੋਏ ਮੁਆਵਜ਼ੇ ਦਾ ਨਿਰਧਾਰਨ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਸਾਨਾਂ ਦੀਆਂ ਚਿੰਤਾਵਾਂ 'ਤੇ ਸੰਵੇਦਨਸ਼ੀਲਤਾ ਨਾਲ ਵਿਚਾਰ ਕਰਦੇ ਹੋਏ ਨਿਆਂਪੂਰਨ ਹੱਲ ਯਕੀਨੀ ਬਣਾਉਣ ਦੀ ਬੇਨਤੀ ਕੀਤੀ।

ਡਾ. ਸ਼ਰਮਾ ਨੇ ਕਿਹਾ ਕਿ ਕਿਸਾਨ ਲਈ ਉਸ ਦੀ ਜ਼ਮੀਨ ਸਿਰਫ ਖੇਤੀ ਦਾ ਸਾਧਨ ਨਹੀਂ ਹੈ, ਸਗੋਂ ਇਹ ਉਸ ਦੇ ਵੱਡ-ਵੱਡੇਰਿਆਂ ਦੀ ਵਿਰਾਸਤ, ਉਮਰ ਭਰ ਦੀ ਮਿਹਨਤ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਦਾ ਆਧਾਰ ਹੈ। ਇਸ ਲਈ ਕਿਸੇ ਵੀ ਵਿਕਾਸ ਪ੍ਰੋਜੈਕਟ ਦੇ ਕਾਰਨ ਜੇਕਰ ਕਿਸਾਨ ਦੀ ਜ਼ਮੀਨ ਪ੍ਰਭਾਵਿਤ ਹੁੰਦੀ ਹੈ, ਤਾਂ ਉਸ ਦੇ ਆਰਥਿਕ ਹਿੱਤਾਂ ਦੇ ਨਾਲ-ਨਾਲ ਉਸ ਦੀਆਂ ਭਾਵਨਾਵਾਂ ਅਤੇ ਰੋਜ਼ੀ-ਰੋਟੀ ਦਾ ਵੀ ਪੂਰਾ ਧਿਆਨ ਰੱਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਬਿਜਲੀ ਅਤੇ ਹੋਰ ਬੁਨਿਆਦੀ ਢਾਂਚਾ ਪ੍ਰੋਜੈਕਟ ਸੂਬੇ ਦੇ ਵਿਕਾਸ ਲਈ ਜ਼ਰੂਰੀ ਹਨ, ਪਰ ਵਿਕਾਸ ਦੀ ਪ੍ਰਕਿਰਿਆ ਵਿੱਚ ਕਿਸਾਨਾਂ ਦੇ ਅਧਿਕਾਰਾਂ ਅਤੇ ਹਿੱਤਾਂ ਦੀ ਅਣਦੇਖੀ ਨਹੀਂ ਹੋਣੀ ਚਾਹੀਦੀ। ਕਿਸਾਨਾਂ ਨੂੰ ਉਨ੍ਹਾਂ ਦਾ ਜਾਇਜ਼ ਹੱਕ ਦਿਵਾਉਣਾ ਉਨ੍ਹਾਂ ਦੀ ਪਹਿਲ ਹੈ ਅਤੇ ਉਹ ਇਸ ਵਿਸ਼ੇ ਨੂੰ ਲੈ ਕੇ ਲਗਾਤਾਰ ਕਿਸਾਨਾਂ ਦੇ ਨਾਲ ਖੜ੍ਹੇ ਹਨ।

ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਮਾਰਗਦਰਸ਼ਨ ਅਤੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਵਿੱਚ ਸੂਬਾ ਸਰਕਾਰ ਕਿਸਾਨਾਂ ਦੀ ਆਮਦਨ ਵਧਾਉਣ, ਖੇਤੀਬਾੜੀ ਲਾਗਤ ਘਟਾਉਣ ਅਤੇ ਕਿਸਾਨਾਂ ਨੂੰ ਉਨ੍ਹਾਂ ਦੀਆਂ ਫ਼ਸਲਾਂ ਦਾ ਲਾਹੇਵੰਦ ਮੁੱਲ ਦਿਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਹਰਿਆਣਾ ਸਰਕਾਰ ਨੇ 24 ਫ਼ਸਲਾਂ ਦੀ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) 'ਤੇ ਖਰੀਦ ਦੀ ਨੀਤੀ ਅਪਣਾਈ ਹੈ। ਅਜਿਹਾ ਕਰਨ ਵਾਲਾ ਹਰਿਆਣਾ, ਦੇਸ਼ ਦਾ ਪਹਿਲਾ ਰਾਜ ਹੈ। ਉਨ੍ਹਾਂ ਕਿਹਾ ਕਿ 'ਮੇਰੀ ਫ਼ਸਲ-ਮੇਰਾ ਬਿਊਰਾ', ਈ-ਖਰੀਦ ਅਤੇ ਭਾਵਾਂਤਰ ਭਰਪਾਈ ਵਰਗੀਆਂ ਯੋਜਨਾਵਾਂ ਰਾਹੀਂ ਕਿਸਾਨਾਂ ਨੂੰ ਆਰਥਿਕ ਸੁਰੱਖਿਆ ਪ੍ਰਦਾਨ ਕੀਤੀ ਜਾ ਰਹੀ ਹੈ। ਸਰਕਾਰ ਦੀ ਕੋਸ਼ਿਸ਼ ਹੈ ਕਿ ਕਿਸਾਨ ਨੂੰ ਫ਼ਸਲ ਦੀ ਬੀਜਾਈ ਤੋਂ ਲੈ ਕੇ ਮੰਡੀ ਵਿੱਚ ਵਿਕਰੀ ਅਤੇ ਭੁਗਤਾਨ ਤੱਕ ਹਰ ਪੱਧਰ 'ਤੇ ਸਹੂਲਤਾਂ ਉਪਲਬਧ ਹੋਣ।

ਵੈਟਨਰੀ ਯੂਨੀਵਰਸਿਟੀ ਵੱਲੋਂ ਵਿਦਿਆਰਥੀਆਂ ਨੂੰ ਵਿਗਿਆਨਕ ਢੰਗ ਨਾਲ ਘਰੇਲੂ ਪੱਧਰ 'ਤੇ ਪੋਲਟਰੀ ਪਾਲਣ ਦੀ ਸਿਖਲਾਈ

ਲੁਧਿਆਣਾ 08 ਅਕਤੂਬਰ
(ਪੈ.ਗਾਮ-ਏ-ਜਗਤ)

ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਦੇ ਪਸ਼ੂਧਨ ਉਤਪਾਦਨ ਪ੍ਰਬੰਧਨ ਵਿਭਾਗ ਨੇ 10 ਲਾਭਪਾਤਰੀ ਵਿਦਿਆਰਥੀਆਂ ਲਈ ਵਿਗਿਆਨਕ ਘਰੇਲੂ ਪੋਲਟਰੀ ਪਾਲਣ (ਬੈਕਯਾਰਡ ਮੁਰਗੀ ਪਾਲਣ) : ਸਿਖਲਾਈ ਅਤੇ ਵਿਹਾਰਕ ਪ੍ਰਦਰਸ਼ਨ ਵਿਸ਼ੇ 'ਤੇ ਇੱਕ ਰੋਜ਼ਾ ਸਿਖਲਾਈ ਪ੍ਰੋਗਰਾਮ ਆਯੋਜਿਤ ਕੀਤਾ। ਕੋਰਸ ਨਿਰਦੇਸ਼ਕ ਡਾ. ਯਸ਼ਪਾਲ ਸਿੰਘ ਨੇ ਦੱਸਿਆ ਕਿ ਇਹ ਪ੍ਰੋਗਰਾਮ ਭਾਰਤ ਵਿੱਚ ਖੇਤੀਬਾੜੀ ਸਬੰਧੀ ਉੱਚ ਸਿੱਖਿਆ ਨੂੰ ਮਜ਼ਬੂਤ ਕਰਨ ਤਹਿਤ 'ਅਨੁਸੂਚਿਤ ਜਾਤੀ ਉਪ-ਯੋਜਨਾ' ਦੇ ਅਧੀਨ ਪਸ਼ੂ ਪਾਲਣ, ਡੇਅਰੀ ਅਤੇ ਮੱਛੀ ਪਾਲਣ ਵਿੱਚ ਸਵੈ-ਰੁਜ਼ਗਾਰ ਅਤੇ ਰੁਜ਼ਗਾਰ ਸਿਰਜਣ ਲਈ ਉੱਦਮੀ ਹੁਨਰ ਵਿਕਾਸ ਵਾਸਤੇ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ (ਅੰਡਰ-ਗ੍ਰੈਜੂਏਟ ਅਤੇ ਪੋਸਟ-ਗ੍ਰੈਜੂਏਟ) ਅਤੇ ਕਿਸਾਨਾਂ ਦੀ ਸਿਖਲਾਈ ਵਿਸ਼ੇ ਹੇਠ ਕਰਵਾਇਆ ਗਿਆ ਸੀ। ਇਸ ਸਿਖਲਾਈ ਦਾ ਸੰਚਾਲਨ ਅਤੇ ਤਾਲਮੇਲ ਡਾ. ਦਲਜੀਤ ਕੌਰ, ਡਾ. ਸੁਰੇਸ਼ ਕੁਮਾਰ ਅਤੇ ਡਾ. ਗੁਰਪ੍ਰੀਤ ਕੌਰ ਦੁਆਰਾ ਕੀਤਾ ਗਿਆ।

ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਘਰੇਲੂ ਪੱਧਰ 'ਤੇ ਪੋਲਟਰੀ ਪਾਲਣ ਬਾਰੇ ਵਿਗਿਆਨਕ ਗਿਆਨ ਅਤੇ ਵਿਹਾਰਕ ਹੁਨਰ ਪ੍ਰਦਾਨ ਕਰਨਾ ਸੀ, ਜਿਸ ਵਿੱਚ ਪੋਲਟਰੀ ਦੇ ਬਿਹਤਰ ਪ੍ਰਬੰਧਨ, ਘੱਟ ਲਾਗਤ ਵਾਲੇ ਰਿਹਾਇਸ਼ੀ ਢਾਂਚੇ, ਖੁਰਾਕ, ਸਿਹਤ ਸੰਭਾਲ, ਜੈਵਿਕ-ਸੁਰੱਖਿਆ , ਨਸਲ ਦੀ ਚੋਣ, ਚੂਚਿਆਂ ਦੀ ਸੰਭਾਲ ਅਤੇ ਪੋਲਟਰੀ ਸਾਧਨਾਂ ਦੀ ਕੁਸ਼ਲ ਵਰਤੋਂ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਸਿਖਲਾਈ ਦੌਰਾਨ, ਵਿਦਿਆਰਥੀਆਂ ਨੂੰ ਵਿਗਿਆਨਕ ਘਰੇਲੂ ਪੋਲਟਰੀ ਉਤਪਾਦਨ ਦੇ ਸਿਧਾਂਤਾਂ ਤੋਂ ਜਾਣੂ ਕਰਵਾਇਆ ਗਿਆ, ਜਿਸ ਵਿੱਚ ਢੁਕਵੇਂ ਪੰਛੀਆਂ ਦੀ ਚੋਣ, ਰਿਹਾਇਸ਼ ਦੀਆਂ ਲੋੜਾਂ, ਸਥਾਨ ਦਾ ਪ੍ਰਬੰਧਨ, ਖੁਰਾਕ ਅਤੇ ਪਾਣੀ ਦੇ ਤਰੀਕੇ, ਰਹਿੰਦ- ਖੂੰਹਦ, ਵਿੱਠਾਂ ਦਾ ਪ੍ਰਬੰਧਨ, ਸਫਾਈ ਅਤੇ ਬਿਮਾਰੀਆਂ ਦੀ ਰੋਕਥਾਮ ਸ਼ਾਮਲ ਸਨ। ਭਾਗ ਲੈਣ ਵਾਲਿਆਂ ਨੂੰ ਪੇਂਡੂ ਪਰਿਵਾਰਾਂ ਅਤੇ ਬੇਰੁਜ਼ਗਾਰ ਨੌਜਵਾਨਾਂ ਲਈ ਘਰੇਲੂ ਪੋਲਟਰੀ ਪਾਲਣ ਵਿੱਚ ਘੱਟ ਨਿਵੇਸ਼ ਨਾਲ ਆਮਦਨ ਪੈਦਾ ਕਰਨ ਵਾਲੀਆਂ ਸੰਭਾਵਨਾਵਾਂ ਬਾਰੇ ਵੀ ਜਾਗਰੂਕ ਕੀਤਾ ਗਿਆ। ਵਿਦਿਆਰਥੀਆਂ ਨੇ ਸਿਖਲਾਈ ਦੌਰਾਨ ਦਿਖਾਏ ਗਏ ਵਿਗਿਆਨਕ ਤਰੀਕਿਆਂ ਨੂੰ ਅਪਨਾਉਣ ਵਿੱਚ ਡੂੰਘੀ ਦਿਲਚਸਪੀ ਦਿਖਾਈ।

ਡਾ. ਸਵਰਨ ਸਿੰਘ ਰੰਧਾਵਾ, ਡੀਨ, ਵੈਟਨਰੀ ਸਾਇੰਸ ਕਾਲਜ ਨੇ ਸਿਖਲਾਈ ਪ੍ਰੋਗਰਾਮ ਦੇ ਆਯੋਜਨ ਲਈ ਵਿਭਾਗ ਦੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਵਿਗਿਆਨਕ ਢੰਗ ਨਾਲ ਘਰੇਲੂ ਪੱਧਰ 'ਤੇ ਪੋਲਟਰੀ ਪਾਲਣ (ਬੈਕਯਾਰਡ ਪੋਲਟਰੀ ਫਾਰਮਿੰਗ) ਬਾਰੇ ਵਿਦਿਆਰਥੀਆਂ ਨੂੰ ਅਰਥਪੂਰਨ ਵਿਹਾਰਕ ਤਜਰਬਾ ਅਤੇ ਹੁਨਰ-ਅਧਾਰਿਤ ਸਿੱਖਿਆ ਪ੍ਰਦਾਨ ਕਰਨ ਵਿੱਚ ਉਨ੍ਹਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ।

'ਪੈਗਾਮ-ਏ-ਜਗਤ' 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਮੁੱਖ ਚੋਣ ਕਮਿਸ਼ਨਰ ਦਾ ਫੂਕਿਆ ਪੁਤਲਾ

ਪਟਿਆਲਾ (ਪੈ.ਗਾਮ-ਏ-ਜਗਤ)

ਲੋਕਤੰਤਰੀ ਅਧਿਕਾਰਾਂ ਦੀ ਰਾਖੀ ਅਤੇ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਅਤੇ ਜਮਹੂਰੀ ਕਿਸਾਨ ਸਭਾ ਦੇ ਸੱਦੇ ਤੇ ਅੱਜ ਪਟਿਆਲਾ ਵਿਖੇ ਕਿਸਾਨਾਂ ਤੇ ਮਜ਼ਦੂਰਾਂ ਵੱਲੋਂ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ ਪ੍ਰਦਰਸ਼ਨਕਾਰੀਆਂ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ ਕੁਮਾਰ ਦਾ ਪੁਤਲਾ ਫੂਕ ਕੇ ਕੇਂਦਰ ਸਰਕਾਰ ਤੇ ਚੋਣ ਕਮਿਸ਼ਨਰ ਵਿਰੁੱਧ ਤਿੱਖੀ ਨਾਅਰੇਬਾਜ਼ੀ ਕੀਤੀ ਇਸ ਮੌਕੇ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਆਗੂ ਹਰੀ ਸਿੰਘ ਦੌਣ ਕਲਾਂ, ਪ੍ਰਲਾਦ ਸਿੰਘ ਨਿਆਲ, ਦਰਸ਼ਨ ਬੇਲੂ ਮਾਜਰਾ, ਧੰਨਾ ਸਿੰਘ ਦੌਣ ਕਲਾਂ ਤੇ ਬਲਵਿੰਦਰ ਸਿੰਘ ਸਮਾਣਾ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਮੁੱਖ ਚੋਣ ਕਮਿਸ਼ਨਰ ਦੀ ਮਦਦ ਨਾਲ ਨਾਗਰਿਕਾਂ ਦੇ ਵੋਟ



ਸੰਵਿਧਾਨਿਕ ਅਧਿਕਾਰਾਂ ਤੇ ਡਾਕਾ ਮਾਰ ਰਹੀ ਹੈ ਉਹਨਾਂ ਕਿਹਾ ਕਿ ਕਈ ਸੂਬਿਆਂ ਚ ਸੱਤਾ ਹਿੱਤਆਉਣ ਤੋਂ ਬਾਅਦ ਭਾਜਪਾ ਵੱਲੋ ਹੁਣ ਪੰਜਾਬ ਲਈ ਵੀ ਅਜਿਹੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ ਆਗੂਆਂ ਨੇ ਦੱਸਿਆ ਕਿ ਨੌਜਵਾਨਾਂ ਅਤੇ ਵਿਦਿਆਰਥੀਆਂ ਵੱਲੋਂ ਸ਼ੁਰੂ ਕੀਤਾ ਸੰਘਰਸ਼ ਹੁਣ ਮੁੱਖ ਚੋਣ ਕਮਿਸ਼ਨਰ ਦੇ ਅਸਤੀਫੇ ਦੀ ਮੰਗ ਨੂੰ ਲੈ ਕੇ ਪੂਰੇ ਭਾਰਤ ਵਿੱਚ ਅੰਦੋਲਨ ਦਾ ਰੂਪ ਧਾਰ ਕਰ ਚੁੱਕਾ ਹੈ ਯੰਤਰ ਮੰਤਰ ਤੇ ਦਿੱਲੀ ਪੁਲਿਸ ਵੱਲੋਂ ਲਾਈਆਂ ਰੋਕਾਂ ਅਤੇ ਛਾਉਣੀ ਵਰਗੇ ਮਾਹੌਲ ਦੀ ਨਿੰਦਾ ਕਰਦਿਆਂ ਉਹਨਾਂ ਕਿਹਾ ਕਿ ਸੰਵਿਧਾਨ ਅਤੇ ਲੋਕਤੰਤਰ ਦੀ ਰਾਖੀ ਲਈ ਅੱਗੇ ਆਈਆਂ ਜਥੇਬੰਦੀਆਂ ਨੇ ਦੋਸ਼ ਲਾਇਆ ਕਿ ਦੇਸ਼ ਦੀਆਂ ਧੀਆਂ ਨਾਲ ਪੁਰਸ ਪੁਲਿਸ ਕਰਮਚਾਰੀਆਂ ਵੱਲੋਂ ਕੀਤਾ ਗਿਆ ਵਿਵਹਾਰ ਬੇਹੱਦ ਸ਼ਰਮਨਾਕ ਤੇ ਨਿੰਦਣ ਯੋਗ ਹੈ ਜਮਹੂਰੀ ਕਿਸਾਨ ਸਭਾ ਦੇ ਆਗੂਆਂ ਰਾਜ ਕਿਸ਼ਨ ਨੂਰ ਖੇੜੀਆਂ, ਮਲਕੀਤ ਸਿੰਘ ਨਿਆਲ, ਸੁਰੇਸ ਸਮਾਣਾ, ਸੁਖਦੇਵ ਸਿੰਘ ਨਿਆਲ ਸਰੇਸ਼ ਕਕਰਾਲਾ, ਸਤਪਾਲ ਸਿੰਘ ਨੂਰ ਖੇੜੀਆਂ, ਨੇ ਕਿਹਾ ਕਿ ਸਰਕਾਰ ਦੇ ਤਾਨਾਸ਼ਾਹੀ ਰਵਈਏ ਖਿਲਾਫ ਹਰ ਸੰਘਰਸ਼ ਦੀ ਪੂਰਨ ਹਮਾਇਤ ਦਾ ਐਲਾਨ ਕੀਤਾ ਇਸ ਪ੍ਰਦਰਸ਼ਨ ਦੌਰਾਨ ਇਕੱਤਰਤਾ ਨੂੰ ਚੰਦ ਸਿੰਘ ਨਿਆਲ, ਭੁਪਿੰਦਰ ਸਾਧੋਹੇੜੀ, ਪ੍ਰਗਟ ਸਿੰਘ ਰਾਮਗੜ੍ਹ, ਹਾਕਮ ਖਾਂ, ਅਮਰਜੀਤ ਲਾਛੜੂ, ਨਰੇਸ਼ ਕੁਮਾਰ ਬੌਸਰ, ਜਸਵੰਤ ਸਿੰਘ ਸਰਹਿੰਦ, ਜਰਨੈਲ ਸਿੰਘ ਭਾਦਸੋਂ, ਬੁੱਧ ਸਿੰਘ ਹੱਲੋਤਾਲੀ, ਅਵਤਾਰ ਸਿੰਘ ਸੁੱਧੇਵਾਲ, ਦਵਿੰਦਰ ਸਿੰਘ ਚੋਧਰੀ ਮਾਜਰਾ, ਭੁਪਿੰਦਰ ਸਿੰਘ ਕਲਿਆਣ ਤੇ ਨਜਮਾ ਬੇਗਮ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਦਸ ਅਕਤੂਬਰ ਦੇ ਦਿੱਲੀ ਰੈਲੀ ਲਈ ਪੰਜਾਬ ਵਿੱਚੋਂ ਵੱਡੀ ਗਿਣਤੀ ਵਿੱਚ ਮਜ਼ਦੂਰ, ਕਿਸਾਨ ਸ਼ਾਮਿਲ ਹੋਣਗੇ, ਅੰਤ ਵਿੱਚ ਮੁੱਖ ਚੋਣ ਕਮਿਸ਼ਨਰ ਦਾ ਡਿਪਟੀ ਕਮਿਸ਼ਨਰ ਦਫਤਰ ਦੇ ਸਾਹਮਣੇ ਪੁਤਲਾ ਫੂਕਿਆ ਗਿਆ ਅਤੇ ਸਰਕਾਰ ਤੋਂ ਮੰਗ ਕੀਤੀ ਕਿ ਚੋਣ ਕਮਿਸ਼ਨਰ ਨੂੰ ਚੱਲਦਾ ਕੀਤਾ ਜਾਵੇ। ਅਤੇ ਉਸ ਨੂੰ ਸ਼ਹਿ ਦੇਣ ਵਾਲੇ ਪ੍ਰਧਾਨ ਮੰਤਰੀ ਅਤੇ ਗ੍ਰਹਿ ਮੰਤਰੀ ਨੂੰ ਕੁਰਸੀ ਤੋਂ ਲਾਂਭੇ ਕੀਤਾ ਜਾਵੇ।

ਭਾਸ਼ਾ ਵਿਭਾਗ ਪੰਜਾਬ ਨੇ 2026 ਦੇ ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰਾਂ ਦਾ ਕੀਤਾ ਐਲਾਨ

ਪੈ.ਗਾਮ-ਏ-ਜਗਤ
ਪਟਿਆਲਾ, 8 ਅਕਤੂਬਰ
(ਪਰਮਜੀਤ ਸਿੰਘ ਪਰਵਾਨਾ)

- **ਅਗਲੇ ਮਹੀਨੇ ਪੰਜਾਬੀ ਮਾਹ ਦੌਰਾਨ ਪ੍ਰਦਾਨ ਕੀਤੇ ਜਾਣਗੇ ਪੁਰਸਕਾਰ; ਹਿੰਦੀ, ਉਰਦੂ ਅਤੇ ਸੰਸਕ੍ਰਿਤ ਪੁਸਤਕਾਂ ਲਈ ਪੁਰਸਕਾਰਾਂ ਦਾ ਐਲਾਨ ਜਲਦੀ ਕੀਤਾ ਜਾਵੇਗਾ : ਜਸਵੰਤ ਸਿੰਘ ਜ਼ਫ਼ਰ**

ਪੰਜਾਬ ਸਰਕਾਰ ਵੱਲੋਂ ਭਾਸ਼ਾ ਵਿਭਾਗ ਪੰਜਾਬ ਰਾਹੀਂ ਹਰ ਸਾਲ ਪੰਜਾਬੀ, ਹਿੰਦੀ ਅਤੇ ਉਰਦੂ ਭਾਸ਼ਾ ਦੀਆਂ ਪੁਸਤਕਾਂ ਨੂੰ ਪ੍ਰਦਾਨ ਕੀਤੇ ਜਾਣ ਵਾਲੇ ਸਰਵੋਤਮ ਪੁਸਤਕ ਪੁਰਸਕਾਰਾਂ ਤਹਿਤ ਵਿਭਾਗ ਵੱਲੋਂ ਪੰਜਾਬੀ ਭਾਸ਼ਾ ਦੇ ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰਾਂ (2026) ਦਾ ਐਲਾਨ ਕਰ ਦਿੱਤਾ ਗਿਆ ਹੈ।

ਇਸ ਸਬੰਧੀ ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਇਹ ਪੁਰਸਕਾਰ ਨਵੰਬਰ 2026 ਦੇ ਪਹਿਲੇ ਹਫ਼ਤੇ ਪੰਜਾਬੀ ਮਾਹ ਦੇ ਰਾਜ ਪੱਧਰੀ ਉਦਘਾਟਨੀ ਸਮਾਗਮ ਦੌਰਾਨ ਭਾਸ਼ਾ ਭਵਨ, ਪਟਿਆਲਾ ਵਿਖੇ ਪ੍ਰਦਾਨ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਪੁਰਸਕਾਰਾਂ ਲਈ ਪਿਛਲੇ ਸਾਲ (2025) ਦੌਰਾਨ ਛਪੀਆਂ ਪੁਸਤਕਾਂ ਦੀ ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰਾਂ ਲਈ ਮੰਗ ਕੀਤੀ ਗਈ ਸੀ ਅਤੇ ਵੱਖ-ਵੱਖ ਖੇਤਰਾਂ ਦੇ ਵਿਦਵਾਨ ਵਿਸ਼ਾ ਮਾਹਿਰਾਂ ਤੋਂ ਇਨ੍ਹਾਂ ਪੁਸਤਕਾਂ ਦਾ ਮੁਲਾਂਕਣ ਕਰਵਾਇਆ ਗਿਆ ਅਤੇ ਸਰਵੋਤਮ ਪੁਸਤਕਾਂ ਦੀ ਚੋਣ ਕੀਤੀ ਗਈ। ਇਸ ਪੁਰਸਕਾਰ 'ਚ ਇਨਾਮੀ ਰਾਸ਼ੀ 31,000/- ਦੇ ਨਾਲ-ਨਾਲ ਇਕ ਦੋਸ਼ਾਲਾ ਅਤੇ ਸਨਮਾਨ ਚਿੰਨ੍ਹ ਭੇਟ ਕੀਤਾ ਜਾਵੇਗਾ। ਦੱਸਣਯੋਗ ਹੈ ਕਿ ਇਹ ਪੁਰਸਕਾਰ ਸਾਲ 2025 'ਚ ਛਪੀਆਂ ਪੰਜਾਬੀ ਭਾਸ਼ਾ ਦੀਆਂ ਵੱਖ-ਵੱਖ ਵੰਨਗੀਆਂ ਨਾਲ ਸਬੰਧਤ 10 ਸਰਵੋਤਮ ਪੰਜਾਬੀ ਪੁਸਤਕਾਂ ਨੂੰ ਦਿੱਤੇ ਜਾਣਗੇ। ਇਨ੍ਹਾਂ ਪੁਰਸਕਾਰਾਂ ਲਈ ਵੱਖ-ਵੱਖ ਵਿਧਾਵਾਂ ਦੀਆਂ 282 ਕਿਤਾਬਾਂ ਪ੍ਰਾਪਤ ਹੋਈਆਂ ਸਨ। ਐਲਾਨੇ ਗਏ ਸਰਵੋਤਮ ਪੰਜਾਬੀ ਪੁਸਤਕ ਪੁਰਸਕਾਰਾਂ ਤਹਿਤ ਭਾਈ ਵੀਰ ਸਿੰਘ ਪੁਰਸਕਾਰ (ਜੀਵਨੀ/ ਸਵੈ-ਜੀਵਨੀ/ ਯਾਦਾਂ/ਰੇਖਾ ਚਿੱਤਰ) ਡਾ. ਰਣਜੀਤ ਸਿੰਘ ਦੀ ਪੁਸਤਕ 'ਕੋਈ ਨਾਉ ਨਾ ਜਾਣੈ ਮੇਰਾ (ਆਪ ਬੀਤੀਆਂ)' ਨੂੰ, ਨਾਨਕ ਸਿੰਘ ਪੁਰਸਕਾਰ (ਨਾਵਲ) ਜਸਪਾਲ ਮਾਨਖੇੜਾ ਦੀ ਪੁਸਤਕ 'ਹਵੇਲੀਆਲ਼ਾ' ਨੂੰ, ਪ੍ਰਿੰ ਸੁਜਾਨ ਸਿੰਘ ਪੁਰਸਕਾਰ (ਕਹਾਣੀ/ਮਿੰਨੀ ਕਹਾਣੀ ਸੰਗ੍ਰਹਿ) ਭੁਪਿੰਦਰ ਸਿੰਘ ਮਾਨ ਦੀ ਪੁਸਤਕ 'ਲਾਲ ਰੱਤਾ' ਨੂੰ, ਗੁਰਬਖ਼ਸ਼ ਸਿੰਘ ਪ੍ਰੀਤਲੜੀ ਪੁਰਸਕਾਰ (ਨਿਬੰਧ/ ਸਫ਼ਰਨਾਮਾ/ ਵਿਅੰਗ) ਅਜੈ ਤਨਵੀਰ ਦੀ ਪੁਸਤਕ 'ਜਾਦੂਨਗਰੀ ਦੇ ਜਾਦੂਗਰ' ਨੂੰ, ਗਿਆਨੀ ਗੁਰਮੁਖ ਸਿੰਘ ਮੁਸਾਫਿਰ ਪੁਰਸਕਾਰ (ਕਵਿਤਾ) ਡਾ. ਨਵਦੀਪ ਕੌਰ ਦੀ ਪੁਸਤਕ 'ਅਹਿਲਿਆ' ਨੂੰ, ਈਸ਼ਵਰ ਚੰਦਰ ਨੰਦਾ ਪੁਰਸਕਾਰ (ਨਾਟਕ/ ਇਕਾਂਗੀ) ਕੁਲਬੀਰ ਮਲਿਕ ਦੀ ਪੁਸਤਕ 'ਡਾਕ ਨਿੱਤ ਆਵੇਗੀ...' ਨੂੰ, ਪ੍ਰੋ. ਗੁਰਦਿਆਲ ਸਿੰਘ ਪੁਰਸਕਾਰ (ਅਨੁਵਾਦ) ਜੰਗ ਬਹਾਦੁਰ ਗੋਇਲ ਦੀ ਪੁਸਤਕ 'ਜੰਗਲ ਤੋਂ ਪਾਰ (ਸੀਤਾ ਰਤਨਾਮਲ)' ਨੂੰ, ਐੱਮ.ਐੱਸ. ਰੰਧਾਵਾ ਪੁਰਸਕਾਰ (ਗਿਆਨ ਸਾਹਿਤ/ਸੰਪਾਦਨ) ਪ੍ਰਿੰ. ਲਵਲੀ ਸ. ਪੰਨੂ ਦੀ ਪੁਸਤਕ 'ਪੁਆਧੀ ਲੋਕ-ਕਾਵਿ (ਟੱਪੇ ਅਤੇ ਜੱਕੜੀਆਂ)' ਨੂੰ, ਸ੍ਰੀ ਗੁਰੂ ਹਰਿਕ੍ਰਿਸ਼ਨ ਪੁਰਸਕਾਰ (ਬਾਲ ਸਾਹਿਤ) ਹਰੀ ਕ੍ਰਿਸ਼ਨ ਮਾਇਰ ਦੀ ਪੁਸਤਕ 'ਪਲਾਸਟਿਕ ਦਾ ਡੱਡੂ' ਨੂੰ ਅਤੇ ਡਾ. ਅਤਰ ਸਿੰਘ ਪੁਰਸਕਾਰ (ਆਲੋਚਨਾ/ਖੋਜ) ਡਾ. ਧਰਮ ਸਿੰਘ ਦੀ ਪੁਸਤਕ 'ਪ੍ਰਗਟ ਭਏ ਗੁਰ ਤੇਗ ਬਹਾਦਰ' ਨੂੰ ਪ੍ਰਦਾਨ ਕੀਤੇ ਜਾਣਗੇ।



ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਵਿਭਾਗ ਵੱਲੋਂ ਹਰ ਸਾਲ ਦਿੱਤੇ ਜਾਣ ਵਾਲੇ ਵੱਖ-ਵੱਖ ਭਾਸ਼ਾਵਾਂ ਦੇ ਸਰਵੋਤਮ ਪੁਸਤਕ ਪੁਰਸਕਾਰ ਪੰਜਾਬੀ ਮਾਹ ਦੇ ਸਮਾਗਮਾਂ ਦੌਰਾਨ ਪ੍ਰਦਾਨ ਕਰ ਦਿੱਤੇ ਜਾਣਗੇ। ਬਾਕੀ ਰਹਿੰਦੇ ਹਿੰਦੀ, ਉਰਦੂ ਅਤੇ ਸੰਸਕ੍ਰਿਤ ਦੇ ਪੁਰਸਕਾਰਾਂ ਦਾ ਐਲਾਨ ਜਲਦ ਹੀ ਕਰ ਦਿੱਤਾ ਜਾਵੇਗਾ। ਉਨ੍ਹਾਂ ਸਾਰੇ ਪੁਰਸਕਾਰ ਜੇਤੂਆਂ ਨੂੰ ਵਧਾਈਆਂ ਦਿੱਤੀਆਂ ਅਤੇ ਪੰਜਾਬੀ ਭਾਸ਼ਾ ਦੇ ਪ੍ਰਚਾਰ ਪ੍ਰਸਾਰ ਲਈ ਇਸੇ ਤਰ੍ਹਾਂ ਨਿਰੰਤਰ ਯਤਨਸ਼ੀਲ ਰਹਿਣ ਦੀ ਅਪੀਲ ਕੀਤੀ।

"ਸ.ਫ਼ਾਈ ਸਭ ਲਈ ਜ਼ਰੂਰੀ : ਅਸ਼ੋਕ ਚੋਪੜਾ

ਪੈ.ਗਾਮ-ਏ-ਜਗਤ
ਰਤੀਆ, 8 ਅਕਤੂਬਰ
(ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)

"ਹਰੇਕ ਵਿਅਕਤੀ ਨੂੰ ਆਪਣੀ ਜ਼ਿੰਦਗੀ ਵਿੱਚ ਸਫ਼ਾਈ ਨੂੰ ਮਹੱਤਵ ਦੇਣਾ ਚਾਹੀਦਾ ਹੈ ਅਤੇ ਸਾਫ਼-ਸੁਥਰਾ ਰਹਿਣਾ ਚਾਹੀਦਾ ਹੈ, ਕਿਉਂਕਿ ਜ਼ਿਆਦਾਤਰ ਬਿਮਾਰੀਆਂ ਗੰਦਗੀ ਕਾਰਨ ਹੀ ਫੈਲਦੀਆਂ ਹਨ। "ਇਹ ਸ਼ਬਦ ਹਿਊਮਨ ਹੈਲਪਿੰਗ ਹਾਰਟਸ ਐਸੋਸੀਏਸ਼ਨ ਦੇ ਕੌਮੀ ਪ੍ਰਧਾਨ ਅਸ਼ੋਕ ਚੋਪੜਾ ਐਡਵੋਕੇਟ ਨੇ ਅੱਜ ਸ਼ਹਿਰ ਦੇ ਇੱਕ ਨਿੱਜੀ ਹਸਪਤਾਲ, ਅਸ਼ਮੀਤ ਹਸਪਤਾਲ, ਵਿੱਚ ਹਿਊਮਨ ਹੈਲਪਿੰਗ ਹਾਰਟਸ ਐਸੋਸੀਏਸ਼ਨ ਵੱਲੋਂ ਬਲਿਊ ਆਈ ਕੰਪਨੀ ਦਾ



ਸੈਨੇਟਾਈਜ਼ਰ ਡਿਸਪੈਂਸਰ ਲਗਾਏ ਜਾਣ ਉਪਰੰਤ ਇਸ ਦਾ ਉਦਘਾਟਨ ਕਰਨ ਤੋਂ ਬਾਅਦ ਮੌਜੂਦ ਮਰੀਜ਼ਾਂ ਅਤੇ ਹਸਪਤਾਲ ਦੇ ਸਟਾਫ ਨੂੰ ਸੰਬੋਧਨ ਕਰਦਿਆਂ ਕਹੇ।

ਉਨ੍ਹਾਂ ਨੇ ਸੰਸਥਾ ਵੱਲੋਂ ਕੀਤੇ ਜਾਣ ਵਾਲੇ ਸਮਾਜ ਸੇਵੀ ਕਾਰਜਾਂ ਬਾਰੇ ਵੀ ਲੋਕਾਂ ਨੂੰ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਇਹ ਸੰਸਥਾ ਪੂਰੇ ਭਾਰਤ ਵਿੱਚ ਮਨੁੱਖਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਵਿੱਚ ਮੋਹਰੀ ਭੂਮਿਕਾ ਨਿਭਾ ਰਹੀ ਹੈ। ਇਸ ਮੌਕੇ ਸੰਸਥਾ ਦੀ ਰਤੀਆ ਸ਼ਾਖਾ ਦੇ ਪ੍ਰਧਾਨ ਕ੍ਰਿਸ਼ਨ ਸੁਨੇਜਾ, ਸੀਨੀਅਰ ਮੈਂਬਰ ਜੀਵਨ ਰੇਹਜਾ, ਵਰੁਣ ਅਰੋੜਾ, ਦੀਪਕ ਮਿੱਤਲ, ਡਾ. ਦੇਵ ਨਾਗਪਾਲ, ਡਾ. ਦੁਸ਼ਯੰਤ, ਪ੍ਰੀਤ, ਪ੍ਰਵੀਨ, ਕਰਮਜੀਤ, ਗੀਤੂ, ਸਪਨਾ, ਆਂਚਲ, ਗੀਤ, ਜੱਸੀ ਸਮੇਤ ਬਹੁਤ ਸਾਰੇ ਪਤਵੰਤੇ ਵਿਅਕਤੀ ਹਾਜ਼ਰ ਸਨ। ਅਸ਼ੋਕ ਚੋਪੜਾ ਨੇ ਸੰਸਥਾ ਨੂੰ ਦਿੱਤੇ ਸਹਿਯੋਗ ਲਈ ਹਸਪਤਾਲ ਦੇ ਸਟਾਫ ਅਤੇ ਡਾਕਟਰਾਂ ਦੀ ਟੀਮ ਦਾ ਧੰਨਵਾਦ ਕੀਤਾ।


ਡਾ. ਦੇਵ ਨਾਗਪਾਲ ਨੇ ਸੰਸਥਾ ਨੂੰ ਭਵਿੱਖ ਵਿੱਚ ਲਗਾਏ ਜਾਣ ਵਾਲੇ ਸਾਰੇ ਸਿਹਤ ਕੈਂਪਾਂ ਲਈ ਆਪਣੀਆਂ ਮੁਫ਼ਤ ਸੇਵਾਵਾਂ ਦੇਣ ਦਾ ਭਰੋਸਾ ਦਿੱਤਾ।

ਰਤੀਆ ਸ਼ਾਖਾ ਦੇ ਪ੍ਰਧਾਨ ਕ੍ਰਿਸ਼ਨ ਸੁਨੇਜਾ ਨੇ ਇਹ ਮਸ਼ੀਨ ਦਾਨ ਕਰਨ ਵਾਲੀ ਕੰਪਨੀ ਬਲਿਊ ਆਈ ਅਤੇ ਇਸ ਦੇ ਮਾਲਕ ਵੰਜੁਲ ਚੋਪੜਾ ਦਾ ਧੰਨਵਾਦ ਕੀਤਾ।

ਸੰਜੂ ਜਿੰਦਲ ਬਣੇ ਜ਼ਿਲ੍ਹਾ ਫਤਿਹਾਬਾਦ ਮਿਲਿੰਗ ਕਮੇਟੀ ਦੇ ਮੈਂਬਰ

ਪੈ.ਗਾਮ-ਏ-ਜਗਤ/ਰਤੀਆ, 7 ਅਕਤੂਬਰ
(ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)

ਰਤੀਆ ਰਾਈਸ ਮਿਲਰ ਐਸੋਸੀਏਸ਼ਨ ਨਾਲ ਜੁੜੇ ਸੰਜੂ ਜਿੰਦਲ ਨੂੰ ਜ਼ਿਲ੍ਹਾ ਫਤਿਹਾਬਾਦ ਮਿਲਿੰਗ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੀ ਨਿਯੁਕਤੀ ਤੋਂ ਬਾਅਦ ਮੰਗਲਵਾਰ ਨੂੰ ਫਤਿਹਾਬਾਦ ਸਥਿਤ ਡੀ.ਸੀ. ਦਫ਼ਤਰ ਵਿੱਚ ਜ਼ਿਲ੍ਹਾ ਮਿਲਿੰਗ ਕਮੇਟੀ ਦੀ ਮੀਟਿੰਗ ਕਰਵਾਈ ਗਈ। ਮੀਟਿੰਗ ਵਿੱਚ ਝੋਨੇ ਦੀ ਖਰੀਦ, ਮਿਲਿੰਗ, ਸੀ.ਐੱਮ.ਆਰ. ਅਤੇ ਰਾਈਸ ਮਿਲਰਾਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਡੀ.ਐੱਫ.ਐੱਸ.ਸੀ. ਕੁਸ਼ਲ ਬੂਰਾ, ਸਾਰੀਆਂ ਸਬੰਧਤ ਏਜੰਸੀਆਂ ਦੇ ਡੀ.ਐੱਮ., ਐੱਫ.ਸੀ.ਆਈ. ਦੇ ਅਧਿਕਾਰੀ ਅਤੇ ਹੋਰ ਸਬੰਧਤ ਅਧਿਕਾਰੀ ਮੌਜੂਦ ਰਹੇ। ਅਧਿਕਾਰੀਆਂ ਅਤੇ ਮਿਲਿੰਗ ਕਮੇਟੀ ਦੇ ਮੈਂਬਰਾਂ ਨੇ ਝੋਨੇ ਦੀ ਖਰੀਦ, ਸ਼ੈਲਰਾਂ ਵਿੱਚ ਝੋਨਾ ਭੇਜਣ, ਮਿਲਿੰਗ ਪ੍ਰਕਿਰਿਆ ਅਤੇ ਸੀ.ਐੱਮ.ਆਰ. ਨਾਲ ਸਬੰਧਤ ਪ੍ਰਬੰਧਾਂ ਬਾਰੇ



ਚਰਚਾ ਕੀਤੀ।

ਸੰਜੂ ਜਿੰਦਲ ਨੇ ਆਪਣੀ ਨਿਯੁਕਤੀ 'ਤੇ ਕਿਹਾ ਕਿ ਜ਼ਿਲ੍ਹੇ ਦੇ ਕਿਸੇ ਵੀ ਸ਼ੈਲਰ ਸੰਚਾਲਕ ਨੂੰ ਕਿਸੇ ਕਿਸਮ ਦੀ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਾਰੇ ਮਿਲਰਾਂ ਨੂੰ ਬਰਾਬਰ ਦੇ ਆਧਾਰ 'ਤੇ ਕਰੀਬ 2000 ਮੀਟ੍ਰਿਕ ਟਨ ਝੋਨਾ ਲਗਵਾਉਣ ਦੀ ਕੋਸ਼ਿਸ਼ ਕੀਤੀ ਜਾਵੇਗੀ, ਤਾਂ ਜੋ ਸਾਰੇ ਮਿਲਰਾਂ ਨੂੰ ਬਰਾਬਰ ਝੋਨਾ ਮਿਲ ਸਕੇ। ਉਨ੍ਹਾਂ ਸਪੱਸ਼ਟ ਕੀਤਾ ਕਿ ਕੋਈ ਵੀ ਸ਼ੈਲਰ ਮਾਲਕ ਸ਼ੈਲਰ ਵਿੱਚ ਲੂਜ਼ ਟਰਾਲੀ ਵਿੱਚ ਝੋਨਾ ਨਹੀਂ ਲਵੇਗਾ। ਜੇਕਰ ਕੋਈ ਸ਼ੈਲਰ ਮਾਲਕ ਲੂਜ਼ ਟਰਾਲੀ ਵਿੱਚ ਝੋਨਾ ਲੈਂਦਾ ਹੈ ਤਾਂ ਉਸ 'ਤੇ 51 ਹਜ਼ਾਰ ਰੁਪਏ ਦਾ ਜੁਰਮਾਨਾ ਲਗਾਇਆ ਜਾਵੇਗਾ। ਸੰਜੂ ਜਿੰਦਲ ਨੇ ਕਿਹਾ ਕਿ ਜਿਨ੍ਹਾਂ ਸ਼ੈਲਰ ਸੰਚਾਲਕਾਂ ਦਾ ਪਿਛਲੇ ਸੀਜ਼ਨ ਦਾ ਸੀ.ਐੱਮ.ਆਰ. ਬਕਾਇਆ ਪਿਆ ਹੈ, ਉਸ ਦਾ ਵੀ ਜਲਦ ਤੋਂ ਜਲਦ ਕੰਮ ਪੂਰਾ ਕਰਵਾਕੇ ਬਕਾਇਆ ਸੀ.ਐੱਮ.ਆਰ. ਐੱਫ.ਸੀ.ਆਈ. ਵਿੱਚ ਲਗਵਾਉਣ ਦੀ ਕੋਸ਼ਿਸ਼ ਕੀਤੀ ਜਾਵੇਗੀ। ਇਸ ਦੇ ਨਾਲ ਹੀ ਸਬੰਧਤ ਮਿਲਰਾਂ ਦੀ ਰਜਿਸਟ੍ਰੇਸ਼ਨ ਕਰਵਾਉਣ ਦੀ ਪ੍ਰਕਿਰਿਆ ਵੀ ਅੱਗੇ ਵਧਾਈ ਜਾਵੇਗੀ, ਤਾਂ ਜੋ ਕਿਸੇ ਵੀ ਮਿਲਰ ਨੂੰ ਬੇਲੋੜੀ ਪਰੇਸ਼ਾਨੀ ਨਾ ਹੋਵੇ।

ਉਨ੍ਹਾਂ ਕਿਹਾ ਕਿ ਸੀ.ਐੱਮ.ਆਰ. ਨਾਲ ਸਬੰਧਤ ਬਕਾਇਆ ਕੰਮ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕਰਵਾਉਣ ਦੇ ਨਾਲ-ਨਾਲ ਨਵੇਂ ਸੀਜ਼ਨ ਦੀ ਮਿਲਿੰਗ ਵਿਵਸਥਾ ਨੂੰ ਵੀ ਸੁਚਾਰੂ ਬਣਾਉਣ 'ਤੇ ਜ਼ੋਰ ਰਹੇਗਾ।

ਏਅਰ ਫੋਰਸ ਦਿਵਸ ਮੌਕੇ ਐਨਸੀਸੀ ਕੈਡਿਟਾਂ ਨੂੰ ਸਨਮਾਨਿਤ ਅਤੇ ਸਿਖਲਾਈ ਦਿੱਤੀ

ਪਟਿਆਲਾ, 8 ਅਕਤੂਬਰ,
(ਪੈ.ਗਾਮ-ਏ-ਜਗਤ)

ਰਾਸ਼ਟਰੀ ਏਅਰ ਫੋਰਸ ਦਿਵਸ ਮੌਕੇ ਵੀਰ ਹਕੀਕਤ ਰਾਏ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੇ 3 ਪੰਜਾਬ ਐਨਸੀਸੀ ਏਅਰ ਵਿੰਗ ਦੇ ਸੀਨੀਅਰ ਕੈਡਿਟਾਂ ਨੂੰ ਸਨਮਾਨ

- **ਰਾਸ਼ਟਰ, ਮਾਨਵਤਾ ਅਤੇ ਵਾਤਾਵਰਨ ਪ੍ਰੇਮੀ ਬਣਨ ਲਈ ਉਤਸ਼ਾਹਿਤ ਕੀਤਾ: ਸਰਲਾ ਭਟਨਾਗਰ**

ਚਿੰਨ੍ਹ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕਰਦੇ ਹੋਏ ਪ੍ਰਿੰਸੀਪਲ ਸ਼੍ਰੀਮਤੀ ਸਰਲਾ ਭਟਨਾਗਰ ਨੇ ਕਿਹਾ ਕਿ ਉਨ੍ਹਾਂ ਦੇ ਐਨਸੀਸੀ ਕੈਡਿਟਾਂ ਨੂੰ ਸਟੇਟ ਪੱਧਰ ਦੇ ਕੈਂਪਾਂ ਅਤੇ ਰਾਸ਼ਟਰੀ ਪੱਧਰ ਦੀਆਂ ਗਤੀਵਿਧੀਆਂ ਵਿੱਚ ਪ੍ਰਦਰਸ਼ਨ ਕਰਨ ਕਰਕੇ ਅਨੇਕਾਂ ਵਾਰ ਸਨਮਾਨਿਤ ਕੀਤਾ ਗਿਆ ਹੈ।



ਐਨਸੀਸੀ ਅਫਸਰ ਸੱਚਨਾ ਸ਼ਰਮਾ ਨੇ ਦੱਸਿਆ ਕਿ ਪਿਛਲੇ 5 ਸਾਲਾਂ ਦੌਰਾਨ ਸਕੂਲ ਵਿਖੇ 200 ਵਿਦਿਆਰਥੀਆਂ ਨੂੰ ਐਨਸੀਸੀ ਕੈਡਿਟ ਬਣਾਇਆ ਗਿਆ। ਇਸ ਤੋਂ ਇਲਾਵਾ ਡੈਡੀਕੇਟਿਡ ਬ੍ਰਦਰਜ਼ ਗਰੁੱਪ, ਫਸਟ ਏਡ ਸੇਫਟੀ ਸਿਹਤ ਜਾਗਰੂਕਤਾ ਮਿਸ਼ਨ ਵੱਲੋਂ ਵੀ ਅਨੇਕਾਂ ਹੋਣਹਾਰ ਕੈਡਿਟਾਂ ਨੂੰ ਸਨਮਾਨਿਤ ਕੀਤਾ ਗਿਆ ਹੈ।

ਫਸਟ ਏਡ ਸੇਫਟੀ ਸਿਹਤ ਜਾਗਰੂਕਤਾ ਮਿਸ਼ਨ ਦੇ ਚੀਫ ਟ੍ਰੇਨਰ ਅਤੇ ਰਾਸ਼ਟਰੀ ਆਫ਼ਤ ਪ੍ਰਬੰਧਨ ਸਿਵਲ ਡਿਫੈਂਸ ਟ੍ਰੇਨਰ ਸ਼੍ਰੀ ਕਾਕਾ ਰਾਮ ਵਰਮਾ ਨੇ ਦੱਸਿਆ ਕਿ ਐਨਸੀਸੀ ਕੈਡਿਟਾਂ ਨੂੰ ਆਫ਼ਤ ਪ੍ਰਬੰਧਨ, ਸਿਵਲ ਡਿਫੈਂਸ, ਫਸਟ ਏਡ, ਫਾਇਰ ਸੇਫਟੀ, ਜੰਗਾਂ ਦੌਰਾਨ ਕੀਮਤੀ ਜਾਨਾਂ ਬਚਾਉਣ ਦੀਆਂ ਸਿਖਲਾਈਆਂ ਦਿੱਤੀਆਂ ਗਈਆਂ ਅਤੇ ਕੈਡਿਟਾਂ ਵੱਲੋਂ ਜੰਗਾਂ, ਹਵਾਈ ਹਮਲਿਆਂ, ਭੂਚਾਲ, ਹੜ੍ਹਾਂ ਜਾਂ ਕਿਸੇ ਹੋਰ ਆਫ਼ਤ ਸਮੇਂ ਆਪਣਾ ਬਚਾਅ ਕਰਨ ਅਤੇ ਪੀੜਤਾਂ ਦੀ ਸਹਾਇਤਾ ਕਰਨ ਦੇ ਪ੍ਰਦਰਸ਼ਨ ਕੀਤੇ ਗਏ।

ਪੈਸੂਨਾਮਾ ਚੈਨਲ ਦੇ ਸੀਨੀਅਰ ਪੱਤਰਕਾਰ ਸ੍ਰੀ ਸੋਮ ਸਹੋਤਾ ਨੇ ਪ੍ਰਸ਼ੰਸਾ ਕਰਦਿਆਂ ਕਿਹਾ ਕਿ 90% ਸਿੱਖਿਆ ਸੰਸਥਾਵਾਂ ਵਿਖੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਆਫ਼ਤ ਪ੍ਰਬੰਧਨ, ਸਿਵਲ ਡਿਫੈਂਸ, ਫਸਟ ਏਡ, ਫਾਇਰ ਸੇਫਟੀ ਅਤੇ ਪੀੜਤਾਂ ਨੂੰ ਬਚਾਉਣ ਦੀਆਂ ਸਿਖਲਾਈਆਂ ਅਤੇ ਅਭਿਆਸ ਨਹੀਂ ਕਰਵਾਏ ਜਾਂਦੇ, ਜਦਕਿ ਵੀਰ ਹਕੀਕਤ ਰਾਏ ਸਕੂਲ ਦੇ ਛੋਟੇ-ਛੋਟੇ ਬੱਚਿਆਂ, ਐਨਸੀਸੀ ਕੈਡਿਟਾਂ, ਸਕਾਊਟ ਗਾਈਡ ਅਤੇ ਐਨਐਸਐਸ ਵਲੰਟੀਅਰਾਂ ਨੂੰ ਸ਼੍ਰੀ ਕਾਕਾ ਰਾਮ ਵਰਮਾ ਰਾਹੀਂ ਇਹ ਸਿਖਲਾਈਆਂ ਲਗਾਤਾਰ ਕਰਵਾਈਆਂ ਜਾਂਦੀਆਂ ਹਨ।

11 ਵਿਦਿਆਰਥੀਆਂ ਨੂੰ ਸਰਵੋਤਮ ਕੈਡਿਟ ਵਜੋਂ ਸਨਮਾਨਿਤ ਕੀਤਾ ਗਿਆ। ਸਾਰਿਆਂ ਨੇ ਆਪਣੇ ਦੇਸ਼, ਸਮਾਜ, ਵਾਤਾਵਰਨ ਅਤੇ ਮਾਨਵਤਾ ਦੀ ਸੁਰੱਖਿਆ, ਬਚਾਅ, ਮਦਦ, ਸਨਮਾਨ ਅਤੇ ਖੁਸ਼ਹਾਲੀ ਲਈ ਯਤਨ ਕਰਨ ਦਾ ਪ੍ਰਣ ਕੀਤਾ।

ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਟਰੇਡ ਕਮਿਸ਼ਨ ਤੇ ਪੁਲਿਸ ਵੱਲੋਂ ਸਾਂਝੀ ਰਣਨੀਤੀ ਤਿਆਰ

ਧੂਰੀ ਦੇ ਬਾਜ਼ਾਰਾਂ ਵਿੱਚ ਸੁਰੱਖਿਆ ਪ੍ਰਬੰਧ ਹੋਣਗੇ ਹੋਰ ਮਜ਼ਬੂਤ: ਪੁਸ਼ਪਿੰਦਰ ਸ਼ਰਮਾ

ਧੂਰੀ, 8 ਅਕਤੂਬਰ
(ਪੈ.ਗਾਮ-ਏ-ਜਗਤ)

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਧੂਰੀ ਸ਼ਹਿਰ ਦੇ ਵਪਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਦੇ ਹੱਲ ਅਤੇ ਉਨ੍ਹਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਪੰਜਾਬ ਟਰੇਡ ਕਮਿਸ਼ਨ, ਧੂਰੀ ਦੇ ਚੇਅਰਮੈਨ ਪੁਸ਼ਪਿੰਦਰ ਸ਼ਰਮਾ ਦੀ ਅਗਵਾਈ ਹੇਠ ਐਸ.ਐਚ.ਓ. ਸਿਟੀ ਧੂਰੀ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ।



ਮੀਟਿੰਗ ਦੌਰਾਨ ਸ਼ਹਿਰ ਦੇ ਵਪਾਰੀਆਂ ਵੱਲੋਂ ਚੋਰੀਆਂ ਸਮੇਤ ਸੁਰੱਖਿਆ ਨਾਲ ਸਬੰਧਤ ਦਰਪੇਸ਼ ਸਮੱਸਿਆਵਾਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਨ੍ਹਾਂ ਘਟਨਾਵਾਂ 'ਤੇ ਕਾਬੂ ਪਾਉਣ ਅਤੇ ਵਪਾਰੀਆਂ ਤੇ ਸ਼ਹਿਰ ਵਾਸੀਆਂ ਵਿੱਚ ਸੁਰੱਖਿਆ ਦੀ ਭਾਵਨਾ ਹੋਰ ਮਜ਼ਬੂਤ ਕਰਨ ਲਈ ਟਰੇਡ ਕਮਿਸ਼ਨ ਅਤੇ ਪੁਲਿਸ ਦੀ ਸਾਂਝੀ ਨਾਈਟ ਪੈਟਰੋਲਿੰਗ ਪਾਰਟੀ ਗਠਿਤ ਕਰਨ ਦੀ ਯੋਜਨਾ 'ਤੇ ਵਿਚਾਰ ਕੀਤਾ ਗਿਆ।

ਚੇਅਰਮੈਨ ਪੁਸ਼ਪਿੰਦਰ ਸ਼ਰਮਾ ਨੇ ਕਿਹਾ ਕਿ ਵਪਾਰੀਆਂ ਦੀ ਸੁਰੱਖਿਆ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕਰਵਾਉਣਾ ਟਰੇਡ ਕਮਿਸ਼ਨ ਦੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਪੁਲਿਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਰਾਤ ਸਮੇਂ ਗਸ਼ਤ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਸਾਂਝੇ ਤੌਰ 'ਤੇ ਉਪਰਾਲੇ ਕੀਤੇ ਜਾਣਗੇ, ਜਿਸ ਨਾਲ ਚੋਰੀਆਂ ਵਰਗੀਆਂ ਘਟਨਾਵਾਂ ਨੂੰ ਰੋਕਣ ਵਿੱਚ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਪਾਰੀ ਵਰਗ ਦੀ ਸੁਰੱਖਿਆ ਅਤੇ ਸਹੂਲਤ ਲਈ ਵਚਨਬੱਧ ਹੈ ਅਤੇ ਵਪਾਰੀਆਂ ਨਾਲ ਲਗਾਤਾਰ ਰਾਬਤਾ ਕਾਇਮ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਯਕੀਨੀ ਬਣਾਇਆ ਜਾਵੇਗਾ। ਇਸ ਮੌਕੇ ਜਸਵੀਰ ਸਿੰਘ, ਬਿਲਾਲ ਖਾਨ, ਦੀਪਕ ਵਰਮਾ ਸਮੇਤ ਟਰੇਡ ਕਮਿਸ਼ਨ ਦੇ ਮੈਂਬਰ, ਵਪਾਰੀ ਅਤੇ ਸ਼ਹਿਰ ਵਾਸੀ ਵੀ ਹਾਜ਼ਰ ਸਨ।

ਐਸਡੀਐਮ ਸੁਰਿੰਦਰ ਸਿੰਘ ਨੇ ਸ਼ਹਿਰ ਦਾ ਕੀਤਾ ਨਿਰੀਖਣ, ਨਾਜਾਇਜ਼ ਕਬਜ਼ੇ, ਸ.ਫ਼ਾਈ ਅਤੇ ਆਵਾਜ਼ਾਈ ਪ੍ਰਬੰਧ ਸੁਧਾਰਨ ਦੇ ਦਿੱਤੇ ਨਿਰਦੇਸ਼

ਪੈ.ਗਾਮ-ਏ-ਜਗਤ
ਰਤੀਆ, 8 ਅਕਤੂਬਰ
(ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)

ਐਸਡੀਐਮ ਸੁਰਿੰਦਰ ਸਿੰਘ ਨੇ ਬੀਤੀ ਸ਼ਾਮ ਰਤੀਆ ਸ਼ਹਿਰ ਦੇ ਵੱਖ-ਵੱਖ ਖੇਤਰਾਂ ਦਾ ਨਿਰੀਖਣ ਕਰਕੇ ਸਫ਼ਾਈ ਪ੍ਰਬੰਧ, ਨਾਜਾਇਜ਼ ਕਬਜ਼ਿਆਂ ਅਤੇ ਆਵਾਜਾਈ ਪ੍ਰਬੰਧ ਦਾ ਜਾਇਜ਼ਾ ਲਿਆ। ਉਨ੍ਹਾਂ ਦੁਕਾਨਦਾਰਾਂ ਨੂੰ ਨਿਰਦੇਸ਼ ਦਿੱਤੇ ਕਿ ਦੁਕਾਨਾਂ ਦੇ ਅੱਗੇ ਸਾਮਾਨ ਰੱਖ ਕੇ ਜਨਤਕ ਰਸਤਿਆਂ 'ਤੇ ਨਾਜਾਇਜ਼ ਕਬਜ਼ਾ ਨਾ ਕੀਤਾ ਜਾਵੇ ਅਤੇ ਸ਼ਹਿਰ ਦੀ ਸਫ਼ਾਈ ਵਿਵਸਥਾ ਬਣਾਈ ਰੱਖਣ ਵਿੱਚ ਪ੍ਰਸ਼ਾਸਨ ਦਾ ਸਹਿਯੋਗ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਕੂੜਾ ਖੁੱਲ੍ਹੇ ਵਿੱਚ ਨਾ ਸੁੱਟਿਆ ਜਾਵੇ ਅਤੇ ਕੂੜਾ ਸਿਰਫ਼ ਨਿਰਧਾਰਤ ਥਾਂ 'ਤੇ ਹੀ ਸੁੱਟਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਵਾਰ-ਵਾਰ ਸਮਝਾਉਣ ਦੇ ਬਾਵਜੂਦ ਜਿਹੜੇ ਦੁਕਾਨਦਾਰ ਜਨਤਕ ਰਸਤਿਆਂ 'ਤੇ ਸਾਮਾਨ ਰੱਖ ਕੇ ਨਾਜਾਇਜ਼ ਕਬਜ਼ਾ ਕਰਦੇ ਹਨ, ਉਨ੍ਹਾਂ ਦੇ ਸਾਮਾਨ ਨੂੰ ਨਿਯਮਾਂ



ਅਨੁਸਾਰ ਜ਼ਬਤ ਕਰਨ ਦੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਸਪੱਸ਼ਟ ਕੀਤਾ ਕਿ ਸ਼ਹਿਰ ਵਿੱਚ ਨਾਜਾਇਜ਼ ਕਬਜ਼ੇ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੇ ਜਾਣਗੇ।

ਨਿਰੀਖਣ ਦੌਰਾਨ ਐਸਡੀਐਮ ਨੇ ਘੱਗਰ ਦਰਿਆ ਖੇਤਰ ਦਾ ਵੀ ਜਾਇਜ਼ਾ ਲਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਸਫ਼ਾਈ ਅਤੇ ਜਨਤਕ ਥਾਵਾਂ ਦੇ ਬਿਹਤਰ ਪ੍ਰਬੰਧ ਬਣਾਈ ਰੱਖਣਾ ਪ੍ਰਸ਼ਾਸਨ ਦੀ ਤਰਜੀਹ ਹੈ।

ਘੱਗਰ ਦਰਿਆ ਪੁਲ ਨੇੜੇ 6 ਅਕਤੂਬਰ ਨੂੰ ਵਾਪਰੇ ਸੜਕ ਹਾਦਸੇ ਨੂੰ ਦੇਖਦਿਆਂ ਐਸਡੀਐਮ ਨੇ ਪੁਲ ਅਤੇ ਆਸ-ਪਾਸ ਦੇ ਖੇਤਰ ਵਿੱਚ ਸੁਰੱਖਿਆ ਅਤੇ ਆਵਾਜਾਈ ਪ੍ਰਬੰਧਾਂ ਸਬੰਧੀ ਵੀ ਲੋੜੀਂਦੇ ਨਿਰਦੇਸ਼ ਦਿੱਤੇ। ਉਨ੍ਹਾਂ ਆਵਾਜਾਈ ਨੂੰ ਸੁਚਾਰੂ ਰੱਖਣ, ਢੁਕਵੀਂ ਨਿਗਰਾਨੀ ਯਕੀਨੀ ਬਣਾਉਣ ਅਤੇ ਹਾਦਸਿਆਂ ਦੀ ਮੁੜ ਵਾਪਰਨ ਨੂੰ ਰੋਕਣ ਲਈ ਲੋੜੀਂਦੇ ਸੁਰੱਖਿਆ ਉਪਾਅ ਕਰਨ ਦੇ ਨਿਰਦੇਸ਼ ਦਿੱਤੇ। ਐਸਡੀਐਮ ਨੇ ਧਾਨ ਦੀ ਫ਼ਸਲ ਲੈ ਕੇ ਮੰਡੀਆਂ ਵਿੱਚ ਆਉਣ ਵਾਲੇ ਕਿਸਾਨਾਂ ਨੂੰ ਵੀ ਆਵਾਜਾਈ ਨਿਯਮਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਟਰੈਕਟਰ-ਟਰਾਲੀਆਂ 'ਤੇ ਸਪੱਸ਼ਟ ਤੌਰ 'ਤੇ ਨੰਬਰ ਪਲੇਟ ਲੱਗੀ ਹੋਣੀ ਚਾਹੀਦੀ ਹੈ। ਇਸ ਦੇ ਨਾਲ ਹੀ ਟਰੈਕਟਰਾਂ 'ਤੇ ਤੇਜ਼ ਆਵਾਜ਼ ਵਿੱਚ ਲਾਊਡਸਪੀਕਰ ਦੀ ਵਰਤੋਂ ਨਾ ਕੀਤੀ ਜਾਵੇ, ਤਾਂ ਜੋ ਆਮ ਲੋਕਾਂ ਨੂੰ ਪਰੇਸ਼ਾਨੀ ਨਾ ਹੋਵੇ ਅਤੇ ਸੜਕ ਸੁਰੱਖਿਆ ਪ੍ਰਬੰਧ ਬਣੇ ਰਹਿਣ।

ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸ਼ਹਿਰ ਵਿੱਚ ਨਾਜਾਇਜ਼ ਕਬਜ਼ਿਆਂ, ਸਫ਼ਾਈ ਅਤੇ ਆਵਾਜਾਈ ਪ੍ਰਬੰਧਾਂ 'ਤੇ ਨਿਯਮਤ ਨਿਗਰਾਨੀ ਰੱਖੀ ਜਾਵੇ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਨਿਯਮਾਂ ਅਨੁਸਾਰ ਕਾਰਵਾਈ ਯਕੀਨੀ ਬਣਾਈ ਜਾਵੇ। ਇਸ ਮੌਕੇ ਨਗਰਪਾਲਿਕਾ ਸਕੱਤਰ ਸ਼ੁਭਮ ਕੁਮਾਰ, ਟ੍ਰੈਫਿਕ ਪੁਲਿਸ ਟੀਮ ਇੰਚਾਰਜ ਭੀਮ ਸਿੰਘ ਸਮੇਤ ਸਬੰਧਤ ਅਧਿਕਾਰੀ ਮੌਜੂਦ ਰਹੇ।

ਟੀ.ਬੀ. ਮੁਕਤ ਭਾਰਤ ਮੁਹਿੰਮ ਤਹਿਤ ਜੋਸ਼ ਪ੍ਰੋਗਰਾਮ ਦੀ ਸ਼ੁਰੂਆਤ

ਸੰਗਰੂਰ, 08 ਅਕਤੂਬਰ
(ਪੈ.ਗਾਮ-ਏ-ਜਗਤ)

ਟੀ.ਬੀ. ਮੁਕਤ ਭਾਰਤ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ

- **ਟੀ.ਬੀ. ਮੁਕਤ ਪਿੰਡਾਂ ਦੀਆਂ ਗ੍ਰਾਮ ਪੰਚਾਇਤਾਂ ਦਾ ਕੀਤਾ ਸਨਮਾਨ**

ਸਹਾਇਕ ਕਮਿਸ਼ਨਰ (ਜ) ਰਾਜਬੀਰ ਸਿੰਘ ਭੰਗੂ ਅਤੇ ਸਿਵਲ ਸਰਜਨ ਸੰਗਰੂਰ ਡਾ. ਅਮਰਜੀਤ ਕੌਰ ਦੀ ਅਗਵਾਈ ਹੇਠ ਜ਼ਿਲ੍ਹਾ ਪੱਧਰ 'ਤੇ ਜੋਸ਼ ਪ੍ਰੋਗਰਾਮ ਆਨਲਾਇਨ ਉਦਘਾਟਨੀ ਸਮਾਰੋਹ ਵਿੱਚ ਸ਼ਿਰਕਤ ਕੀਤੀ ਗਈ। ਇਸ ਮੌਕੇ ਟੀ.ਬੀ. ਮੁਕਤ ਗ੍ਰਾਮ ਪੰਚਾਇਤਾਂ ਉਨ੍ਹਾਂ ਵੱਲੋਂ ਨਿਭਾਈ ਜਾ ਰਹੀ ਮਹੱਤਵਪੂਰਨ ਭੂਮਿਕਾ ਲਈ ਸਨਮਾਨਿਤ ਕੀਤਾ ਗਿਆ। ਕੇਂਦਰੀ ਪੱਧਰ 'ਤੇ ਸ਼ੁਰੂ ਕੀਤੀ ਗਈ ਇਸ ਪਹਿਲ ਤਹਿਤ ਜੋਸ਼ ਟੀਮਾਂ ਬਲਾਕ/ਵਾਰਡ ਪੱਧਰ 'ਤੇ ਕੰਮ ਕਰਨਗੀਆਂ। ਹਰੇਕ ਟੀਮ ਵਿੱਚ ਪੰਜ ਮਾਈ ਭਾਰਤ ਵਲੰਟੀਅਰ ਅਤੇ ਪੰਜ ਐੱਨ.ਸੀ.ਸੀ. ਕੈਡਿਟ ਸ਼ਾਮਲ ਹੋਣਗੇ, ਜਿਨ੍ਹਾਂ ਦੀ ਅਗਵਾਈ ਜ਼ਿਲ੍ਹਾ ਟੀ.ਬੀ.ਅਫਸਰ ਡਾ ਰਾਜਿੰਦਰ ਕੌਰ, ਮੈਡੀਕਲ ਅਫਸਰ ਡਾ ਮਲਕੀਤ ਸਿੰਘ ਵੱਲੋਂ ਕੀਤੀ ਜਾਵੇਗੀ। ਇਨ੍ਹਾਂ ਟੀਮਾਂ ਦਾ ਮੁੱਖ ਉਦੇਸ਼ ਲੋਕਾਂ ਵਿੱਚ ਟੀ.ਬੀ. ਸਬੰਧੀ ਜਾਗਰੂਕਤਾ ਪੈਦਾ ਕਰਨਾ ਅਤੇ ਭਾਈਚਾਰਕ ਪੱਧਰ 'ਤੇ ਟੀ.ਬੀ. ਦੀ ਰੋਕਥਾਮ ਅਤੇ ਮਰੀਜ਼ਾਂ ਤੱਕ ਸਿਹਤ ਸੇਵਾਵਾਂ ਦੀ ਪਹੁੰਚ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣਾ ਹੈ। ਸਮਾਗਮ ਦੌਰਾਨ ਹਾਜ਼ਰ ਟੀਮ ਮੈਂਬਰਾਂ ਅਤੇ ਸਹਿਯੋਗੀਆਂ ਨੂੰ ਟੀ.ਬੀ. ਮੁਕਤ ਭਾਰਤ ਲਈ ਆਪਣੀ ਭੂਮਿਕਾ ਨਿਭਾਉਣ ਅਤੇ ਜਾਗਰੂਕਤਾ ਗਤੀਵਿਧੀਆਂ ਨੂੰ ਪਿੰਡਾਂ ਅਤੇ ਭਾਈਚਾਰਿਆਂ ਤੱਕ ਪਹੁੰਚਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਨਿਕਸ਼ੈ ਮਿੱਤਰਾਂ ਅਤੇ ਟੀ.ਬੀ. ਚੈਂਪੀਅਨਾਂ ਦੀਆਂ ਸੇਵਾਵਾਂ ਦੀ ਸ਼ਲਾਘਾ ਵੀ ਕੀਤੀ ਗਈ।



ਰਾਸ਼ਟਰੀ ਸਮੂਹ ਗੀਤ ਮੁਕਾਬਲਾ ਅੱਜ

ਪੈ.ਗਾਮ-ਏ-ਜਗਤ
ਅੰਬਾਲਾ, 8 ਅਕਤੂਬਰ (ਆਰ.ਸਿੰਘ)

ਭਾਰਤ ਵਿਕਾਸ ਪ੍ਰੀਸ਼ਦ, ਮਹਾਰਿਸ਼ੀ ਦਯਾਨੰਦ ਸ਼ਾਖਾ, ਅੰਬਾਲਾ ਸ਼ਹਿਰ ਵੱਲੋਂ ਸਰਪ੍ਰਸਤ ਪ੍ਰਦੀਪ ਗੋਇਲ, ਸਹਿ-ਸਰਪ੍ਰਸਤ ਦੀਪਕ ਰਾਏ ਆਨੰਦ ਅਤੇ ਵਿਵੇਕ ਗੁਪਤਾ, ਪ੍ਰਧਾਨ ਚਮਨ ਅਗਰਵਾਲ, ਸਕੱਤਰ ਅੰਕੁਰ ਗੋਇਲ, ਵਿੱਤ ਸਕੱਤਰ ਅਮਿਤ ਚਾਨਣਾ ਅਤੇ ਸੰਸਕਾਰ ਕੋਆਰਡੀਨੇਟਰ ਮਨੋਜ ਗਰਗ ਦੀ ਅਗਵਾਈ ਹੇਠ ਭਲਕੇ ਸ਼ੁੱਕਰਵਾਰ 9 ਅਕਤੂਬਰ ਨੂੰ ਸਵੇਰੇ 9 ਵਜੇ ਸ਼ਹਿਰ ਦੀ ਘਾਸ ਮੰਡੀ ਸਥਿਤ ਸ਼੍ਰੀ ਰਾਧੇ ਲਾਲ ਗੀਤਾ ਵਿੱਦਿਆ ਮੰਦਰ ਵਿਖੇ ਇੱਕ ਰਾਸ਼ਟਰੀ ਸਮੂਹ ਗੀਤ ਮੁਕਾਬਲਾ ਆਯੋਜਿਤ ਕੀਤਾ ਜਾ ਰਿਹਾ ਹੈ।

ਮੀਡੀਆ ਇੰਚਾਰਜ ਰਾਕੇਸ਼ ਮੱਕੜ ਅਤੇ ਸ਼੍ਰੀ ਕ੍ਰਿਸ਼ਨ ਸੈਣੀ ਨੇ ਦੱਸਿਆ ਕਿ ਇਸ ਮੁਕਾਬਲੇ ਵਿਚ ਸ਼ਹਿਰ ਦੇ ਸਕੂਲਾਂ ਦੀਆਂ ਕਈ ਟੀਮਾਂ ਹਿੱਸਾ ਲੈ ਰਹੀਆਂ ਹਨ। ਪ੍ਰੋਜੈਕਟ ਮੁਖੀ ਪ੍ਰਿਅੰਕਾ ਅਗਰਵਾਲ ਨੇ ਦੱਸਿਆ ਕਿ ਜੇਤੂ ਟੀਮਾਂ ਪਹਿਲਾਂ ਖੇਤਰੀ ਅਤੇ ਫਿਰ ਰਾਸ਼ਟਰੀ ਪੱਧਰ ਦੇ ਮੁਕਾਬਲੇ ਵਿੱਚ ਹਿੱਸਾ ਲੈਣਗੀਆਂ। ਇਸ ਮੁਕਾਬਲੇ ਵਿੱਚ ਟੀਮਾਂ ਹਿੰਦੀ ਅਤੇ ਸੰਸਕ੍ਰਿਤ ਵਿੱਚ ਦੇਸ਼ ਭਗਤੀ ਦੇ ਗੀਤ ਗਾਉਣਗੀਆਂ। ਜੱਜਮੈਂਟ ਲਈ ਇੱਕ ਉੱਚ ਯੋਗਤਾ ਪ੍ਰਾਪਤ ਜਿਊਰੀ ਨੂੰ ਸੱਦਾ ਦਿੱਤਾ ਗਿਆ ਹੈ।

ਮੱਕੜ ਅਤੇ ਸੈਣੀ ਨੇ ਦੱਸਿਆ ਕਿ ਇਸ ਮੁਕਾਬਲੇ ਤੋਂ ਬਾਅਦ ਸ਼ਹਿਰ ਦੇ ਲਗਭਗ 20 ਸਕੂਲਾਂ ਵਿੱਚ ਸੰਸਕਾਰ ਦਾ ਪ੍ਰੋਜੈਕਟ ਗੁਰੂ ਵੰਦਨ ਵਿਦਿਆਰਥੀ ਸਨਮਾਨ ਅਤੇ ਪਰਿਵਾਰਕ ਦੀਵਾਲੀ ਪ੍ਰੋਗਰਾਮ ਆਯੋਜਿਤ ਕੀਤਾ ਜਾਵੇਗਾ।

'ਮੇਰੀ ਦੁਕਾਨ, ਮੇਰੇ ਨਾਮ' ਸਕੀਮ ਦੁਕਾਨਦਾਰਾਂ ਲਈ ਵੱਡੀ ਸਹੂਲਤ: ਵਿਧਾਇਕ ਰੰਧਾਵਾ


ਪੈ.ਗਾਮ-ਏ-ਜਗਤ/ਡੇਰਾਬੱਸੀ
8 ਅਕਤੂਬਰ (ਸੰਜੀਵ ਸਿੰਘ ਸੈਣੀ)

ਪੰਜਾਬ ਸਰਕਾਰ ਵੱਲੋਂ ਦੁਕਾਨਦਾਰਾਂ ਨੂੰ ਆਪਣੀਆਂ ਦੁਕਾਨਾਂ ਦੇ ਮਾਲਕੀ ਹੱਕ ਦੇਣ ਲਈ ਸ਼ੁਰੂ ਕੀਤੀ ਗਈ ਇਤਿਹਾਸਕ 'ਮੇਰੀ ਦੁਕਾਨ, ਮੇਰੇ ਨਾਮ' ਸਕੀਮ ਦਾ ਹਲਕਾ ਡੇਰਾਬੱਸੀ ਦੇ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਸਵਾਗਤ ਕਰਦਿਆਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਹੈ।

ਵਿਧਾਇਕ ਰੰਧਾਵਾ ਨੇ ਕਿਹਾ ਕਿ ਇਸ ਸਕੀਮ ਤਹਿਤ ਨਗਰ ਨਿਗਮਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਵਿੱਚ ਲੰਬੇ ਸਮੇਂ ਤੋਂ ਕਿਰਾਏ ਜਾਂ ਲੀਜ਼ 'ਤੇ ਦੁਕਾਨਾਂ ਚਲਾ ਰਹੇ ਯੋਗ ਦੁਕਾਨਦਾਰਾਂ ਨੂੰ ਮਾਲਕੀ ਹੱਕ ਮਿਲਣ ਦਾ ਰਾਹ ਖੁੱਲ੍ਹਿਆ ਹੈ। ਜਿਨ੍ਹਾਂ ਦੁਕਾਨਦਾਰਾਂ ਕੋਲ 1 ਅਪ੍ਰੈਲ 2020 ਤੋਂ ਪਹਿਲਾਂ 12 ਸਾਲ ਦੀ ਕਾਨੂੰਨੀ ਕਬਜ਼ੇਦਾਰੀ ਦਾ ਸਬੂਤ ਹੈ, ਉਹ ਇਸ ਸਕੀਮ ਤਹਿਤ ਅਰਜ਼ੀ ਦੇ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਯੋਗ ਦੁਕਾਨਦਾਰ 6 ਨਵੰਬਰ 2026 ਤੱਕ ਸਬੰਧਤ ਨਗਰ ਕੌਂਸਲ ਜਾਂ ਨਗਰ ਨਿਗਮ ਦੇ ਦਫ਼ਤਰ ਵਿੱਚ ਆਪਣੀਆਂ ਅਰਜ਼ੀਆਂ ਜਮ੍ਹਾਂ ਕਰਵਾ ਸਕਦੇ ਹਨ। ਦਸਤਾਵੇਜ਼ਾਂ ਲਈ ਜੀਐੱਸਟੀ ਸਰਟੀਫਿਕੇਟ, ਬਿਜਲੀ ਦੇ ਬਿੱਲ, ਵੋਟਰ ਕਾਰਡ ਆਦਿ ਵੈਧ ਸਬੂਤ ਵੀ ਦਿੱਤੇ ਜਾ ਸਕਦੇ ਹਨ।

ਵਿਧਾਇਕ ਰੰਧਾਵਾ ਨੇ ਹਲਕਾ ਡੇਰਾਬੱਸੀ ਦੇ ਯੋਗ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੌਕੇ ਦਾ ਲਾਭ ਲੈਂਦਿਆਂ ਸਮੇਂ ਸਿਰ ਆਪਣੀਆਂ ਅਰਜ਼ੀਆਂ ਜਮ੍ਹਾਂ ਕਰਵਾਉਣ ਅਤੇ ਇਸ ਸਕੀਮ ਸਬੰਧੀ ਵਧੇਰੇ ਜਾਣਕਾਰੀ ਲਈ ਆਪਣੇ ਸਬੰਧਤ ਨਗਰ ਕੌਂਸਲ ਜਾਂ ਨਗਰ ਨਿਗਮ ਦਫ਼ਤਰ ਨਾਲ ਸੰਪਰਕ ਕਰਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਛੋਟੇ ਦੁਕਾਨਦਾਰਾਂ ਨੂੰ ਕਾਨੂੰਨੀ ਸੁਰੱਖਿਆ ਅਤੇ ਮਾਲਕੀ ਹੱਕ ਦੇਣ ਦੀ ਇਹ ਪਹਿਲਕਦਮੀ ਉਨ੍ਹਾਂ ਲਈ ਲੰਬੇ ਸਮੇਂ ਦੀ ਸੁਰੱਖਿਆ ਯਕੀਨੀ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਵਿਧਾਇਕ ਰੰਧਾਵਾ ਨੇ ਮੁੜ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਸਥਾਨਕ ਸਰਕਾਰਾਂ ਵਿਭਾਗ ਦੇ ਮੰਤਰੀ ਸ. ਹਰਜੋਤ ਸਿੰਘ ਬੈਂਸ ਦਾ ਇਸ ਸਕੀਮ ਲਈ ਧੰਨਵਾਦ ਕੀਤਾ।



ਲੋਕ ਜਨ ਸ਼ਕਤੀ ਪਾਰਟੀ ਲੜੇਗੀ 117 ਵਿਧਾਨ ਸਭਾ ਹਲਕਿਆਂ ਤੇ ਆਗਾਮੀ ਚੋਣ : ਕੇ.ਪੀ. ਚੌਧਰੀ

• ਕੇ.ਪੀ. ਚੌਧਰੀ ਨੇ ਕਿਹਾ : ਔਰਤਾਂ ਦੀ ਹਰ ਖੇਤਰ ਵਿੱਚ ਭਾਗੀਦਾਰੀ ਨੂੰ ਬਣਾਇਆ ਜਾਵੇਗਾ ਯਕੀਨੀ



ਪੈ.ਗਾਮ-ਏ-ਜਗਤ/ਮੋਹਾਲੀ 8 ਅਕਤੂਬਰ (ਹਰਮਿੰਦਰ ਸਿੰਘ ਨਾਗਪਾਲ/ਗੁਰਜੀਤ ਬਿੱਲਾ)

ਆਗਾਮੀ ਵਿਧਾਨ ਸਭਾ ਚੋਣਾਂ ਦੇ ਵਿੱਚ ਲੋਕ ਜਨ ਸ਼ਕਤੀ ਪਾਰਟੀ 117 ਵਿਧਾਨ ਸਭਾ ਹਲਕਿਆਂ ਤੇ ਆਪਣੇ ਉਮੀਦਵਾਰ ਉਤਾਰਨ ਜਾ ਰਹੀ ਹੈ, ਜਿਸ ਦੇ ਲਈ ਪਾਰਟੀ ਵੱਲੋਂ ਪੂਰੀ ਤਿਆਰੀ ਕੀਤੀ ਜਾ ਚੁੱਕੀ ਹੈ, ਲੋਕ ਜਨ ਸ਼ਕਤੀ ਪਾਰਟੀ ਦੇ ਵਰਕਰ ਅਤੇ ਸਮਰਥਕ ਪੂਰੇ ਜੋਸ਼ ਦੇ ਨਾਲ ਆਪੋ- ਆਪਣੇ ਮੋਰਚੇ ਤੇ ਡੱਟ ਚੁੱਕੇ ਹਨ, ਇਹ ਗੱਲ ਅੱਜ ਲੋਕ ਜਨ ਸ਼ਕਤੀ ਪਾਰਟੀ ਦੇ ਕੌਮੀ ਜਨਰਲ ਸਕੱਤਰ, ਪੰਜਾਬ ਪ੍ਰਦੇਸ਼ ਅਤੇ ਚੰਡੀਗੜ੍ਹ ਦੇ ਪਾਰਟੀ ਪ੍ਰਭਾਰੀ -ਕੇ.ਪੀ. ਚੌਧਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਹੀ, ਲੋਕ ਜਨ ਸ਼ਕਤੀ ਪਾਰਟੀ ਦੇ ਕੌਮੀ ਨੇਤਾ- ਕੇ.ਪੀ. ਚੌਧਰੀ ਅੱਜ ਸਾਬਕਾ ਕੇਂਦਰੀ ਮੰਤਰੀ ਅਤੇ ਪਾਰਟੀ ਦੇ ਸੰਸਥਾਪਕ-ਰਾਮ ਬਿਲਾਸ ਪਾਸਵਾਨ ਦੀ ਬਰਸੀ ਮੌਕੇ ਰੱਖੇ ਗਏ ਸਮਾਗਮ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ, ਇਸ ਮੌਕੇ ਤੇ ਪਾਰਟੀ ਦੇ ਸੀਨੀਅਰ ਨੇਤਾ- ਕੇ.ਪੀ. ਚੌਧਰੀ , ਪੰਜਾਬ ਦੇ ਕਨਵੀਨਰ - ਰਵਿੰਦਰਪਾਲ ਸਿੰਘ ਬਾਵਾ, ਪ੍ਰਸਿੱਧ ਸਮਾਜ ਸੇਵੀ ਅਤੇ ਕਾਰੋਬਾਰੀ- ਸੁਖਦੇਵ ਸਿੰਘ ਪੰਜੇਟਾ ਅਤੇ ਸੁਖਮਿੰਦਰ ਸਿੰਘ ਗਰੇਵਾਲ ਸਮੇਤ ਵੱਡੀ ਗਿਣਤੀ ਵਿੱਚ ਜੁੜੇ ਪਾਰਟੀ ਵਰਕਰਾਂ ਅਤੇ ਸਮਰਥਕਾਂ ਵੱਲੋਂ ਸਵਰਗੀ ਰਾਮ ਬਿਲਾਸ ਪਾਸਵਾਨ ਨੂੰ ਯਾਦ ਕੀਤਾ ਗਿਆ, ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਪਾਰਟੀ ਦੇ ਸੀਨੀਅਰ ਨੇਤਾ- ਕੇ.ਪੀ. ਚੌਧਰੀ ਨੇ ਦੱਸਿਆ ਕਿ ਪੰਜਾਬ ਵਿੱਚ ਲੋਕ ਜਨ ਸ਼ਕਤੀ ਪਾਰਟੀ-ਬੇਰੁਜ਼ਗਾਰੀ, ਪ੍ਰਵਾਸ, ਨਸ਼ਾਖੋਰੀ ਦੀ ਰੋਕਥਾਮ, ਕਾਨੂੰਨ ਵਿਵਸਥਾ, ਪਾਣੀ ਦੀ ਵੰਡ ਦੇ ਮੁੱਦਿਆਂ ਨੂੰ ਹੱਲ ਕਰਨ ਦੇ ਲਈ ਕੰਮ ਕਰੇਗੀ, ਇਸ ਤੋਂ ਇਲਾਵਾ ਪਾਰਟੀ ਘੱਟ ਗਿਣਤੀ ਭਾਈਚਾਰੇ ਦੀ ਭਲਾਈ ਨੂੰ ਯਕੀਨੀ ਬਣਾਉਣ, ਪੰਜਾਬ ਵਿੱਚ ਨਵੇਂ ਤੇ ਆਧੁਨਿਕ ਉਦਯੋਗ ਸਥਾਪਿਤ ਕਰਨ, ਮੌਜੂਦਾ ਬੁਨਿਆਦੀ ਢਾਂਚੇ ਵਿੱਚ ਸੁਧਾਰ ਕਰਨ, ਆਧੁਨਿਕ ਤਕਨੀਕੀ ਢਾਂਚਾ ਮੁਹਈਆ ਕਰਵਾਉਣ ਦੇ ਲਈ ਬਚਨਵਧ ਹੈ, ਲੋਕ ਜਨ ਸ਼ਕਤੀ ਪਾਰਟੀ ਦੇ ਸੀਨੀਅਰ ਨੇਤਾ ਕੇ.ਪੀ. ਚੌਧਰੀ ਹੋਰਾਂ ਪੱਤਰਕਾਰਾਂ ਦੇ ਸਵਾਲਾਂ ਦੇ ਜਵਾਬ ਦਿੰਦੇ ਹੋਏ ਸਪਸ਼ਟ ਕਿਹਾ ਕਿ ਪਾਰਟੀ ਵੱਲੋਂ ਪੰਜਾਬ ਦੇ ਹਰ ਬੱਚੇ ਨੂੰ ਲਾਜ਼ਮੀ, ਮੁਫਤ ਸਿੱਖਿਆ ਅਤੇ ਆਧੁਨਿਕ ਸਿਹਤ ਸਹੂਲਤਾਂ ਮੁਹਈਆ ਕਰਵਾਉਣ ਦੇ ਲਈ ਪੂਰੀ ਦ੍ਰਿੜਤਾ ਦ੍ਰਿੜਤਾ ਅਤੇ ਲਗਾਤਾਰਤਾ ਦੇ ਨਾਲ ਕੰਮ ਕੀਤਾ ਜਾਵੇਗਾ, ਉਹਨਾਂ ਕਿਹਾ ਕਿ ਹਰ ਖੇਤਰ ਦੇ ਵਿੱਚ ਪੰਜਾਬ ਦੀਆਂ ਔਰਤਾਂ ਦੀ ਭਾਗੀਦਾਰੀ ਨੂੰ ਯਕੀਨੀ ਬਣਾਇਆ ਜਾਵੇਗਾ, ਕਿਸਾਨਾਂ ਦੇ ਲਾਭ ਲਈ ਜਮੀਨ ਨਾਲ ਸੰਬੰਧਿਤ ਵੱਖ-ਵੱਖ ਕਾਨੂੰਨਾਂ ਵਿੱਚ ਸੋਧ ਕਰਨਾ ਅਤੇ ਉਹਨਾਂ ਨੂੰ ਵਾਜਿਬ ਕੀਮਤ ਤੇ ਆਧੁਨਿਕ ਤਕਨੀਕੀ ਉਪਕਰਨ ਅਤੇ ਖਾਦਾਂ ਮੁਹਈਆ ਕਰਵਾਉਣ ਦੇ ਲਈ ਪਾਰਟੀ ਵੱਲੋਂ ਪੂਰੀ ਸੁਹਿਰਦਤਾ ਦੇ ਨਾਲ ਯਤਨ ਕੀਤੇ ਜਾਣਗੇ, ਸਵਰਗੀ ਰਾਮ ਬਿਲਾਸ ਪਾਸਵਾਨ ਨੂੰ ਯਾਦ ਕਰਦੇ ਹੋਏ ਕੇ.ਪੀ. ਚੌਧਰੀ ਨੇ ਦੱਸਿਆ ਕਿ ਸਾਡੇ ਨੇਤਾ ਨੇ ਭਾਰਤ ਦੇ 6 ਪ੍ਰਧਾਨ ਮੰਤਰੀਆਂ- ਵੀ.ਪੀ. ਸਿੰਘ, ਐਚ.ਡੀ. ਦੇਵਗੜਾ, ਇੰਦਰ ਕੁਮਾਰ ਗੁਜਰਾਲ, ਅਟਲ ਬਿਹਾਰੀ ਬਾਜਪਾਈ, ਡਾਕਟਰ ਮਨਮੋਹਨ ਸਿੰਘ ਅਤੇ ਸ੍ਰੀ ਨਰਿੰਦਰ ਮੋਦੀ ਦੇ ਨਾਲ ਕੰਮ ਕਰਕੇ ਰਾਸ਼ਟਰ ਨਿਰਮਾਣ ਦੇ ਵਿੱਚ ਅਹਿਮ ਭੂਮਿਕਾ ਨਿਭਾਈ ਅਤੇ ਸ੍ਰੀ ਪਾਸਵਾਨ ਜੀ ਨੇ ਭਾਰਤ ਦੀ ਸੰਸਦ ਦੇ ਵਿੱਚ ਡਾਕਟਰ ਬੀ. ਆਰ. ਅੰਬੇਡਕਰ ਜੀ ਦੀ ਤਸਵੀਰ ਲਗਵਾ ਕੇ ਇੱਕ ਇਤਿਹਾਸਿਕ ਕਾਰਜ ਕੀਤਾ, ਉਹਨਾਂ ਲੋਕ ਜਨ ਸ਼ਕਤੀ ਪਾਰਟੀ ਦੇ ਸੰਸਥਾਪਕ ਅਤੇ ਸਾਬਕਾ ਕੇਂਦਰੀ✲ ਮੰਤਰੀ ਰਾਮ ਬਿਲਾਸ ਪਾਸਵਾਨ ਹੋਰਾਂ ਜੀ ਦੇ ਅਣਥੱਕ ਯਤਨਾਂ ਸਦਕਾ ਭਾਰਤ ਸਰਕਾਰ ਨੇ ਡਾਕਟਰ ਬੀ. ਆਰ. ਅੰਬੇਡਕਰ ਨੂੰ ਦੇਸ਼ ਦੇ ਸਰਬਉੱਚ ਸਨਮਾਨ- ਭਾਰਤ ਰਤਨ -ਨਾਲ ਨਿਵਾਜਿਆ, ਇਸ ਮੌਕੇ ਤੇ ਪੰਕਜ ਭਾਰਤਵਾਜ, ਪ੍ਰੇਮ ਸਿੰਘ ਸਫਰੀ, ਮੁੱਖਤੋਲ ਸਿੰਘ, ਸਤਪਾਲ ਸਿੰਘ, ਰੋਮੀਮਸੀ, ਸਿਮਰਨਜੀਤ ਸਿੰਘ, ਸੁਖਵਿੰਦਰ ਸਿੰਘ ਸੰਧੂ, ਗੁਲਜ਼ਾਰ ਪਾਸਵਾਨ ਕੁਮਾਰ, ਰੰਜਨ ਸਿੰਘ, ਰਿਸ਼ੀਪਾਲ ਸਿੰਘ ,ਮਨਦੀਪ ਕੌਰ, ਮਨਜੀਤ ਸਿੰਘ, ਭੁਪਿੰਦਰ ਸਿੰਘ, ਵਿਸ਼ਵਦੀਪ ਸਿੰਘ, ਬਿਕਰਮਜੀਤ ਸਿੰਘ ਧਾਲੀਵਾਲ, ਸਵਰਨ ਸਿੰਘ ਬੰਗੜ, ਸੁਖਵਿੰਦਰ ਸਿੰਘ, ਕੁਲਦੀਪ ਸਿੰਘ ਸ਼ੇਰਗਿਲ ਸਮੇਤ ਵੱਡੀ ਗਿਣਤੀ ਵਿੱਚ ਲੋਕ ਜਨ ਸ਼ਕਤੀ ਪਾਰਟੀ ਦੇ ਵਰਕਰ ਅਤੇ ਸਮਰਥਕ ਮੌਜੂਦ ਸਨ।

ਮੰਤਰੀ ਅਨਿਲ ਵਿਜ ਨੇ ਨਾਨਾ ਪਾਟੇਕਰ ਦੇ ਦੇਹਾਂਤ ’ਤੇ ਦੁੱਖ ਪ੍ਰਗਟਾਇਆ



ਪੈ.ਗਾਮ-ਏ-ਜਗਤ/ਅੰਬਾਲਾ, 8 ਅਕਤੂਬਰ (ਆਰ.ਸਿੰਘ)

ਹਰਿਆਣਾ ਦੇ ਊਰਜਾ, ਆਵਾਜਾਈ ਅਤੇ ਕਿਰਤ ਮੰਤਰੀ ਅਨਿਲ ਵਿਜ ਨੇ ਅੱਜ ਦਿਲ ਦਾ ਦੌਰਾ ਪੈਣ ਕਾਰਨ ਪ੍ਰਸਿੱਧ ਅਦਾਕਾਰ ਨਾਨਾ ਪਾਟੇਕਰ ਦੀ ਮੌਤ ’ਤੇ ਡੂੰਘਾ ਦੁੱਖ ਪ੍ਰਗਟ ਕੀਤਾ।

ਉਨ੍ਹਾਂ ਕਿਹਾ, ਇਹ ਇੱਕ ਬਹੁਤ ਹੀ ਦੁਖਦਾਈ ਘਟਨਾ ਹੈ ਅਤੇ ਅੱਜ ਫ਼ਿਲਮ ਉਦਯੋਗ ਦੀ ਇੱਕ ਬਹੁਤ ਹੀ ਸ਼ਕਤੀਸ਼ਾਲੀ ਹਸਤੀ, ਨਾਨਾ ਪਾਟੇਕਰ ਦਾ ਦੇਹਾਂਤ ਹੋ ਗਿਆ ਹੈ। ਵਿਜ ਅੱਜ ਮੀਡੀਆ ਕਰਮੀਆਂ ਦੇ ਸਵਾਲਾਂ ਦੇ ਜਵਾਬ ਦੇ ਰਹੇ ਸਨ।

ਵਿਜ ਨੇ ਕਿਹਾ ਕਿ ਨਾਨਾ ਪਾਟੇਕਰ ਨੇ ਲਗਭਗ 100 ਫ਼ਿਲਮਾਂ ਵਿੱਚ ਕੰਮ ਕੀਤਾ ਅਤੇ ਉਹ ਤਿੰਨ ਫ਼ਿਲਮ ਪੁਰਸਕਾਰ ਪ੍ਰਾਪਤ ਕਰਤਾ ਵੀ ਸਨ। ਉਨ੍ਹਾਂ ਅੱਗੇ ਕਿਹਾ ਕਿ ਲੋਕ ਨਾਨਾ ਪਾਟੇਕਰ ਦੀ ਅਦਾਕਾਰੀ ਨੂੰ ਹਮੇਸ਼ਾ ਯਾਦ ਰੱਖਣਗੇ। ਜ਼ਿਕਰਯੋਗ ਹੈ ਕਿ ਦਿੱਗਜ ਅਦਾਕਾਰ ਨਾਨਾ ਪਾਟੇਕਰ ਦਾ ਅੱਜ 75 ਸਾਲ ਦੀ ਉਮਰ ਵਿੱਚ ਘਰ ਦੇ ਅੰਦਰ ਦਿਲ ਦਾ ਦੌਰਾ ਪੈਣ ਕਾਰਨ ਦੇਹਾਂਤ ਹੋ ਗਿਆ। ਛਾਤੀ ਵਿੱਚ ਤੇਜ਼ ਦਰਦ ਹੋਣ ਤੋਂ ਬਾਅਦ ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ। ਨਾਨਾ ਪਾਟੇਕਰ ਨੂੰ ਹਿੰਦੀ ਅਤੇ ਮਰਾਠੀ ਸਿਨੇਮਾ ਦੇ ਸਭ ਤੋਂ ਵਧੀਆ ਅਦਾਕਾਰਾਂ ਵਿੱਚੋਂ ਇੱਕ ਮੰਨਿਆ ਜਾਂਦਾ ਸੀ। ਵਿਜ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਮੇਤ ਕਈ ਪ੍ਰਮੁੱਖ ਹਸਤੀਆਂ ਨੇ ਨਾਨਾ ਪਾਟੇਕਰ ਦੇ ਦੇਹਾਂਤ ’ਤੇ ਸੋਗ ਪ੍ਰਗਟ ਕੀਤਾ ਹੈ।

ਯੂਨੀਵਰਸਲ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵਿਖੇ ਵੋਟਰ ਰਜਿਸਟ੍ਰੇਸ਼ਨ ਅਤੇ ਜਾਗਰੂਕਤਾ ਮੁਹਿੰਮ

• “ਹਰੇਕ ਵੋਟ ਮਹੱਤਵਪੂਰਨ ਹੈ : ਜ਼ਿਲ੍ਹਾ ਨੋਡਲ ਅਫ਼ਸਰ, ਸਵੀਪ



ਲਾਲੜੂ, 8 ਅਕਤੂਬਰ (ਪੈ.ਗਾਮ-ਏ-ਜਗਤ)

ਯੋਗ ਵਿਦਿਆਰਥੀਆਂ ਨੂੰ ਵੋਟਰ ਵਜੋਂ ਨਾਮ ਦਰਜ ਕਰਵਾਉਣ ਅਤੇ ਵੋਟ ਦੇ ਮਹੱਤਵ ਸਬੰਧੀ ਜਾਗਰੂਕ ਕਰਨ ਦੇ ਉਦੇਸ਼ ਨਾਲ ਯੂਨੀਵਰਸਲ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵਿਖੇ ਸਿਸਟੇਮੈਟਿਕ ਵੋਟਰ ਸਿੱਖਿਆ ਅਤੇ ਚੋਣ ਭਾਗੀਦਾਰੀ (ਸਵੀਪ) ਪ੍ਰੋਗਰਾਮ ਤਹਿਤ ਵੋਟਰ ਨਾਮਾਂਕਣ ਅਤੇ ਜਾਗਰੂਕਤਾ ਮੁਹਿੰਮ ਕਰਵਾਈ ਗਈ।

ਇਹ ਪ੍ਰੋਗਰਾਮ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਅਗਵਾਈ ਅਤੇ ਸਹਿਯੋਗ ਹੇਠ ਸੰਸਥਾ ਦੇ ਪ੍ਰਬੰਧਕਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਦੌਰਾਨ ਵਿਦਿਆਰਥੀਆਂ ਨੂੰ ਵੋਟਰ ਵਜੋਂ ਨਾਮ ਦਰਜ ਕਰਵਾਉਣ ਦੀ ਮਹੱਤਤਾ, ਚੋਣ ਅਧਿਕਾਰਾਂ ਅਤੇ ਜ਼ਿੰਮੇਵਾਰੀਆਂ ਤੋਂ ਜਾਣੂ ਕਰਵਾਉਣ ਦੇ ਨਾਲ-ਨਾਲ ਲੋਕਤੰਤਰੀ ਪ੍ਰਕਿਰਿਆ ਵਿੱਚ ਸਰਗਰਮ ਭਾਗੀਦਾਰੀ ਲਈ ਪ੍ਰੇਰਿਤ ਕੀਤਾ ਗਿਆ।

ਜ਼ਿਲ੍ਹਾ ਨੋਡਲ ਅਫ਼ਸਰ, ਸਵੀਪ, ਇੰਜੀਨੀਅਰ ਗੁਰਬਖ਼ਸ਼ੀਸ਼ ਸਿੰਘ ਅੰਟਾਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਵੋਟ ਦੀ ਮਹੱਤਤਾ ਨੂੰ ਸਮਝਣ ਅਤੇ ਜ਼ਿੰਮੇਵਾਰ ਨਾਗਰਿਕ ਵਜੋਂ ਚੋਣ ਪ੍ਰਕਿਰਿਆ ਵਿੱਚ ਸਰਗਰਮ ਭਾਗੀਦਾਰੀ ਯਕੀਨੀ ਬਣਾਉਣ ਲਈ ਕਿਹਾ।

ਵੱਖ-ਵੱਖ ਸੈਸ਼ਨਾਂ ਵਿੱਚ ਕਰਵਾਈ ਗਈ ਇਸ ਮੁਹਿੰਮ ਵਿੱਚ ਇੰਜੀਨੀਅਰਿੰਗ, ਨਰਸਿੰਗ, ਫਾਰਮੇਸੀ, ਸਹਾਇਕ ਸਿਹਤ ਵਿਗਿਆਨ ਅਤੇ ਪ੍ਰਬੰਧਨ ਸਮੇਤ ਵੱਖ-ਵੱਖ ਵਿਭਾਗਾਂ ਦੇ 276 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਇੰਜੀਨੀਅਰ ਗੁਰਬਖ਼ਸ਼ੀਸ਼ ਸਿੰਘ ਅੰਟਾਲ ਨੇ ਵਿਦਿਆਰਥੀਆਂ ਨੂੰ ਵੋਟਰ ਨਾਮਾਂਕਣ, ਚੋਣ ਅਧਿਕਾਰਾਂ ਅਤੇ ਜ਼ਿੰਮੇਵਾਰੀਆਂ ਅਤੇ ਚੋਣਾਂ ਵਿੱਚ ਸੂਝਵਾਨ ਤੇ ਸਰਗਰਮ ਭਾਗੀਦਾਰੀ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਸਵੀਪ ਕੋਆਰਡੀਨੇਟਰ, ਡੇਰਾਬੱਸੀ, ਸ੍ਰੀਮਤੀ ਰੂਮਾ ਰਾਣੀ ਅਤੇ ਬੂਥ ਲੈਵਲ ਅਫ਼ਸਰ ਸ੍ਰੀਮਤੀ ਪੂਨਮ ਨੇ ਵਿਦਿਆਰਥੀਆਂ ਨੂੰ ਈ.ਸੀ.ਆਈ. ਨੈੱਟ ਐਪ ਰਾਹੀਂ ਆਨਲਾਈਨ ਵੋਟਰ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਅਤੇ ਲੋੜੀਂਦੇ ਦਸਤਾਵੇਜ਼ਾਂ ਬਾਰੇ ਮਾਰਗਦਰਸ਼ਨ ਦਿੱਤਾ। ਮੁਹਿੰਮ ਦੌਰਾਨ 193 ਵਿਦਿਆਰਥੀਆਂ ਨੂੰ ਯੋਗ/ਰਜਿਸਟਰਡ ਵੋਟਰ ਵਜੋਂ ਦਰਜ ਕੀਤਾ ਗਿਆ, ਜੋ ਨੌਜਵਾਨਾਂ ਵਿੱਚ ਚੋਣ ਜਾਗਰੂਕਤਾ ਅਤੇ ਲੋਕਤੰਤਰੀ ਭਾਗੀਦਾਰੀ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।

ਸੰਸਥਾ ਵੱਲੋਂ ਸਵੀਪ ਟੀਮ, ਚੋਣ ਅਧਿਕਾਰੀਆਂ, ਬੂਥ ਲੈਵਲ ਅਫ਼ਸਰਾਂ, ਪ੍ਰਬੰਧਕਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਦਿੱਤੇ ਸਹਿਯੋਗ ਲਈ ਧੰਨਵਾਦ ਕੀਤਾ ਗਿਆ। ਪ੍ਰੋਗਰਾਮ ਦੇ ਅੰਤ ਵਿੱਚ ਨੌਜਵਾਨਾਂ ਵਿੱਚ ਵੋਟਰ ਜਾਗਰੂਕਤਾ, ਚੋਣ ਸਾਖਰਤਾ ਅਤੇ ਜ਼ਿੰਮੇਵਾਰ ਨਾਗਰਿਕ ਭਾਗੀਦਾਰੀ ਨੂੰ ਲਗਾਤਾਰ ਉਤਸ਼ਾਹਿਤ ਕਰਨ ਦਾ ਸੰਕਲਪ ਲਿਆ ਗਿਆ।

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ Seasonal Daily Wagers Policy-2026 ਲਾਗੂ, 223 ਦਿਹਾੜੀਦਾਰ ਕਰਮਚਾਰੀਆਂ ਨੂੰ ਮਿਲਿਆ ਲਾਭ

• ਸੀਜ਼ਨਲ ਦਿਹਾੜੀਦਾਰਾਂ ਨੂੰ ਪੂਰੇ ਮਹੀਨੇ ਦੀ ਤਨਖਾਹ, 10 ਛੁੱਟੀਆਂ, ਗਜਟਿਡ ਛੁੱਟੀਆਂ ਤੇ ਸਮਾਜਿਕ ਸੁਰੱਖਿਆ ਸੁਵਿਧਾਵਾਂ ਦਾ ਲਾਭ



ਐਸ.ਏ.ਐਸ. ਨਗਰ, 8 ਅਕਤੂਬਰ (ਪੈ.ਗਾਮ-ਏ-ਜਗਤ)

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੀਜ਼ਨਲ ਦਿਹਾੜੀਦਾਰ ਕਰਮਚਾਰੀਆਂ ਦੀ ਭਲਾਈ ਅਤੇ ਉਨ੍ਹਾਂ ਦੀਆਂ ਸੇਵਾਵਾਂ ਨੂੰ ਵਧੇਰੇ ਸੁਚੱਜੇ ਅਤੇ ਵਿਧੀਵਤ ਢੰਗ ਨਾਲ ਮਾਨਤਾ ਦੇਣ ਦੇ ਉਦੇਸ਼ ਨਾਲ ਤਿਆਰ ਕੀਤੀ ਗਈ The Punjab School Education Board, Policy-2026 ਨੂੰ ਲਾਗੂ ਕਰ ਦਿੱਤਾ ਗਿਆ ਹੈ। ਇਸ ਨੀਤੀ ਤਹਿਤ 223 ਸੀਜ਼ਨਲ ਦਿਹਾੜੀਦਾਰ ਕਰਮਚਾਰੀਆਂ ਇਸ ਦਾ ਲਾਭ ਲੈ ਚੁੱਕੇ ਹਨ ਅਤੇ ਨੀਤੀ ਅਪਣਾਉਣ ਵਾਲੇ ਯੋਗ ਕਰਮਚਾਰੀਆਂ ਨੂੰ ਅੱਜ ਦਫ਼ਤਰੀ ਹੁਕਮ ਜਾਰੀ ਕੀਤੇ ਗਏ।

ਪੰਜਾਬ ਸਕੂਲ ਸਿੱਖਿਆ ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ, ਆਈ.ਏ.ਐਸ. (ਰਿਟਾ.) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨੀਤੀ ਅਧੀਨ ਜਿਨ੍ਹਾਂ ਸੀਜ਼ਨਲ ਦਿਹਾੜੀਦਾਰ ਕਰਮਚਾਰੀਆਂ ਵੱਲੋਂ ਫਾਰਮ-ਏ ਭਰ ਕੇ ਪਾਲਿਸੀ ਅਪਣਾਈ ਗਈ ਹੈ, ਉਨ੍ਹਾਂ ਨੂੰ ਲਾਗੂ ਨੀਤੀ ਅਨੁਸਾਰ ਦਫ਼ਤਰੀ ਹੁਕਮ ਜਾਰੀ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਹ ਨੀਤੀ ਲੰਬੇ ਸਮੇਂ ਤੋਂ ਬੋਰਡ ਨਾਲ ਸੇਵਾਵਾਂ ਨਿਭਾ ਰਹੇ ਦਿਹਾੜੀਦਾਰ ਕਰਮਚਾਰੀਆਂ ਦੀਆਂ ਸੇਵਾਵਾਂ ਨੂੰ ਵਧੇਰੇ ਵਿਵਸਥਿਤ ਕਰਨ ਅਤੇ ਉਨ੍ਹਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ।

ਸੀਜ਼ਨਲ ਦਿਹਾੜੀਦਾਰ ਕਰਮਚਾਰੀਆਂ ਨੇ ਨੀਤੀ ਸਬੰਧੀ ਆਪਣੀ ਪ੍ਰਤੀਕਿਰਿਆ ਦਿੰਦਿਆਂ ਦੱਸਿਆ ਕਿ ਪਹਿਲਾਂ ਉਨ੍ਹਾਂ ਨੂੰ ਮਹੀਨੇ ਵਿੱਚ ਲਗਭਗ 12 ਤੋਂ 18 ਦਿਨਾਂ ਦੀ ਹੀ ਮਜ਼ਦੂਰੀ ਪ੍ਰਾਪਤ ਹੁੰਦੀ ਸੀ, ਜਦਕਿ ਨਵੀਂ ਪਾਲਿਸੀ ਦੇ ਲਾਗੂ ਹੋਣ ਨਾਲ ਉਨ੍ਹਾਂ ਨੂੰ ਨਿਯਮਾਂ ਅਨੁਸਾਰ ਪੂਰੇ ਮਹੀਨੇ ਦੀ ਤਨਖਾਹ ਮਿਲੇਗੀ। ਇਸ ਨਾਲ ਉਨ੍ਹਾਂ ਨੂੰ ਵਿੱਤੀ ਸਥਿਰਤਾ ਅਤੇ ਨਿੱਜੀ ਜੀਵਨ ਵਿੱਚ ਵੱਡੀ ਰਾਹਤ ਮਿਲਣ ਦੀ ਉਮੀਦ ਜਾਗੀ ਹੈ।

ਚੇਅਰਮੈਨ ਨੇ ਦੱਸਿਆ ਕਿ ਨਵੀਂ ਪਾਲਿਸੀ ਤਹਿਤ ਸੀਜ਼ਨਲ ਦਿਹਾੜੀਦਾਰਾਂ ਨੂੰ ਸਾਲ ਦੌਰਾਨ 10 ਛੁੱਟੀਆਂ ਦੇ ਨਾਲ-ਨਾਲ ਗਜਟਿਡ ਛੁੱਟੀਆਂ, ਸ਼ਨੀਵਾਰ ਅਤੇ ਐਤਵਾਰ ਦੀਆਂ ਛੁੱਟੀਆਂ ਦਾ ਫਾਇਦਾ ਵੀ ਦਿੱਤਾ ਗਿਆ ਹੈ। ਇਸ ਤੋਂ ਇਲਾਵਾ, ਲਾਗੂ ਨਿਯਮਾਂ ਅਨੁਸਾਰ ਈ.ਐਸ.ਆਈ., ਈ.ਪੀ.ਐੱਫ. ਆਦਿ ਸਮਾਜਿਕ ਸੁਰੱਖਿਆ ਸਬੰਧੀ ਸੁਵਿਧਾਵਾਂ ਵੀ ਇਹਨਾਂ ਦਿਹਾੜੀਦਾਰ ਕਰਮਚਾਰੀਆਂ ਲਈ ਲਾਗੂ ਕੀਤੀਆਂ ਗਈਆਂ ਹਨ।

ਉਨ੍ਹਾਂ ਕਿਹਾ ਕਿ ਇਸ ਨੀਤੀ ਤਹਿਤ ਜਾਰੀ ਕੀਤੇ ਗਏ ਦਫ਼ਤਰੀ ਹੁਕਮ ਸੀਜ਼ਨਲ ਦਿਹਾੜੀਦਾਰਾਂ ਲਈ ਇੱਕ ਮਹੱਤਵਪੂਰਨ ਦਸਤਾਵੇਜ਼ ਹਨ। ਇਸ ਨਾਲ ਇਹਨਾਂ ਦੀ ਬੋਰਡ ਵਿੱਚ ਸੇਵਾ ਨਾਲ ਸਬੰਧਤ ਦਫ਼ਤਰੀ ਪਛਾਣ ਬਣੀ ਹੈ। ਇਸ ਤੋਂ ਇਲਾਵਾ, ਇਹਨਾਂ ਨੂੰ ਸ਼ਨਾਖਤੀ ਕਾਰਡ ਅਤੇ ਦਫ਼ਤਰੀ ਕੰਮਕਾਜ ਲਈ ਨਿਯਮਾਂ ਅਨੁਸਾਰ ਸ਼ਨਾਖਤੀ ਨੰਬਰ ਜਾਰੀ ਕਰਨ ਦੀ ਸੁਵਿਧਾ ਵੀ ਦਿੱਤੀ ਜਾ ਰਹੀ ਹੈ, ਜਿਸ ਨਾਲ ਉਹ ਨਿਰਧਾਰਤ ਦਫ਼ਤਰੀ ਪ੍ਰਕਿਰਿਆ ਅਨੁਸਾਰ ਆਮ ਕਰਮਚਾਰੀਆਂ ਵਾਂਗ ਕੰਮ ਕਰ ਸਕਣਗੇ।

ਇਸ ਮੌਕੇ ਸੀਜ਼ਨਲ ਦਿਹਾੜੀਦਾਰਾਂ ਨੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਲੰਬੇ ਸਮੇਂ ਤੋਂ ਬੋਰਡ ਨਾਲ ਆਪਣੀਆਂ ਸੇਵਾਵਾਂ ਨਿਭਾਉਣ ਦੇ ਬਾਵਜੂਦ ਉਨ੍ਹਾਂ ਨੂੰ ਆਪਣੀ ਸੇਵਾ ਸਬੰਧੀ ਇਸ ਤਰ੍ਹਾਂ ਦੀ ਦਫ਼ਤਰੀ ਮਾਨਤਾ ਦੀ ਜ਼ਰੂਰਤ ਮਹਿਸੂਸ ਹੋ ਰਹੀ ਸੀ। ਉਨ੍ਹਾਂ ਕਿਹਾ ਕਿ ਨਵੀਂ ਪਾਲਿਸੀ ਨਾਲ ਉਨ੍ਹਾਂ ਵਿੱਚ ਸੁਰੱਖਿਆ ਅਤੇ ਸਨਮਾਨ ਦੀ ਭਾਵਨਾ ਪੈਦਾ ਹੋਈ ਹੈ ਅਤੇ ਉਹ ਹੁਣ ਬੋਰਡ ਦੇ ਦਫ਼ਤਰੀ ਕੰਮਕਾਜ ਵਿੱਚ ਹੋਰ ਜ਼ਿੰਮੇਵਾਰੀ ਅਤੇ ਸਮਰਪਣ ਨਾਲ ਯੋਗਦਾਨ ਪਾਉਣ ਲਈ ਉਤਸ਼ਾਹਿਤ ਹਨ ਕਿਉਂਕਿ ਯੋਗ ਕਾਮਿਆਂ ਦੀ 58 ਸਾਲ ਦੀ ਉਮਰ ਤੱਕ ਸੇਵਾ ਨਿਰੰਤਰ ਜਾਰੀ ਰਹੇਗੀ ਅਤੇ ਯੋਗਤਾ ਅਨੁਸਾਰ ਕਲੈਰੀਕਲ ਅਤੇ ਗਰੁੱਪ-ਡੀ ਕੰਮਾਂ ਲਈ ਤਾਇਨਾਤੀ ਹੋਵੇਗੀ।

ਸੀਜ਼ਨਲ ਦਿਹਾੜੀਦਾਰਾਂ ਨੇ ਇਸ ਪਹਿਲ ਲਈ ਪੰਜਾਬ ਸਰਕਾਰ ਅਤੇ ਬੋਰਡ ਮੈਨੇਜਮੈਂਟ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਨੀਤੀ ਉਨ੍ਹਾਂ ਦੇ ਜੀਵਨ ਵਿੱਚ ਇੱਕ ਨਵੇਂ ਪੜਾਅ ਦੀ ਸ਼ੁਰੂਆਤ ਵਜੋਂ ਸਾਬਤ ਹੋਵੇਗੀ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਉਹ ਭਵਿੱਖ ਵਿੱਚ ਵੀ ਬੋਰਡ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਆਪਣੀਆਂ ਸੇਵਾਵਾਂ ਪੂਰੀ ਇਮਾਨਦਾਰੀ ਅਤੇ ਜ਼ਿੰਮੇਵਾਰੀ ਨਾਲ ਨਿਭਾਉਂਦੇ ਰਹਿਣਗੇ।

ਕੱਚੇ ਘਰਾਂ ਨੂੰ ਪੱਕੇ ਕਰਨ ਲਈ ਵਿਧਾਇਕ ਕੁਲਵੰਤ ਸਿੰਘ ਵੱਲੋਂ 5 ਲਾਭਪਾਤਰੀਆਂ ਨੂੰ 2-2 ਲੱਖ ਰੁਪਏ ਦੇ ਚੈੱਕ

• ਹੁਣ ਤੱਕ ਕਰੀਬ 150 ਕੱਚੇ ਘਰਾਂ ਨੂੰ ਪੱਕਾ ਕਰਨ ਲਈ ਲਾਭਪਾਤਰੀਆਂ ਨੂੰ ਦਿੱਤੀ ਜਾ ਚੁੱਕੀ ਹੈ ਵਿੱਤੀ ਸਹਾਇਤਾ
• ਮੋਹਾਲੀ ਸ਼ਹਿਰ ਦੀ ਸਫ਼ਾਈ, ਸੁੰਦਰਤਾ ਅਤੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਉਪਰਾਲੇ ਜਾਰੀ: ਕੁਲਵੰਤ ਸਿੰਘ




ਸਾਹਿਬਜ਼ਾਦਾ ਅਜੀਤ ਸਿੰਘ ਨਗਰ 8 ਅਕਤੂਬਰ (ਪੈ.ਗਾਮ-ਏ-ਜਗਤ)

ਵਿਧਾਨ ਸਭਾ ਹਲਕਾ ਮੋਹਾਲੀ ਦੇ ਵਿਧਾਇਕ ਸ੍ਰੀ ਕੁਲਵੰਤ ਸਿੰਘ ਨੇ ਅੱਜ ਕੱਚੇ ਘਰਾਂ ਨੂੰ ਪੱਕਾ ਕਰਨ ਲਈ 5 ਲਾਭਪਾਤਰੀਆਂ ਨੂੰ 2-2 ਲੱਖ ਰੁਪਏ ਦੇ ਚੈੱਕ ਤਕਸੀਮ ਕੀਤੇ। ਇਸ ਮੌਕੇ ਉਨ੍ਹਾਂ ਦੱਸਿਆ ਕਿ ਹੁਣ ਤੱਕ ਕਰੀਬ 150 ਕੱਚੇ ਘਰਾਂ ਨੂੰ ਪੱਕਾ ਕਰਨ ਲਈ ਲਾਭਪਾਤਰੀਆਂ ਨੂੰ 2-2 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾ ਚੁੱਕੀ ਹੈ। ਚੈੱਕ ਪ੍ਰਾਪਤ ਕਰਨ ਵਾਲੇ ਲਾਭਪਾਤਰੀਆਂ ਵਿੱਚ ਪਿੰਡ ਰੁੜਕਾ ਦੀਆਂ ਸ੍ਰੀਮਤੀ ਪਰਮਜੀਤ ਕੌਰ ਅਤੇ ਸ੍ਰੀਮਤੀ ਮਲਕੀਤ ਕੌਰ, ਪਿੰਡ ਲਖਨੌਰ ਦੇ ਅਸ਼ੋਕ ਕੁਮਾਰ ਪੁੱਤਰ ਦਿਲਬਾਰਾ ਸਿੰਘ, ਪਿੰਡ ਕੁੰਭੜਾ ਦੇ ਮਿਹਰ ਸਿੰਘ ਪੁੱਤਰ ਹਰੀਸ਼ ਸਿੰਘ ਅਤੇ ਬਲੌਂਗੀ ਦੇ ਮੰਗਤ ਸਿੰਘ ਪੁੱਤਰ ਹਰੀ ਸਿੰਘ ਸ਼ਾਮਲ ਹਨ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਕੱਚੇ ਘਰਾਂ ਨੂੰ ਪੱਕਾ ਕਰਨ ਲਈ ਲਾਭਪਾਤਰੀਆਂ ਨੂੰ ਵਿੱਤੀ ਸਹਾਇਤਾ ਦੇਣ ਦੀ ਇਹ ਪਹਿਲ ਲੋਕਾਂ ਨੂੰ ਬਿਹਤਰ ਰਿਹਾਇਸ਼ੀ ਸਹੂਲਤਾਂ ਪ੍ਰਦਾਨ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ ਕਿ ਇਹ ਸਿਲਸਿਲਾ ਅੱਗੇ ਵੀ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਨਿੱਜੀ ਤੌਰ ’ਤੇ ਵੀ ਉਨ੍ਹਾਂ ਵੱਲੋਂ 100 ਤੋਂ ਵੱਧ ਕੱਚੇ ਘਰਾਂ ਦੀ ਮੁਰੰਮਤ ਅਤੇ ਸੁਧਾਰ ਕਰਵਾਇਆ ਗਿਆ ਹੈ, ਜਿਸ ਵਿੱਚ ਕਈ ਘਰਾਂ ਦੀਆਂ ਛੱਤਾਂ ਵੀ ਬਦਲੀਆਂ ਗਈਆਂ ਹਨ। ਵਿਧਾਇਕ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਲਈ ਕੀਤੇ ਗਏ ਵਾਅਦਿਆਂ ਨੂੰ ਪੂਰਾ ਕਰਨ ਦੇ ਨਾਲ-ਨਾਲ ਅਜਿਹੇ ਕਈ ਕੰਮ ਵੀ ਕੀਤੇ ਜਾ ਰਹੇ ਹਨ, ਜਿਨ੍ਹਾਂ ਦਾ ਲੋਕਾਂ ਨੂੰ ਸਿੱਧਾ ਲਾਭ ਮਿਲ ਰਿਹਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਇਸ ਕਾਰਨ ਵਿਰੋਧੀ ਪਾਰਟੀਆਂ ਕੋਲ ਚੋਣਾਂ ਲੜਨ ਲਈ ਕੋਈ ਸਪੱਸ਼ਟ ਏਜੰਡਾ ਨਹੀਂ ਰਹਿ ਗਿਆ ਹੈ।

ਕੂੜੇ ਦੀ ਸਮੱਸਿਆ ਸਬੰਧੀ ਵਿਧਾਇਕ ਨੇ ਕਿਹਾ ਕਿ ਮੋਹਾਲੀ ਨਗਰ ਨਿਗਮ ਦੇ ਮੇਅਰ ਸ੍ਰੀ ਸਰਬਜੀਤ ਸਿੰਘ ਸਮਾਣਾ, ਸੀਨੀਅਰ ਡਿਪਟੀ ਮੇਅਰ ਸ੍ਰੀ ਰਜਿੰਦਰ ਪ੍ਰਸਾਦ ਸ਼ਰਮਾ ਅਤੇ ਡਿਪਟੀ ਮੇਅਰ ਸ੍ਰੀ ਹਰਪਾਲ ਸਿੰਘ ਚੰਨਾ ਦੀ ਅਗਵਾਈ ਹੇਠ ਟੀਮ ਵੱਲੋਂ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਨੂੰ ਕੂੜੇ ਦੀ ਸਮੱਸਿਆ ਤੋਂ ਸਥਾਈ ਤੌਰ ’ਤੇ ਰਾਹਤ ਦਿਵਾਉਣ ਲਈ ਉਪਰਾਲੇ ਜਾਰੀ ਹਨ। ਉਨ੍ਹਾਂ ਮੋਹਾਲੀ ਵਾਸੀਆਂ ਨੂੰ ਅਪੀਲ ਕੀਤੀ ਕਿ ਸ਼ਹਿਰ ਦੀ ਸਫ਼ਾਈ ਅਤੇ ਸੁੰਦਰਤਾ ਨੂੰ ਬਰਕਰਾਰ ਰੱਖਣ ਲਈ ਕੂੜਾ ਨਿਰਧਾਰਤ ਥਾਵਾਂ ’ਤੇ ਹੀ ਸੁੱਟਿਆ ਜਾਵੇ। ਉਨ੍ਹਾਂ ਕਿਹਾ ਕਿ ਸਮਾਜ ਸੇਵਾ ਦੇ ਕੰਮਾਂ ਵਿੱਚ ਪਹਿਲ ਕਰਨ ਦੀ ਲੋੜ ਹੁੰਦੀ ਹੈ ਅਤੇ ਜਦੋਂ ਕੋਈ ਵਿਅਕਤੀ ਲੋੜਵੰਦਾਂ ਦੀ ਮਦਦ ਲਈ ਅੱਗੇ ਆਉਂਦਾ ਹੈ ਤਾਂ ਹੋਰ ਲੋਕ ਵੀ ਇਸ ਕਾਰਜ ਨਾਲ ਜੁੜਦੇ ਹਨ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਮੋਹਾਲੀ ਦੀਆਂ ਲਿੰਕ ਸੜਕਾਂ ਨੂੰ ਨਵੇਂ ਸਿਰੇ ਤੋਂ ਬਣਾਉਣ ਦਾ ਕੰਮ ਜਾਰੀ ਹੈ ਅਤੇ ਬਹੁਤੀਆਂ ਸੜਕਾਂ ਦਾ ਕੰਮ ਮੁਕੰਮਲ ਹੋ ਚੁੱਕਾ ਹੈ। ਇਸੇ ਤਰ੍ਹਾਂ ਮੋਹਾਲੀ ਸ਼ਹਿਰ ਵਿੱਚ ਕਈ ਨਵੇਂ ਚੌਕ ਤਿਆਰ ਕੀਤੇ ਜਾ ਚੁੱਕੇ ਹਨ ਅਤੇ ਕਈਆਂ ਦਾ ਕੰਮ ਜਾਰੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਕੰਮਾਂ ਦੇ ਮੁਕੰਮਲ ਹੋਣ ਨਾਲ ਸ਼ਹਿਰ ਵਿੱਚ ਆਵਾਜਾਈ ਨੂੰ ਹੋਰ ਸੁਚਾਰੂ ਬਣਾਉਣ ਵਿੱਚ ਮਦਦ ਮਿਲੇਗੀ। ਇਸ ਮੌਕੇ ਮੋਹਾਲੀ ਨਗਰ ਨਿਗਮ ਦੇ ਮੇਅਰ ਸ੍ਰੀ ਸਰਬਜੀਤ ਸਿੰਘ ਸਮਾਣਾ, ਸੀਨੀਅਰ ਡਿਪਟੀ ਮੇਅਰ ਰਜਿੰਦਰ ਪ੍ਰਸਾਦ ਸ਼ਰਮਾ, ਸਾਬਕਾ ਸਰਪੰਚ ਸ੍ਰੀ ਅਵਤਾਰ ਸਿੰਘ ਮੌਲੀ, ਹਰਮੇਸ਼ ਸਿੰਘ ਕੁੰਭੜਾ, ਸਾਬਕਾ ਸਰਪੰਚ ਰੁੜਕਾ ਸ੍ਰੀਮਤੀ ਕਿਰਨਦੀਪ ਕੌਰ, ਹਰਜੀਤ ਸਿੰਘ ਰੁੜਕਾ, ਅਮਨਦੀਪ ਸਿੰਘ ਲਖਨੌਰ, ਸ੍ਰੀ ਮੁਖਤਿਆਰ ਸਿੰਘ ਲਖਨੌਰ ਅਤੇ ਭੁਪਿੰਦਰ ਸਿੰਘ ਪੰਚ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਵੈਟਨਰੀ ਯੂਨੀਵਰਸਿਟੀ ਵੱਲੋਂ ਵਿਦਿਆਰਥੀਆਂ ਨੂੰ ਵਿਗਿਆਨਕ ਢੰਗ ਨਾਲ ਘਰੇਲੂ ਪੱਧਰ ’ਤੇ ਪੋਲਟਰੀ ਪਾਲਣ ਦੀ ਸਿਖਲਾਈ



ਲੁਧਿਆਣਾ 08 ਅਕਤੂਬਰ (ਪੈ.ਗਾਮ-ਏ-ਜਗਤ)

ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਦੇ ਪਸ਼ੂਧਨ ਉਤਪਾਦਨ ਪ੍ਰਬੰਧਨ ਵਿਭਾਗ ਨੇ 10 ਲਾਭਪਾਤਰੀ ਵਿਦਿਆਰਥੀਆਂ ਲਈ ਵਿਗਿਆਨਕ ਘਰੇਲੂ ਪੋਲਟਰੀ ਪਾਲਣ (ਬੈਕਯਾਰਡ ਮੁਰਗੀ ਪਾਲਣ) : ਸਿਖਲਾਈ ਅਤੇ ਵਿਹਾਰਕ ਪ੍ਰਦਰਸ਼ਨ ਵਿਸ਼ੇ ’ਤੇ ਇੱਕ ਰੋਜ਼ਾ ਸਿਖਲਾਈ ਪ੍ਰੋਗਰਾਮ ਆਯੋਜਿਤ ਕੀਤਾ। ਕੋਰਸ ਨਿਰਦੇਸ਼ਕ ਡਾ. ਯਸ਼ਪਾਲ ਸਿੰਘ ਨੇ ਦੱਸਿਆ ਕਿ ਇਹ ਪ੍ਰੋਗਰਾਮ ÷ਭਾਰਤ ਵਿੱਚ ਖੇਤੀਬਾੜੀ ਸਬੰਧੀ ਉੱਚ ਸਿੱਖਿਆ ਨੂੰ ਮਜ਼ਬੂਤ ਕਰਨ ਤਹਿਤ ‘ਅਨੁਸੂਚਿਤ ਜਾਤੀ ਉਪ-ਯੋਜਨਾ’ ਦੇ ਅਧੀਨ ਪਸ਼ੂ ਪਾਲਣ, ਡੇਅਰੀ ਅਤੇ ਮੱਛੀ ਪਾਲਣ ਵਿੱਚ ਸਵੈ-ਰੁਜ਼ਗਾਰ ਅਤੇ ਰੁਜ਼ਗਾਰ ਸਿਰਜਣ ਲਈ ਉੱਦਮੀ ਹੁਨਰ ਵਿਕਾਸ ਵਾਸਤੇ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ (ਅੰਡਰ-ਗ੍ਰੈਜੂਏਟ ਅਤੇ ਪੋਸਟ-ਗ੍ਰੈਜੂਏਟ) ਅਤੇ ਕਿਸਾਨਾਂ ਦੀ ਸਿਖਲਾਈ ਵਿਸ਼ੇ ਹੇਠ ਕਰਵਾਇਆ ਗਿਆ ਸੀ। ਇਸ ਸਿਖਲਾਈ ਦਾ ਸੰਚਾਲਨ ਅਤੇ ਤਾਲਮੇਲ ਡਾ. ਦਲਜੀਤ ਕੌਰ, ਡਾ. ਸੁਰੇਸ਼ ਕੁਮਾਰ ਅਤੇ ਡਾ. ਗੁਰਪ੍ਰੀਤ ਕੌਰ ਦੁਆਰਾ ਕੀਤਾ ਗਿਆ।

ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਘਰੇਲੂ ਪੱਧਰ ’ਤੇ ਪੋਲਟਰੀ ਪਾਲਣ ਬਾਰੇ ਵਿਗਿਆਨਕ ਗਿਆਨ ਅਤੇ ਵਿਹਾਰਕ ਹੁਨਰ ਪ੍ਰਦਾਨ ਕਰਨਾ ਸੀ, ਜਿਸ ਵਿੱਚ ਪੋਲਟਰੀ ਦੇ ਬਿਹਤਰ ਪ੍ਰਬੰਧਨ, ਘੱਟ ਲਾਗਤ ਵਾਲੇ ਰਿਹਾਇਸ਼ੀ ਢਾਂਚੇ, ਖੁਰਾਕ, ਸਿਹਤ ਸੰਭਾਲ, ਜੈਵਿਕ-ਸੁਰੱਖਿਆ , ਨਸਲ ਦੀ ਚੋਣ, ਚੂਚਿਆਂ ਦੀ ਸੰਭਾਲ ਅਤੇ ਪੋਲਟਰੀ ਸਾਧਨਾਂ ਦੀ ਕੁਸ਼ਲ ਵਰਤੋਂ ’ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਸਿਖਲਾਈ ਦੌਰਾਨ, ਵਿਦਿਆਰਥੀਆਂ ਨੂੰ ਵਿਗਿਆਨਕ ਘਰੇਲੂ ਪੋਲਟਰੀ ਉਤਪਾਦਨ ਦੇ ਸਿਧਾਂਤਾਂ ਤੋਂ ਜਾਣੂ ਕਰਵਾਇਆ ਗਿਆ, ਜਿਸ ਵਿੱਚ ਢੁਕਵੇਂ ਪੰਛੀਆਂ ਦੀ ਚੋਣ, ਰਿਹਾਇਸ਼ ਦੀਆਂ ਲੋੜਾਂ, ਸਥਾਨ ਦਾ ਪ੍ਰਬੰਧਨ, ਖੁਰਾਕ ਅਤੇ ਪਾਣੀ ਦੇ ਤਰੀਕੇ, ਰਹਿੰਦ- ਖੂੰਹਦ, ਵਿੱਠਾਂ ਦਾ ਪ੍ਰਬੰਧਨ, ਸਫਾਈ ਅਤੇ ਬਿਮਾਰੀਆਂ ਦੀ ਰੋਕਥਾਮ ਸ਼ਾਮਲ ਸਨ। ਭਾਗ ਲੈਣ ਵਾਲਿਆਂ ਨੂੰ ਪੇਂਡੂ ਪਰਿਵਾਰਾਂ ਅਤੇ ਬੇਰੁਜ਼ਗਾਰ ਨੌਜਵਾਨਾਂ ਲਈ ਘਰੇਲੂ ਪੋਲਟਰੀ ਪਾਲਣ ਵਿੱਚ ਘੱਟ ਨਿਵੇਸ਼ ਨਾਲ ਆਮਦਨ ਪੈਦਾ ਕਰਨ ਵਾਲੀਆਂ ਸੰਭਾਵਨਾਵਾਂ ਬਾਰੇ ਵੀ ਜਾਗਰੂਕ ਕੀਤਾ ਗਿਆ। ਵਿਦਿਆਰਥੀਆਂ ਨੇ ਸਿਖਲਾਈ ਦੌਰਾਨ ਦਿਖਾਏ ਗਏ ਵਿਗਿਆਨਕ ਤਰੀਕਿਆਂ ਨੂੰ ਅਪਣਾਉਣ ਵਿੱਚ ਡੂੰਘੀ ਦਿਲਚਸਪੀ ਦਿਖਾਈ।

ਡਾ. ਸਵਰਨ ਸਿੰਘ ਰੰਧਾਵਾ, ਡੀਨ, ਵੈਟਨਰੀ ਸਾਇੰਸ ਕਾਲਜ ਨੇ ਸਿਖਲਾਈ ਪ੍ਰੋਗਰਾਮ ਦੇ ਆਯੋਜਨ ਲਈ ਵਿਭਾਗ ਦੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਵਿਗਿਆਨਕ ਢੰਗ ਨਾਲ ਘਰੇਲੂ ਪੱਧਰ ’ਤੇ ਪੋਲਟਰੀ ਪਾਲਣ (ਬੈਕਯਾਰਡ ਪੋਲਟਰੀ ਫਾਰਮਿੰਗ) ਬਾਰੇ ਵਿਦਿਆਰਥੀਆਂ ਨੂੰ ਅਰਥਪੂਰਨ ਵਿਹਾਰਕ ਤਜਰਬਾ ਅਤੇ ਹੁਨਰ-ਅਧਾਰਿਤ ਸਿੱਖਿਆ ਪ੍ਰਦਾਨ ਕਰਨ ਵਿੱਚ ਉਨ੍ਹਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ।

ਪੋਲਟਰੀ ਫਾਰਮ ਨੂੰ ਉਤਸ਼ਾਹਿਤ ਕੀਤਾ ਜਾਵੇਗਾ : ਸ਼ਿਆਮ ਸਿੰਘ ਰਾਣਾ

• ਪੋਲਟਰੀ ਫੈਡਰੇਸ਼ਨ ਆਫ ਇੰਡੀਆ ਦਾ ਵਫਦ ਮਿਲਿਆ ਖੇਤੀਬਾੜੀ ਮੰਤਰੀ ਨੂੰ

ਚੰਡੀਗੜ੍ਹ, 8 ਅਕਤੂਬਰ (ਪੈ.ਗਾਮ-ਏ-ਜਗਤ)

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਅਤੇ ਪਸ਼ੂ ਪਾਲਣ ਮੰਤਰੀ ਸ਼੍ਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਰਾਜ ਸਰਕਾਰ ਵੱਲੋਂ ਪੋਲਟਰੀ ਫਾਰਮਾਂ ਨੂੰ ਹੋਰ ਉਤਸ਼ਾਹਿਤ ਕੀਤਾ ਜਾਵੇਗਾ ਤਾਂ ਜੋ ਵੱਧ ਤੋਂ ਵੱਧ ਨੌਜਵਾਨਾਂ ਨੂੰ ਰੁਜ਼ਗਾਰ ਮਿਲ ਸਕੇ।

ਰਾਣਾ ਨਾਲ ਅੱਜ ਚੰਡੀਗੜ੍ਹ ਵਿਖੇ ਪੋਲਟਰੀ ਫੈਡਰੇਸ਼ਨ ਆਫ ਇੰਡੀਆ ਦਾ ਇੱਕ ਵਫ਼ਦ ਮੁਲਾਕਾਤ ਕਰਨ ਆਇਆ ਸੀ। ਇਸ ਮੌਕੇ ਹਰਿਆਣਾ ਦੇ ਸਿੱਖਿਆ ਮੰਤਰੀ ਮਹੀਪਾਲ ਢਾਂਡਾ ਵੀ ਮੌਜੂਦ ਸਨ। ਪਸ਼ੂ ਪਾਲਣ ਮੰਤਰੀ ਸ਼ਿਆਮ ਸਿੰਘ ਰਾਣਾ ਨੇ ਵਫ਼ਦ ਨਾਲ ਮੁਲਾਕਾਤ ਦੌਰਾਨ ਦੱਸਿਆ ਕਿ ਰਾਜ ਸਰਕਾਰ ਵੱਲੋਂ ਖੇਤੀਬਾੜੀ, ਬਾਗਬਾਨੀ ਅਤੇ ਮੱਛੀ ਪਾਲਣ ਦੇ ਨਾਲ-ਨਾਲ ਪੋਲਟਰੀ ਫਾਰਮਾਂ ਨੂੰ ਵੀ ਉਤਸ਼ਾਹ ਦਿੱਤਾ ਜਾ ਰਹਾ ਹੈ ਤਾਂ ਜੋ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋ ਸਕੇ। ਉਨ੍ਹਾਂ ਨੇ ਪੋਲਟਰੀ ਫਾਰਮ ਚਲਾਉਣ ਲਈ ਬਣਾਏ ਨਿਯਮਾਂ ਨੂੰ ਸੁਖਾਲਾ ਬਣਾਉਣ ਦਾ ਭਰੋਸਾ ਦਿੰਦਿਆਂ ਕਿਹਾ ਕਿ ਜਿਸ ਤਰ੍ਹਾਂ ਦੇਸ਼ ਦੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਸਾਲ 2047 ਤੱਕ ਭਾਰਤ ਨੂੰ ਵਿਕਸਤ ਕਰਨ ਦਾ ਵਿਜ਼ਨ ਰੱਖਿਆ ਹੈ, ਉਸੇ ਤਰ੍ਹਾਂ ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਵੀ ਹਰਿਆਣਾ ਨੂੰ ‘ਵਿਕਸਤ-ਹਰਿਆਣਾ’ ਬਣਾਉਣ ਲਈ ਕਿਸਾਨਾਂ ਵਾਸਤੇ ਕਈ ਜਨ-ਭਲਾਈ ਯੋਜਨਾਵਾਂ ਜ਼ਮੀਨੀ ਪੱਧਰ ’ਤੇ ਲਾਗੂ ਕਰ ਰਹੇ ਹਨ। ਰਾਣਾ ਨੇ ਕਿਹਾ ਕਿ ਰਾਜ ਸਰਕਾਰ ਸੂਬੇ ਵਿੱਚ ਪੋਲਟਰੀ ਫਾਰਮਾਂ ਨੂੰ ਹਰ ਹਾਲਤ ਵਿੱਚ ਉਤਸ਼ਾਹਿਤ ਕਰੇਗੀ, ਇਸ ਲਈ ਚਾਹੇ ਨਿਯਮਾਂ ਵਿੱਚ ਬਦਲਾਅ ਹੀ ਕਿਉਂ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਜੇਕਰ ਲੋੜ ਪਈ ਤਾਂ ਇਸ ਲਈ ਪੋਲਟਰੀ ਡਿਵੈਲਪਮੈਂਟ ਪਾਲਿਸੀ (ਪੋਲਟਰੀ ਵਿਕਾਸ ਨੀਤੀ) ਵੀ ਬਣਾਈ ਜਾ ਸਕਦੀ ਹੈ। ਉਨ੍ਹਾਂ ਨੇ ਪੋਲਟਰੀ ਫੈਡਰੇਸ਼ਨ ਆਫ ਇੰਡੀਆ ਦੇ ਵਫ਼ਦ ਨੂੰ ਭਰੋਸਾ ਦਿੱਤਾ ਕਿ ਰਾਜ ਵਿੱਚ ਪੋਲਟਰੀ ਫਾਰਮ ਚਲਾਉਣ ਵਿੱਚ ਕਿਸੇ ਨੂੰ ਵੀ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ, ਸਗੋਂ ਉਨ੍ਹਾਂ ਦੇ ਕਾਰੋਬਾਰ ਨੂੰ ਸੁਵਿਧਾਜਨਕ ਬਣਾਇਆ ਜਾਵੇਗਾ।

ਪਰਾਲੀ ਪ੍ਰਬੰਧਨ ਲਈ ਬੇਲਰ ਮਾਲਕਾਂ ਅਤੇ ਸਟੇਕਹੋਲਡਰਾਂ ਨਾਲ ਵਿਸ਼ੇਸ਼ ਮੀਟਿੰਗ

ਪਰਾਲੀ ਸਾੜਨ ਦੀਆਂ ਘਟਨਾਵਾਂ ਰੋਕਣ ਲਈ ਸਾਂਝੇ ਯਤਨਾਂ ਦੀ ਲੋੜ: ਸੋਨਮ ਚੌਧਰੀ



ਸਾਹਿਬਜ਼ਾਦਾ ਅਜੀਤ ਸਿੰਘ ਨਗਰ 08 ਅਕਤੂਬਰ (ਪੈ.ਗਾਮ-ਏ-ਜਗਤ)

ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀਮਤੀ ਸੋਨਮ ਚੌਧਰੀ ਦੀ ਪ੍ਰਧਾਨਗੀ ਹੇਠ ਝੋਨੇ ਦੀ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਅਤੇ ਖਰੀਦ ਸਬੰਧੀ ਜ਼ਿਲ੍ਹੇ ਵਿੱਚ ਕੰਮ ਕਰ ਰਹੇ ਬੇਲਰ ਮਾਲਕਾਂ ਅਤੇ ਪਰਾਲੀ ਦੀ ਖਰੀਦ ਕਰਨ ਵਾਲੇ ਸਟੇਕਹੋਲਡਰਾਂ/ਫੈਕਟਰੀ ਮਾਲਕਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ।

ਮੀਟਿੰਗ ਦੌਰਾਨ ਪਰਾਲੀ ਦੇ ਪ੍ਰਬੰਧਨ, ਇਕੱਤਰਤਾ, ਬੇਲਿੰਗ ਅਤੇ ਇਸ ਦੀ ਸਮੇਂ ਸਿਰ ਖੇਤਾਂ ਵਿੱਚੋਂ ਚੁਕਾਈ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਬੇਲਰ ਮਾਲਕਾਂ ਅਤੇ ਸਟੇਕਹੋਲਡਰਾਂ ਨੂੰ ਪਰਾਲੀ ਦੇ ਸੀਜ਼ਨ ਦੌਰਾਨ ਆਉਣ ਵਾਲੀਆਂ ਸੰਭਾਵਿਤ ਮੁਸ਼ਕਲਾਂ ਅਤੇ ਚੁਣੌਤੀਆਂ ਬਾਰੇ ਆਪਣੇ ਵਿਚਾਰ ਸਾਂਝੇ ਕਰਨ ਲਈ ਕਿਹਾ ਗਿਆ।

ਇਸ ਦੇ ਨਾਲ ਹੀ ਇਨ੍ਹਾਂ ਸਮੱਸਿਆਵਾਂ ਦੇ ਪ੍ਰਭਾਵਸ਼ਾਲੀ ਹੱਲ ਲਈ ਸਾਰੇ ਸਬੰਧਤ ਧਿਰਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਦੀ ਅਪੀਲ ਕੀਤੀ ਗਈ। ਮੀਟਿੰਗ ਦੌਰਾਨ ਬੇਲਰ ਮਾਲਕਾਂ ਅਤੇ ਪਰਾਲੀ ਦੀ ਖਰੀਦ ਕਰਨ ਵਾਲੇ ਸਟੇਕਹੋਲਡਰਾਂ ਵੱਲੋਂ ਪਰਾਲੀ ਦੇ ਸੀਜ਼ਨ ਦੌਰਾਨ ਦਰਪੇਸ਼ ਵੱਖ-ਵੱਖ ਵਿਹਾਰਕ ਸਮੱਸਿਆਵਾਂ ਬਾਰੇ ਸਬੰਧਤ ਵਿਭਾਗਾਂ ਨੂੰ ਜਾਣੂ ਕਰਵਾਇਆ ਗਿਆ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਨ੍ਹਾਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋੜੀਂਦੀ ਕਾਰਵਾਈ ਕਰਕੇ ਇਨ੍ਹਾਂ ਦਾ ਤੁਰੰਤ ਅਤੇ ਸੁਚੱਜੇ ਢੰਗ ਨਾਲ ਹੱਲ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ।

ਇਸ ਮੌਕੇ ਮੁੱਖ ਖੇਤੀਬਾੜੀ ਅਫਸਰ, ਡਾ. ਰਾਕੇਸ਼ ਕੁਮਾਰ ਸ਼ਰਮਾ ਨੇ ਦੱਸਿਆ ਕਿ ਸਾਲ 2026-27 ਦੌਰਾਨ ਜ਼ਿਲ੍ਹੇ ਵਿੱਚ ਲਗਭਗ 28,000 ਹੈਕਟੇਅਰ ਰਕਬੇ ਵਿੱਚ ਝੋਨੇ ਦੀ ਕਾਸ਼ਤ ਕੀਤੀ ਜਾ ਰਹੀ ਹੈ ਅਤੇ ਇਸ ਵਿੱਚੋਂ ਲਗਭਗ 1.82 ਲੱਖ ਮੀਟਰਕ ਟਨ ਝੋਨੇ ਦੀ ਪਰਾਲੀ ਪੈਦਾ ਹੋਣ ਦੀ ਸੰਭਾਵਨਾ ਹੈ।

ਉਨ੍ਹਾਂ ਦੱਸਿਆ ਕਿ ਪਰਾਲੀ ਦੀ ਇਸ ਪੈਦਾਵਾਰ ਨੂੰ ਖੇਤਾਂ ਵਿੱਚ ਹੀ ਮਿਲਾ ਕੇ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਬਰਕਰਾਰ ਰੱਖਣ ਲਈ ਇੰਨ-ਸੀਟੂ ਮਸ਼ੀਨਰੀ ਦੀ ਵਰਤੋਂ ਕੀਤੀ ਜਾਵੇਗੀ। ਇਸ ਤਹਿਤ ਸੁਪਰ ਸੀਡਰ, ਹੈਪੀ ਸੀਡਰ, ਉਲਟਾਵਾਂ ਹੱਲ, ਜ਼ੀਰੋ ਟਿੱਲ ਡਰਿੱਲ, ਰੀਪਰ ਆਦਿ ਮਸ਼ੀਨਾਂ ਰਾਹੀਂ ਪਰਾਲੀ ਦਾ ਖੇਤਾਂ ਵਿੱਚ ਹੀ ਪ੍ਰਬੰਧਨ ਕੀਤਾ ਜਾਵੇਗਾ। ਇਸ ਦੇ ਨਾਲ ਹੀ ਖੇਤਾਂ ਵਿੱਚੋਂ ਪਰਾਲੀ ਇਕੱਤਰ ਕਰਕੇ ਇਸ ਦੀ ਸੁਚੱਜੀ ਵਰਤੋਂ ਲਈ ਬੇਲਰ ਅਤੇ ਰੇਕ ਮਸ਼ੀਨਾਂ ਰਾਹੀਂ ਪਰਾਲੀ ਦੀਆਂ ਗੰਢਾਂ ਤਿਆਰ ਕਰਵਾਈਆਂ ਜਾਣਗੀਆਂ।

ਅਧਿਕਾਰੀਆਂ ਨੇ ਬੇਲਰ ਮਾਲਕਾਂ ਨੂੰ ਪਿੰਡ ਪੱਧਰ ’ਤੇ ਯੋਜਨਾਬੱਧ ਤਰੀਕੇ ਨਾਲ ਕੰਮ ਕਰਨ ਅਤੇ ਕਿਸਾਨਾਂ ਨਾਲ ਲਗਾਤਾਰ ਤਾਲਮੇਲ ਬਣਾਈ ਰੱਖਣ ਲਈ ਕਿਹਾ। ਉਨ੍ਹਾਂ ਜ਼ੋਰ ਦਿੱਤਾ ਕਿ ਪਰਾਲੀ ਦੀ ਸਮੇਂ ਸਿਰ ਸੰਭਾਲ ਅਤੇ ਚੁਕਾਈ ਨਾਲ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕਿਆ ਜਾ ਸਕਦਾ ਹੈ ਅਤੇ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਜਾ ਸਕਦਾ ਹੈ।

ਮੀਟਿੰਗ ਵਿੱਚ ਵੱਖ-ਵੱਖ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਤੋਂ ਇਲਾਵਾ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਭਾਗ ਲਿਆ। ਇਸ ਮੌਕੇ ਸਾਰੇ ਸਟੇਕਹੋਲਡਰਾਂ ਨੂੰ ਜ਼ਿਲ੍ਹੇ ਵਿੱਚ ਪਰਾਲੀ ਪ੍ਰਬੰਧਨ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਆਪਸੀ ਤਾਲਮੇਲ ਅਤੇ ਸਾਂਝੀ ਜ਼ਿੰਮੇਵਾਰੀ ਦੀ ਭਾਵਨਾ ਨਾਲ ਕੰਮ ਕਰਨ ਦੀ ਅਪੀਲ ਕੀਤੀ ਗਈ।

ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਨੇ ਸੈਕਟਰ 26 ਮੰਡੀ ਦਾ ਅਚਨਚੇਤ ਨਿਰੀਖਣ ਕੀਤਾ

ਪੈ.ਗਾਮ-ਏ-ਜਗਤ/ਚੰਡੀਗੜ੍ਹ
8 ਅਕਤੂਬਰ, (ਹਰਮਿੰਦਰ ਸਿੰਘ ਨਾਗਪਾਲ)

ਪੰਜਾਬ ਦੇ ਮਾਣਯੋਗ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ, ਗੁਲਾਬ ਚੰਦ ਕਟਾਰੀਆ ਨੇ ਅੱਜ ਸੈਕਟਰ 26 ਮੰਡੀ ਦਾ ਅਚਨਚੇਤ ਨਿਰੀਖਣ ਕੀਤਾ।

ਪਿਛਲੇ ਡੇਢ ਵਰ੍ਹਿਆਂ ਵਿੱਚ ਮੰਡੀ ਦਾ ਇਹ ਉਨ੍ਹਾਂ ਦਾ ਚੌਥਾ ਦੌਰਾ ਸੀ। ਨਿਰੀਖਣ ਦੇ ਦੌਰਾਨ ਪ੍ਰਸ਼ਾਸਕ ਨੇ ਮੰਡੀ ਵਿੱਚ ਸੜਕਾਂ,ਸੀਵਰੇਜ ਅਤੇ ਸਾਫ਼-ਸਫ਼ਾਈ ਦੀ ਖਰਾਬ ਸਥਿਤੀ 'ਤੇ ਸਖ਼ਤ ਨਾਰਾਜ਼ਗੀ ਵਿਅਕਤ ਕੀਤੀ। ਉਨ੍ਹਾਂ ਨੇ ਮੰਡੀ ਵਿੱਚ ਬੁਨਿਆਦੀ ਸੁਵਿਧਾਵਾਂ ਅਤੇ ਸਵੱਛਤਾ ਦੀ ਸਥਿਤੀ ਸੁਧਾਰਨ ਲਈ ਤਤਕਾਲ ਕਾਰਵਾਈ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਮੰਡੀ ਦੇ ਜਨਤਕ ਪਖਾਨਿਆਂ ਦੀ ਸਥਿਤੀ ਵੀ ਖਰਾਬ ਪਾਈ ਅਤੇ ਨਗਰ ਨਿਗਮ ਨੂੰ ਉਨ੍ਹਾਂ ਦੇ ਉਚਿਤ ਰੱਖ-ਰਖਾਅ ਅਤੇ ਸਾਫ਼-ਸਫ਼ਾਈ ਸੁਨਿਸ਼ਚਿਤ ਕਰਨ ਲਈ ਜ਼ਰੂਰੀ ਕਦਮ ਉਠਾਉਣ ਦੇ ਨਿਰਦੇਸ਼ ਦਿੱਤੇ। ਪ੍ਰਸ਼ਾਸਕ ਨੇ ਮਾਰਕਿਟ ਕਮੇਟੀ ਦੇ ਦਫ਼ਤਰ ਦਾ ਵੀ ਦੌਰਾ ਕੀਤਾ, ਜੋ ਇਸ ਸਮੇਂ ਇੱਕ ਪ੍ਰਾਈਵੇਟ ਭਵਨ ਵਿੱਚ ਸੰਚਾਲਿਤ ਹੈ। ਉਨ੍ਹਾਂ ਨੇ ਮੰਡੀ ਵਿੱਚ ਤੈਨਾਤ ਕਰਮਚਾਰੀਆਂ ਦੀ ਹਾਜ਼ਰੀ ਦੀ ਜਾਂਚ ਕੀਤੀ ਅਤੇ ਦੇਰੀ ਨਾਲ ਆਉਣ ਵਾਲੇ ਜਾਂ ਬਿਨਾ ਇਜਾਜ਼ਤ ਗ਼ੈਰ-ਹਾਜ਼ਰ ਅਧਿਕਾਰੀਆਂ ਦੇ ਵਿਰੁੱਧ ਸਖ਼ਤ

• ਲਾਪਰਵਾਹ ਕਰਮਚਾਰੀਆਂ ਦੇ ਵਿਰੁੱਧ ਕਾਰਵਾਈ ਅਤੇ ਵਿਕਾਸ ਕਾਰਜ ਸਮੇਂ 'ਤੇ ਪੂਰੇ ਕਰਨ ਦੇ ਨਿਰਦੇਸ਼ ਦਿੱਤੇ



ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਆਪਣੀਆਂ ਡਿਊਟੀਆਂ ਤਸੱਲੀਬਖ਼ਸ਼ ਢੰਗ ਨਾਲ ਨਾ ਨਿਭਾਉਣ ਵਾਲੇ ਕਰਮਚਾਰੀਆਂ ਵਿਰੁੱਧ ਕਾਰਵਾਈ ਕਰਨ ਅਤੇ ਕੰਮ ਵਿੱਚ ਲਾਪਰਵਾਹੀ ਵਰਤਣ ਵਾਲੇ ਆਊਟਸੋਰਸਡ ਕਰਮਚਾਰੀਆਂ ਨੂੰ ਬਦਲਣ ਦੇ ਵੀ ਨਿਰਦੇਸ਼ ਦਿੱਤੇ।ਪ੍ਰਸ਼ਾਸਕ ਨੇ ਸੜਕਾਂ ਦੀ ਰੀਕਾਰਪੇਟਿੰਗ ਅਤੇ ਸੀਵਰੇਜ ਸਬੰਧੀ ਕਾਰਜ ਨਿਰਧਾਰਿਤ ਸਮਾਂ-ਸੀਮਾ ਵਿੱਚ ਪੂਰੇ ਕਰਨ ਦੇ ਨਿਰਦੇਸ਼ ਦਿੱਤੇ। ਯੂ.ਟੀ. ਚੰਡੀਗੜ੍ਹ ਦੇ ਮੁੱਖ ਇੰਜੀਨੀਅਰ, ਸ਼?ਗੀ ਸੀ.ਬੀ.ਓਝਾ ਨੂੰ ਮੰਡੀ ਵਿੱਚ ਵਿਕਾਸ ਕਾਰਜਾਂ ਲਈ ਇੰਜੀਨੀਅਰਿੰਗ ਵਿਭਾਗ ਵੱਲੋਂ ਕੀਤੀ ਗਈ ਕਾਰਵਾਈ ਦਾ ਵੇਰਵਾ ਪ੍ਰਸਤੁਤ ਕਰਨ ਦੇ ਨਿਰਦੇਸ਼ ਵੀ ਦਿੱਤੇ ਗਏ।

ਦੌਰੇ ਦੇ ਦੌਰਾਨ ਦਿੱਤੇ ਗਏ ਨਿਰਦੇਸ਼ਾਂ ਵਿੱਚ ਮੰਡੀ ਦੀਆਂ ਬੁਨਿਆਦੀ ਸੁਵਿਧਾਵਾਂ ਅਤੇ ਸਾਫ਼-ਸਫ਼ਾਈ ਵਿੱਚ ਸੁਧਾਰ, ਵਿਕਾਸ ਕਾਰਜਾਂ ਨੂੰ ਸਮੇਂ 'ਤੇ ਪੂਰਾ ਕਰਨ ਅਤੇ ਕਰਮਚਾਰੀਆਂ ਦੀ ਜਵਾਬਦੇਹੀ ਸੁਨਿਸ਼ਚਿਤ ਕਰਨ 'ਤੇ ਜ਼ੋਰ ਦਿੱਤਾ ਗਿਆ। ਡਿਪਟੀ ਕਮਿਸ਼ਨਰ ਸ਼?ਗੀ ਨਿਸ਼ਾਂਤ ਕੁਮਾਰ ਯਾਦਵ ਅਤੇ ਮਾਰਕਿਟਿੰਗ ਬੋਰਡ ਦੇ ਸਕੱਤਰ ਡੀ.ਕਾਰਤਿਕੇਯਨ ਵੀ ਦੌਰੇ ਦੇ ਦੌਰਾਨ ਉਪਸਥਿਤ ਰਹੇ। ਉਨ੍ਹਾਂ ਨੂੰ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਨੇ ਮੌਕੇ 'ਤੇ ਬੁਲਾਇਆ ਸੀ।

ਪੰਜਾਬ ਗਊ ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਕੀਮਤੀ ਭਗਤ ਨੇ ਜ਼ਿਲ੍ਹੇ ਦੇ ਅਧਿਕਾਰੀਆਂ ਅਤੇ ਗਊਸ਼ਾਲਾਵਾਂ ਦੇ ਪ੍ਰਧਾਨਾਂ /ਸੇਵਾਦਾਰਾਂ ਨਾਲ ਕੀਤੀ ਮੀਟਿੰਗ

ਪੈ.ਗਾਮ-ਏ-ਜਗਤ/ਫ਼ਿਰੋਜ਼ਪੁਰ
08 ਅਕਤੂਬਰ (ਗੁਰਮੇਜ ਸਿੰਘ)

ਪੰਜਾਬ ਗਊ ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਸ੍ਰੀ ਕੀਮਤੀ ਭਗਤ ਵੱਲੋਂ ਅੱਜ ਫਿਰੋਜ਼ਪੁਰ ਵਿਖੇ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਜ਼ਿਲ੍ਹੇ ਦੀਆਂ ਗਊਸ਼ਾਲਾਵਾਂ ਦੇ ਪ੍ਰਧਾਨਾਂ / ਸੇਵਾਦਾਰਾਂ ਨਾਲ ਮੀਟਿੰਗ ਕੀਤੀ ਗਈ। ਇਸ ਦੌਰਾਨ ਗਊਸ਼ਾਲਾਵਾਂ ਦੀਆਂ ਸਮੱਸਿਆਵਾਂ, ਗਊਧਨ ਦੀ ਸੇਵਾ-ਸੰਭਾਲ ਅਤੇ ਪੰਜਾਬ ਸਰਕਾਰ ਵੱਲੋਂ ਗਊਸ਼ਾਲਾਵਾਂ ਦੀ ਭਲਾਈ ਲਈ ਕੀਤੇ ਜਾ ਰਹੇ ਉਪਰਾਲਿਆਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿ) ਸ਼?ਗੀ ਕ੍ਰਿਸ਼ਨਾ ਪਾਲ ਰਾਜਪੂਤ ਵੀ ਹਾਜ਼ਰ ਸਨ। ਕੀਮਤੀ ਭਗਤ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਗਊਸ਼ਾਲਾਵਾਂ ਨੂੰ ਮਜ਼ਬੂਤ ਕਰਨ ਅਤੇ ਲਾਵਾਰਿਸ, ਬੇਸਹਾਰਾ ਤੇ ਜ਼ਖ਼ਮੀ ਗਊਧਨ ਦੀ ਬਿਹਤਰ ਸੇਵਾ-ਸੰਭਾਲ ਯਕੀਨੀ ਬਣਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਤਹਿਤ ਸੂਬੇ ਦੀਆਂ 518 ਦੇ ਕਰੀਬ ਸਰਕਾਰੀ ਅਤੇ



ਪ੍ਰਾਈਵੇਟ ਗਊਸ਼ਾਲਾਵਾਂ ਦੇ ਬਿਜਲੀ ਬਿੱਲ ਮੁਆਫ਼ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਜ਼ਖ਼ਮੀ ਅਤੇ ਬਿਮਾਰ ਗਊਧਨ ਨੂੰ ਗਊਸ਼ਾਲਾਵਾਂ ਤੱਕ ਪਹੁੰਚਾਉਣ ਅਤੇ ਲੋੜੀਂਦਾ ਇਲਾਜ ਮੁਹੱਈਆ ਕਰਵਾਉਣ ਲਈ ਮੁਫ਼ਤ ਕਾਓ ਲਿਫਟਰ ਦੀ ਸਹੂਲਤ ਵੀ ਮੁਹੱਈਆ ਕਰਵਾਈ ਗਈ ਹੈ, ਜਿਸ 'ਤੇ ਪੰਜਾਬ ਸਰਕਾਰ ਵੱਲੋਂ ਕਰੀਬ 3 ਕਰੋੜ 6 ਲੱਖ ਰੁਪਏ ਖ਼ਰਚ ਕੀਤੇ ਗਏ ਹਨ।

ਮੀਟਿੰਗ ਦੌਰਾਨ ਗਊਸ਼ਾਲਾਵਾਂ ਵਿੱਚ ਰੱਖੇ ਗਊਧਨ ਦੀ ਸੇਵਾ-ਸੰਭਾਲ ਲਈ 61 ਰੁਪਏ ਪ੍ਰਤੀ ਗਊਧਨ ਪ੍ਰਤੀ ਦਿਨ ਦੇਣ ਦੇ ਫ਼ੈਸਲੇ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਨੂੰ ਲਾਗੂ ਕਰਨ ਲਈ ਲੋੜੀਂਦੀ ਕਾਰਵਾਈ ਜਾਰੀ ਹੈ। ਸ੍ਰੀ ਕੀਮਤੀ ਭਗਤ ਨੇ ਦੱਸਿਆ ਕਿ ਗਊਧਨ ਦੀ ਸੁਰੱਖਿਆ ਲਈ ਪੰਜਾਬ ਵਿੱਚ ਗਊ ਹੱਤਿਆ, ਗਊ ਤਸਕਰੀ ਅਤੇ ਗਊ ਮਾਸ ਨਾਲ ਸਬੰਧਤ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਰੋਕਣ ਲਈ ਸਖ਼ਤ ਕਾਨੂੰਨੀ ਪ੍ਰਬੰਧ ਕੀਤੇ ਗਏ ਹਨ। ਇਨ੍ਹਾਂ ਮਾਮਲਿਆਂ ਵਿੱਚ ਪ੍ਰਭਾਵਸ਼ਾਲੀ ਕਾਰਵਾਈ ਲਈ ਸਾਰੇ ਜ਼ਿਲ੍ਹਿਆਂ ਵਿੱਚ ਗਊ ਸੁਰੱਖਿਆ ਸੈੱਲ ਸਥਾਪਿਤ ਕੀਤੇ ਗਏ ਹਨ।

ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਪਸ਼ੂ ਪਾਲਣ ਵਿਭਾਗ ਦੇ ਡਿਪਟੀ ਡਾਇਰੈਕਟਰਾਂ ਨੂੰ ਗਊਧਨ ਭਲਾਈ ਅਫ਼ਸਰ ਨਿਯੁਕਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਗਊਸ਼ਾਲਾਵਾਂ ਵਿੱਚ ਗਊਧਨ ਨੂੰ ਸਰਕਾਰੀ ਪਸ਼ੂ ਡਾਕਟਰਾਂ ਰਾਹੀਂ ਲੋੜੀਂਦੀਆਂ ਡਾਕਟਰੀ ਸਹੂਲਤਾਂ ਮੁਹੱਈਆ ਕਰਵਾਉਣ ਦੀ ਵਿਵਸਥਾ ਵੀ ਕੀਤੀ ਗਈ ਹੈ।

ਮੀਟਿੰਗ ਦੌਰਾਨ ਗਊਸ਼ਾਲਾਵਾਂ ਦੇ ਪ੍ਰਧਾਨਾਂ ਅਤੇ ਸੇਵਾਦਾਰਾਂ ਵੱਲੋਂ ਆਪਣੀਆਂ ਸਮੱਸਿਆਵਾਂ ਅਤੇ ਸੁਝਾਅ ਵੀ ਸ੍ਰੀ ਕੀਮਤੀ ਭਗਤ ਦੇ ਧਿਆਨ ਵਿੱਚ ਲਿਆਂਦੇ ਗਏ। ਉਨ੍ਹਾਂ ਭਰੋਸਾ ਦਿੱਤਾ ਕਿ ਗਊਸ਼ਾਲਾਵਾਂ ਨਾਲ ਸਬੰਧਤ ਜਾਇਜ਼ ਮਸਲਿਆਂ ਦੇ ਹੱਲ ਲਈ ਪੰਜਾਬ ਸਰਕਾਰ ਅਤੇ ਪੰਜਾਬ ਗਊ ਸੇਵਾ ਕਮਿਸ਼ਨ ਵੱਲੋਂ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਗਊਸ਼ਾਲਾਵਾਂ ਦੀ ਬਿਹਤਰੀ ਅਤੇ ਗਊਧਨ ਦੀ ਸੇਵਾ-ਸੰਭਾਲ ਸਾਂਝੀ ਜ਼ਿੰਮੇਵਾਰੀ ਹੈ ਅਤੇ ਸਰਕਾਰ ਵੱਲੋਂ ਗਊਸ਼ਾਲਾਵਾਂ ਨੂੰ ਲੋੜੀਂਦੀ ਵਿੱਤੀ, ਬੁਨਿਆਦੀ ਅਤੇ ਡਾਕਟਰੀ ਸਹਾਇਤਾ ਮੁਹੱਈਆ ਕਰਵਾਉਣ ਲਈ ਯਤਨ ਜਾਰੀ ਰਹਿਣਗੇ। ਮੀਟਿੰਗ ਵਿੱਚ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਕਨਵਰ ਅਨੂਪ ਕਲੇਰ, ਈ.ਓ.ਐਮ.ਸੀ. ਨਰਿੰਦਰ ਕੁਮਾਰ, ਵੈਟਰਨਰੀ ਅਫ਼ਸਰ ਡਾ. ਗੁਰਲੀਨ ਸਿੰਘ, ਡਾ. ਮਨਦੀਪ ਕੌਰ, ਡਾ. ਈਸ਼ਾ, ਡਾ. ਗੁਰਲੀਨ ਕੌਰ, ਡਾ. ਰੁਪਿੰਦਰਜੀਤ ਕੌਰ, ਡਾ. ਅਰਸ਼ਪ੍ਰੀਤ ਕੌਰ, ਨਗਰ ਕੌਂਸਲਾਂ ਦੇ ਅਧਿਕਾਰੀ/ ਕਰਮਚਾਰੀਆਂ ਸਮੇਤ ਹੋਰਨਾਂ ਵਿਭਾਗਾਂ ਦੇ ਅਧਿਕਾਰੀ ਅਤੇ ਵੱਖ-ਵੱਖ ਗਊਸ਼ਾਲਾਵਾਂ ਦੇ ਸੇਵਾਦਾਰ/ਪ੍ਰਧਾਨ ਵੀ ਹਾਜ਼ਰ ਸਨ।

ਸੁਰਿੰਦਰਾ ਗੈਸ ਸਰਵਿਸ ਦੇ ਕਾਮਿਆਂ ਵੱਲੋਂ ਤਨਖਾਹ ਨਾ ਦੇਣ ਅਤੇ ਕੰਮ ਤੋਂ ਕੱਢਣ ਦੇ ਦੋਸ਼

ਪੈ.ਗਾਮ-ਏ-ਜਗਤ
ਪਟਿਆਲਾ, 8 ਅਕਤੂਬਰ
(ਮਨਪ੍ਰੀਤ ਸਿੰਘ)

ਸੁਰਿੰਦਰਾ ਗੈਸ ਸਰਵਿਸ ਵਿਖੇ ਪਿਛਲੇ 20-21 ਸਾਲਾਂ ਤੋਂ ਲਗਾਤਾਰ ਪੱਕੇ ਤੌਰ 'ਤੇ 20-21 ਵਰਕਰ, ਜਿਨ੍ਹਾਂ ਵਿੱਚ 10 ਡਲੀਵਰੀ ਮੈਨ ਅਤੇ 11 ਵਰਕਰ ਸਟੋਰ ਤੋਂ ਗੈਸ ਸਿਲੰਡਰਾਂ ਦੀ ਢੋਆ-ਢੁਆਈ ਦਾ ਕੰਮ ਕਰ ਰਹੇ ਸਨ। ਇਹ ਸਾਰੇ ਵਰਕਰ ਗੈਸ ਏਜੰਸੀ ਵਰਕਰਜ਼ ਯੂਨੀਅਨ (ਇਫਟੂ) ਦੇ ਮੈਂਬਰ ਹਨ। ਇਨ੍ਹਾਂ ਸਾਰੇ ਵਰਕਰਾਂ ਦੀਆਂ ਸਹੂਲਤਾਂ, ਜਿਵੇਂ ਇਨ੍ਹਾਂ ਦੀ ਤਨਖਾਹ, ਈ.ਪੀ.ਐਫ., ਈ.ਐਸ.ਆਈ.ਸੀ. ਅਤੇ ਵਰਦੀਆਂ ਸਬੰਧੀ ਜਥੇਬੰਦੀ ਵੱਲੋਂ ਸਹਾਇਕ ਕਿਰਤ ਭਲਾਈ ਅਫਸਰ, ਪਟਿਆਲਾ ਦੇ ਦਫਤਰ ਵਿਖੇ ਮੰਗ ਪੱਤਰ ਦਿੱਤਾ ਗਿਆ ਸੀ। ਜਥੇਬੰਦੀ ਅਤੇ ਸੁਰਿੰਦਰਾ ਗੈਸ ਸਰਵਿਸ ਦੇ



ਮਾਲਕ ਦੋਵੇਂ ਧਿਰਾਂ ਦੀ ਸਹਿਮਤੀ ਨਾਲ 4 ਨਵੰਬਰ 2022 ਨੂੰ ਇਨ੍ਹਾਂ ਦੀਆਂ ਸਹੂਲਤਾਂ ਸਬੰਧੀ ਫੈਸਲਾ ਕਰਕੇ ਸਹੂਲਤਾਂ ਲਾਗੂ ਕਰ ਦਿੱਤੀਆਂ ਗਈਆਂ ਸਨ।


4 ਨਵੰਬਰ 2025 ਨੂੰ ਪੁਰਾਣੇ ਮਾਲਕ ਨੇ ਸੁਰਿੰਦਰਾ ਗੈਸ ਸਰਵਿਸ ਨਵੇਂ ਮਾਲਕ ਨੂੰ ਵੇਚ ਦਿੱਤੀ। ਨਵੀਂ ਮਾਲਕ ਨੇ ਇੱਕ ਮਹੀਨੇ ਬਾਅਦ ਹੀ ਵਰਕਰਾਂ ਦੀ ਤਨਖਾਹ ਬੰਦ ਕਰ ਦਿੱਤੀ। ਜਦੋਂ ਵਰਕਰਾਂ ਨੇ ਇਕੱਠੇ ਹੋ ਕੇ ਤਨਖਾਹ ਦੀ ਮੰਗ ਕੀਤੀ ਤਾਂ ਉਨ੍ਹਾਂ ਨੂੰ ਕੰਮ ਤੋਂ ਕੱਢ ਦਿੱਤਾ ਗਿਆ। ਵਰਕਰਾਂ ਦੇ ਅਨੁਸਾਰ, ਨਵੀਂ ਮਾਲਕ ਨੇ ਕਿਹਾ ਕਿ ਤਨਖਾਹ ਦੀ ਗੱਲ ਨਹੀਂ ਕਰਨੀ, ਗੈਸ ਕੱਢੋ ਤੇ ਆਪਣਾ ਗੁਜ਼ਾਰਾ ਕਰੋ ਅਤੇ ਦਫਤਰ ਦਾ ਖਰਚਾ ਵੀ ਤੁਸੀਂ ਆਪ ਕਰੋ। ਟਰੈਕਟਰ ਵਿੱਚ ਤੇਲ ਵੀ ਆਪਣੇ ਖਰਚੇ 'ਤੇ ਪਵਾਉਣ ਲਈ ਕਿਹਾ ਗਿਆ। ਅੱਜ 8 ਅਕਤੂਬਰ 2026 ਨੂੰ ਮੈਡਮ ਆਪਣੇ ਨਾਲ ਪੰਚਕੂਲੇ ਤੋਂ ਨਵੇਂ ਵਰਕਰ ਲੈ ਕੇ ਆਈ। ਪਹਿਲਾਂ ਹੀ ਕੰਮ ਤੋਂ ਕੱਢੇ ਗਏ ਪੁਰਾਣੇ ਵਰਕਰਾਂ ਨੇ ਦੋਸ਼ ਲਾਇਆ ਕਿ ਨਵੇਂ ਵਰਕਰਾਂ ਤੋਂ ਪਹਿਲਾਂ ਹੀ ਲਿਖ ਕੇ ਲੈ ਲਿਆ ਗਿਆ ਕਿ ਤਨਖਾਹ ਦੀ ਮੰਗ ਨਹੀਂ ਕਰਨੀ, ਗੈਸ ਕੱਢਣੀ ਹੈ ਅਤੇ ਆਪਣਾ ਤੇ ਦਫਤਰ ਦਾ ਖਰਚਾ ਵੀ ਆਪ ਕਰਨਾ ਹੈ।

ਮਾਲਕ ਵੱਲੋਂ ਨਵੇਂ ਲਗਾਏ ਗਏ ਵਰਕਰਾਂ ਵਿੱਚੋਂ ਇੱਕ ਵਰਕਰ, ਜਿਸ ਦਾ ਨਾਮ ਪ੍ਰੇਮ ਦੱਸਿਆ ਗਿਆ ਅਤੇ ਜਿਸ ਦੀ ਗੱਡੀ ਦਾ ਨੰਬਰ "-0826 HR 2190 34 ਸੀ, ਸਟੋਰ ਤੋਂ ਸਿਲੰਡਰ ਲੈ ਕੇ ਗਾਹਕਾਂ ਨੂੰ ਦੇਣ ਲਈ ਜਾ ਰਿਹਾ ਸੀ। ਸਟੋਰ ਵਿੱਚ ਇਕੱਠੇ ਹੋਏ ਸੁਰਿੰਦਰਾ ਗੈਸ ਸਰਵਿਸ ਦੇ ਵਰਕਰਾਂ ਨੇ ਉਸ ਨੂੰ ਰੋਕ ਕੇ ਪੁੱਛਿਆ ਕਿ ਕੀ ਉਹ ਆਪਣੀ ਗੱਡੀ ਵਿੱਚ ਗੈਸ ਭਰੇ ਸਿਲੰਡਰ ਗਾਹਕਾਂ ਨੂੰ ਦੇਣ ਲਈ ਲੈ ਕੇ ਜਾ ਰਿਹਾ ਹੈ। ਉਹ ਘਬਰਾ ਗਿਆ ਅਤੇ ਪ੍ਰੇਮ ਨੇ ਕਿਹਾ ਕਿ ਮੈਡਮ ਨੇ ਉਸ ਨੂੰ ਕਿਹਾ ਹੈ ਕਿ ਗੈਸ ਕੱਢ ਕੇ ਸਿਲੰਡਰ ਵੇਚਣੇ ਹਨ ਅਤੇ ਤਨਖਾਹ ਦੀ ਮੰਗ ਨਹੀਂ ਕਰਨੀ।

ਵਿਸ਼ਵ ਡਾਕ ਦਿਵਸ ਅਤੇ ਰਾਸ਼ਟਰੀ ਡਾਕ ਹ.ਫ਼ਤੇ ਦੇ ਮੌਕੇ 'ਤੇ ਊਨਾ ਡਾਕ ਮੰਡਲ ਵਿੱਚ ਜਾਗਰੂਕਤਾ ਪ੍ਰੋਗਰਾਮ ਕਰਵਾਏ ਜਾਣਗੇ : ਬਲਵੀਰ ਚੰਦ

ਊਨਾ, 8 ਅਕਤੂਬਰ
(ਪੈ.ਗਾਮ-ਏ-ਜਗਤ)

ਵਿਸ਼ਵ ਡਾਕ ਦਿਵਸ ਅਤੇ ਰਾਸ਼ਟਰੀ ਡਾਕ ਹਫ਼ਤੇ ਦੇ ਮੌਕੇ 'ਤੇ ਭਾਰਤੀ ਡਾਕ ਵਿਭਾਗ ਵੱਲੋਂ ਦੇਸ਼ ਭਰ ਵਿੱਚ ਵੱਖ-ਵੱਖ ਜਾਗਰੂਕਤਾ ਅਤੇ ਜਨਸੰਪਰਕ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾਕਘਰਾਂ ਦੇ ਸੁਪਰਡੈਂਟ, ਊਨਾ ਮੰਡਲ ਬਲਵੀਰ ਚੰਦ ਨੇ ਦੱਸਿਆ ਕਿ 9 ਅਕਤੂਬਰ ਨੂੰ ਵਿਸ਼ਵ ਡਾਕ ਦਿਵਸ ਅਤੇ 9 ਤੋਂ 15 ਅਕਤੂਬਰ ਤੱਕ ਰਾਸ਼ਟਰੀ ਡਾਕ ਹਫ਼ਤਾ ਮਨਾਇਆ ਜਾਂਦਾ ਹੈ। ਇਸ ਦਾ ਮੁੱਖ ਉਦੇਸ਼ ਡਾਕ ਸੇਵਾਵਾਂ ਪ੍ਰਤੀ ਲੋਕਾਂ ਵਿੱਚ ਜਾਗਰੂਕਤਾ ਵਧਾਉਣਾ ਅਤੇ ਸਮਾਜ ਦੇ ਹਰ ਵਰਗ ਤੱਕ ਵਿਭਾਗ ਦੀਆਂ ਆਧੁਨਿਕ ਤੇ ਬਹੁਪੱਖੀ ਸੇਵਾਵਾਂ ਪਹੁੰਚਾਉਣਾ ਹੈ। ਬਲਵੀਰ ਚੰਦ ਨੇ ਦੱਸਿਆ ਕਿ ਬਦਲਦੇ ਸਮੇਂ ਦੇ ਨਾਲ ਭਾਰਤੀ ਡਾਕ ਵਿਭਾਗ ਨੇ ਆਪਣੀਆਂ ਰਵਾਇਤੀ ਸੇਵਾਵਾਂ ਤੋਂ ਇਲਾਵਾ ਸਪੀਡ ਪੋਸਟ, ਪਾਰਸਲ, ਈ-ਕਾਮਰਸ ਲੌਜਿਸਟਿਕਸ, ਅੰਤਰਰਾਸ਼ਟਰੀ ਡਾਕ, ਡਾਕ



ਜੀਵਨ ਬੀਮਾ, ਬਚਤ ਬੈਂਕ, ਆਧਾਰ ਅਤੇ ਪਾਸਪੋਰਟ ਸੇਵਾਵਾਂ ਅਤੇ ਡਿਜੀਟਲ ਭੁਗਤਾਨ ਵਰਗੀਆਂ ਕਈ ਆਧੁਨਿਕ ਸਹੂਲਤਾਂ ਸ਼ੁਰੂ ਕੀਤੀਆਂ ਹਨ।

ਉਨ੍ਹਾਂ ਦੱਸਿਆ ਕਿ ਰਾਸ਼ਟਰੀ ਡਾਕ ਹਫ਼ਤੇ ਦੌਰਾਨ ਊਨਾ ਮੰਡਲ ਦੇ ਵੱਖ-ਵੱਖ ਡਾਕਘਰਾਂ ਅਤੇ ਖੇਤਰੀ ਪੱਧਰ 'ਤੇ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਏ ਜਾਣਗੇ। ਇਸ ਤਹਿਤ ਆਮ ਨਾਗਰਿਕਾਂ, ਵਿਦਿਆਰਥੀਆਂ, ਵਪਾਰੀਆਂ ਅਤੇ ਵੱਖ-ਵੱਖ ਸੰਸਥਾਵਾਂ ਨੂੰ ਡਾਕ ਵਿਭਾਗ ਦੀਆਂ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਹਫ਼ਤੇ ਦੌਰਾਨ ਫਿਲਾਟੇਲੀ ਤਹਿਤ ਵੱਖ-ਵੱਖ ਸਕੂਲਾਂ ਵਿੱਚ 'ਢਾਈ ਅੱਖਰ' ਪੱਤਰ ਲੇਖਣ ਮੁਕਾਬਲਾ ਕਰਵਾਇਆ ਜਾਵੇਗਾ। ਇਸ ਤੋਂ ਇਲਾਵਾ ਵੱਖ-ਵੱਖ ਸਕੂਲਾਂ ਅਤੇ ਗ੍ਰਾਮ ਪੰਚਾਇਤਾਂ ਵਿੱਚ ਆਮ ਲੋਕਾਂ ਦੀ ਸਹੂਲਤ ਲਈ ਵਿਸ਼ੇਸ਼ ਆਧਾਰ ਕੈਂਪ ਵੀ ਲਗਾਏ ਜਾਣਗੇ। ਬਲਵੀਰ ਚੰਦ ਨੇ ਕਿਹਾ ਕਿ ਡਾਕ ਵਿਭਾਗ ਹੁਣ ਡਿਜੀਟਲ ਤਕਨਾਲੋਜੀ ਅਪਣਾ ਕੇ ਸੇਵਾਵਾਂ ਨੂੰ ਹੋਰ ਤੇਜ਼, ਪਾਰਦਰਸ਼ੀ ਅਤੇ ਗਾਹਕ-ਕੇਂਦਰਿਤ ਬਣਾ ਰਿਹਾ ਹੈ। ਅੱਜ ਡਾਕਘਰ ਸਿਰਫ਼ ਚਿੱਠੀਆਂ ਅਤੇ ਪਾਰਸਲ ਭੇਜਣ ਤੱਕ ਸੀਮਿਤ ਨਾ ਰਹਿ ਕੇ ਵਿੱਤੀ, ਬੀਮਾ, ਲੌਜਿਸਟਿਕਸ ਅਤੇ ਨਾਗਰਿਕ-ਕੇਂਦਰਿਤ ਸੇਵਾਵਾਂ ਦੇ ਪ੍ਰਮੁੱਖ ਕੇਂਦਰ ਬਣ ਚੁੱਕੇ ਹਨ। ਉਨ੍ਹਾਂ ਊਨਾ ਮੰਡਲ ਦੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਨੇੜਲੇ ਡਾਕਘਰ ਵਿੱਚ ਜਾ ਕੇ ਵਿਭਾਗ ਦੀਆਂ ਵੱਖ-ਵੱਖ ਯੋਜਨਾਵਾਂ ਬਾਰੇ ਜਾਣਕਾਰੀ ਲੈਣ ਅਤੇ ਇਨ੍ਹਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ। ਉਨ੍ਹਾਂ ਕਿਹਾ ਕਿ "ਡਾਕ ਸੇਵਾ, ਜਨ ਸੇਵਾ"ਦੀ ਭਾਵਨਾ ਨਾਲ ਭਾਰਤੀ ਡਾਕ ਵਿਭਾਗ ਲਗਾਤਾਰ ਦੇਸ਼ ਵਾਸੀਆਂ ਦੀ ਸੇਵਾ ਲਈ ਤਤਪਰ ਹੈ।

ਕਥਿਤ ਵੋਟ ਚੋਰੀ ਅਤੇ ਗਿਆਨੇਸ਼ ਕੁਮਾਰ ਵਿਰੁੱਧ ਇੰਡੀਆ ਅਲਾਇੰਸ ਵੱਲੋਂ ਜ਼ੋਰਦਾਰ ਵਿਰੋਧ

ਗਿਆਨੇਸ਼ ਕੁਮਾਰ ਅਸਤੀਫ਼ਾ ਦੇਣ ਵਿੱਚ ਜਿੰਨੀ ਦੇਰ ਕਰਨਗੇ, ਸਾਡਾ ਅੰਦੋਲਨ ਓਨਾ ਹੀ ਤੇਜ਼ ਹੋਵੇਗਾ-ਹੁੱਡਾ

ਪੈ.ਗਾਮ-ਏ-ਜਗਤ/ਅੰਬਾਲਾ,
8 ਅਕਤੂਬਰ (ਆਰ.ਸਿੰਘ)

ਜਦੋਂ ਤੱਕ ਗਿਆਨੇਸ਼ ਕੁਮਾਰ ਅਸਤੀਫ਼ਾ ਨਹੀਂ ਦਿੰਦੇ ਕਾਂਗਰਸ ਸਮੇਤ ਸਮੁੱਚਾ ਇੰਡੀਆ ਅਲਾਇੰਸ ਆਪਣਾ ਵਿਰੋਧ ਜਾਰੀ ਰੱਖੇਗਾ। ਸਾਬਕਾ ਮੁੱਖ ਮੰਤਰੀ ਅਤੇ ਵਿਰੋਧੀ ਧਿਰ ਦੇ ਨੇਤਾ ਭੂਪਿੰਦਰ ਸਿੰਘ ਹੁੱਡਾ ਨੇ ਕਿਹਾ ਕਿ ਉਹ ਅਸਤੀਫ਼ਾ ਦੇਣ ਵਿੱਚ ਜਿੰਨੀ ਦੇਰ ਕਰਨਗੇ, ਸਾਡਾ ਅੰਦੋਲਨ ਓਨਾ ਹੀ ਤੇਜ਼ ਹੋਵੇਗਾ। ਹੁੱਡਾ ਅੱਜ ÷ਲੋਕਤੰਤਰ ਬਚਾਓ, ਵੋਟ ਬਚਾਓ, ਦੇਸ਼ ਬਚਾਓ÷ ਮਾਰਚ ਵਿੱਚ ਹਿੱਸਾ ਲੈਣ ਲਈ ਅੰਬਾਲਾ ਪਹੁੰਚੇ ਸਨ। ਪਾਰਟੀ ਦੇ ਸੂਬਾ ਇੰਚਾਰਜ ਸੰਜੇ ਦੱਤ ਅਤੇ ਸੂਬਾ ਪ੍ਰਧਾਨ ਰਾਓ ਨਰਿੰਦਰ ਸਿੰਘ ਵੀ ਮੌਜੂਦ ਸਨ। ਇਹ ਮਾਰਚ ਪਾਰਟੀ ਵਿਧਾਇਕ ਨਿਰਮਲ ਸਿੰਘ ਅਤੇ ਇੰਡੀਆ ਅਲਾਇੰਸ ਪਾਰਟੀਆਂ ਦੁਆਰਾ ਆਯੋਜਿਤ ਕੀਤਾ ਗਿਆ ਸੀ। ਕਾਂਗਰਸ ਅਤੇ ਸਹਿਯੋਗੀ ਪਾਰਟੀਆਂ ਦੇ ਆਗੂਆਂ ਅਤੇ ਵਰਕਰਾਂ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਕਰਦਿਆਂ, ਲੋਕਤੰਤਰ ਦੀ ਰੱਖਿਆ, ਬੈਲਟ ਪੇਪਰਾਂ ਦੀ ਵਰਤੋਂ ਕਰਕੇ ਚੋਣਾਂ ਕਰਵਾਉਣ ਅਤੇ ਚੋਣ ਕਮਿਸ਼ਨ ਦੀ ਭੂਮਿਕਾ 'ਤੇ ਸਵਾਲ ਉਠਾਉਂਦੇ ਹੋਏ ਪ੍ਰਦਰਸ਼ਨ ਵਿੱਚ ਹਿੱਸਾ ਲਿਆ। ਵਿਰੋਧ ਪ੍ਰਦਰਸ਼ਨ ਦੌਰਾਨ ਵਰਕਰਾਂ ਨੇ ਆਪਣੀਆਂ ਮੰਗਾਂ ਦੇ ਸਮਰਥਨ ਵਿੱਚ ਨਾਅਰੇ ਵੀ ਲਗਾਏ। ਕਾਂਗਰਸ ਵਰਕਰ ਅੱਜ ਦੁਪਹਿਰ 2 ਵਜੇ ਦੇ ਕਰੀਬ ਕੋਰਟ ਰੋਡ 'ਤੇ ਖ਼ਾਲਸਾ ਸਕੂਲ ਦੇ ਬਾਹਰ ਇਕੱਠੇ ਹੋਏ। ਵਿਰੋਧ ਪ੍ਰਦਰਸ਼ਨ ਦੌਰਾਨ ਆਗੂਆਂ ਨੇ ਚੋਣ ਪ੍ਰਕਿਰਿਆ ਨਾਲ ਸਬੰਧਿਤ ਵੱਖ-ਵੱਖ ਮੁੱਦੇ ਉਠਾਏ ਅਤੇ ਆਪਣੀਆਂ ਮੰਗਾਂ



ਰੱਖੀਆਂ। ਕਾਂਗਰਸ ਦੇ ਨਾਲ, ਸੀਪੀਆਈ, ਸੀਪੀਐਮ ਅਤੇ ਇੰਡੀਆ ਅਲਾਇੰਸ ਦੇ ਹੋਰ ਸਹਿਯੋਗੀਆਂ ਦੇ ਆਗੂਆਂ ਅਤੇ ਵਰਕਰਾਂ ਨੇ ਵੀ ਇਸ ਵਿਰੋਧ ਪ੍ਰਦਰਸ਼ਨ ਵਿੱਚ ਹਿੱਸਾ ਲਿਆ ਅਤੇ ÷ਵੋਟ ਚੋਰ ਗੱਦੀ ਛੋੜ÷ ਵਰਗੇ ਨਾਅਰੇ ਲਾਏ। ਉਨ੍ਹਾਂ ਡਿਪਟੀ ਕਮਿਸ਼ਨਰ ਦਫ਼ਤਰ ਦੇ ਸਾਹਮਣੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦਾ ਪੁਤਲਾ ਸਾੜਿਆ ਅਤੇ ਰਾਸ਼ਟਰਪਤੀ ਨੂੰ ਸੰਬੋਧਿਤ ਡਿਪਟੀ ਕਮਿਸ਼ਨਰ ਨੂੰ ਇੱਕ ਮੰਗ ਪੱਤਰ ਵੀ ਸੌਂਪਿਆ। ਮੁੱਖ ਮੰਗਾਂ ਵਿਚ ਗਿਆਨੇਸ਼ ਕੁਮਾਰ ਦਾ ਅਸਤੀਫ਼ਾ ਪ੍ਰਮੁੱਖ ਹੈ। ਮੈਂਬਰਾਂ ਦਾ ਕਹਿਣਾ ਸੀ ਕਿ ਦਿੱਲੀ ਵਿੱਚ ਸਾਡੇ ਨੇਤਾ ਰਾਹੁਲ ਗਾਂਧੀ ਵਿਰੁੱਧ ਭਾਜਪਾ ਦੇ ਬੇਰਹਿਮ ਅਤੇ ਤਾਨਾਸ਼ਾਹੀ ਪਹੁੰਚ ਨੇ ਦੇਸ਼ ਭਰ ਵਿੱਚ ਰੋਸ ਪੈਦਾ ਕਰ ਦਿੱਤਾ ਹੈ। ਜੇ ਸਰਕਾਰ ਸੋਚਦੀ ਹੈ ਕਿ ਉਹ ਰਾਹੁਲ ਗਾਂਧੀ ਜਾਂ ਕਾਂਗਰਸ ਮੈਂਬਰਾਂ ਨੂੰ ਐਫਆਈਆਰ ਅਤੇ ਬੇਰਹਿਮ ਪੁਲੀਸ ਕਾਰਵਾਈ ਨਾਲ ਡਰਾ ਸਕਦੀ ਹੈ ਤਾਂ ਇਹ ਗ਼ਲਤਫ਼ਹਿਮੀ ਹੈ। ਹਰ ਕਾਂਗਰਸੀ ਮੈਂਬਰ ਇਸ ਲੜਾਈ ਨੂੰ ਲੜੇਗਾ ਅਤੇ ਜਿੱਤੇਗਾ।

ਇਸ ਮੌਕੇ 'ਤੇ ਸਾਬਕਾ ਮੁੱਖ ਮੰਤਰੀ ਹੁੱਡਾ ਨੇ ਕਿਹਾ ਕਿ ਅੰਬਾਲਾ ਵਾਂਗ 36 ਭਾਈਚਾਰਿਆਂ ਅਤੇ ਸਮਾਜ ਦੇ ਹਰ ਵਰਗ ਨੇ 2024 ਦੀਆਂ ਚੋਣਾਂ ਵਿੱਚ ਕਾਂਗਰਸ ਨੂੰ ਵੋਟ ਦਿੱਤੀ ਅਤੇ ਸਮਰਥਨ ਦਿੱਤਾ। ਬਹੁਤ ਸਾਰੇ ਲੋਕ ਭਾਜਪਾ ਨੂੰ ਹਟਾਉਣਾ ਅਤੇ ਕਾਂਗਰਸ ਸਰਕਾਰ ਬਣਾਉਣਾ ਚਾਹੁੰਦੇ ਸਨ। ਨਤੀਜੇ ਬਿਲਕੁਲ ਉਲਟ ਸਨ। ਮੈਂ ਉਸ ਸਮੇਂ ਇਨ੍ਹਾਂ ਨਤੀਜਿਆਂ ਬਾਰੇ ਸ਼ੱਕ ਪ੍ਰਗਟ ਕੀਤਾ ਸੀ। ਜਦੋਂ ਸਾਡੇ ਨੇਤਾ ਰਾਹੁਲ ਗਾਂਧੀ ਅਤੇ ਕਾਂਗਰਸ ਟੀਮ ਨੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਤਾਂ ਕਥਿਤ ਵੋਟ ਚੋਰੀ ਦਾ ਪਰਦਾਫਾਸ਼ ਹੋਇਆ।

ਇੰਚਾਰਜ ਸੰਜੇ ਦੱਤ ਨੇ ਕਿਹਾ ਕਿ ਹਰਿਆਣਾ ਚੋਣ ਨਤੀਜਿਆਂ ਤੋਂ ਬਾਅਦ ਕਾਂਗਰਸ ਨੇ ਚੋਣ ਕਮਿਸ਼ਨ ਤੋਂ ਕਈ ਸਵਾਲ ਪੁੱਛੇ ਸਨ ਪਰ ਅੱਜ ਤੱਕ ਉਨ੍ਹਾਂ ਨੂੰ ਕੋਈ ਜਵਾਬ ਨਹੀਂ ਮਿਲਿਆ ਹੈ। ਉਦਾਹਰਨ ਵਜੋਂ 5 ਤਰੀਕ ਦੀ ਰਾਤ ਨੂੰ ਕਮਿਸ਼ਨ ਨੇ ਰਿਪੋਰਟ ਦਿੱਤੀ ਕਿ ਹਰਿਆਣਾ ਵਿੱਚ 61.19% ਵੋਟਿੰਗ ਹੋਈ।ਅਗਲੇ ਦਿਨ ਇਸ ਨੂੰ ਵਧਾ ਕੇ 65.65% ਕਰ ਦਿੱਤਾ ਗਿਆ ਅਤੇ 7 ਤਰੀਕ ਨੂੰ ਗਿਣਤੀ ਤੋਂ ਇੱਕ ਦਿਨ ਪਹਿਲਾਂ ਇਸ ਨੂੰ ਹੋਰ ਵਧਾ ਕੇ 67.9% ਕਰ ਦਿੱਤਾ ਗਿਆ। ਇਹ ਸਮਝ ਤੋਂ ਪਰੇ ਹੈ ਕਿ ਈਵੀਐਮ ਬੰਦ ਹੋਣ ਤੋਂ ਬਾਅਦ ਇੰਨਾ ਮਹੱਤਵਪੂਰਨ ਵਾਧਾ ਕਿਵੇਂ ਹੋਇਆ।

ਸੂਬਾ ਪ੍ਰਧਾਨ ਰਾਓ ਨਰਿੰਦਰ ਨੇ ਕਿਹਾ ਕਿ ਸਚਾਈ ਹੁਣ ਜਨਤਾ ਦੇ ਸਾਹਮਣੇ ਆ ਗਈ ਹੈ ਕਿ ਭਾਜਪਾ ਨੇ ਹਰਿਆਣਾ ਵਿੱਚ ਇਮਾਨਦਾਰੀ ਨਾਲ ਨਹੀਂ ਸਗੋਂ ਧੋਖਾਧੜੀ ਨਾਲ ਸਰਕਾਰ ਬਣਾਈ। ਇਸ ਧੋਖਾਧੜੀ ਦੇ ਸਾਰੇ ਸਬੂਤ ਹੁਣ ਸਾਹਮਣੇ ਆ ਗਏ ਹਨ। ਇਸ ਲਈ ਦੇਸ਼ ਭਰ ਦੇ ਲੋਕ ਵੋਟ ਚੋਰੀ ਵਿਰੁੱਧ ਅੰਦੋਲਨ ਕਰ ਰਹੇ ਹਨ।

ਨਸ਼ਾ ਮੁਕਤ ਭਾਰਤ ਮੁਹਿੰਮ ਤਹਿਤ ਹਰੋਲੀ ਵਿੱਚ ਜਾਗਰੂਕਤਾ ਰੈਲੀ ਕੱਢੀ

ਊਨਾ, 8 ਅਕਤੂਬਰ
(ਪੈ.ਗਾਮ-ਏ-ਜਗਤ)

ਸਮਾਜਿਕ ਨਿਆਂ ਅਤੇ ਅਧਿਕਾਰਤਾ ਵਿਭਾਗ ਦੇ ਸਹਿਯੋਗ ਨਾਲ ਜ਼ਿਲ੍ਹਾ ਭਲਾਈ ਅਧਿਕਾਰੀ ਊਨਾ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਰੋਲੀ ਵਿਖੇ 'ਨਸ਼ਾ ਮੁਕਤ ਭਾਰਤ ਮੁਹਿੰਮ' ਤਹਿਤ ਜਾਗਰੂਕਤਾ ਰੈਲੀ ਅਤੇ ਖੇਡ ਮੁਕਾਬਲੇ ਕਰਵਾਏ ਗਏ। ਪ੍ਰੋਗਰਾਮ ਵਿੱਚ ਸਕੂਲ ਦੀਆਂ 9ਵੀਂ ਤੋਂ 12ਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ। ਜ਼ਿਲ੍ਹਾ ਭਲਾਈ ਅਧਿਕਾਰੀ ਊਨਾ ਆਵਾਸ ਪੰਡਿਤ ਨੇ ਦੱਸਿਆ ਕਿ ਇਸ ਜਾਗਰੂਕਤਾ ਰੈਲੀ ਰਾਹੀਂ ਵਿਦਿਆਰਥੀਆਂ ਨੇ ਸਮਾਜ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਦਿਆਂ ਨਸ਼ਾ ਮੁਕਤ ਅਤੇ ਸਿਹਤਮੰਦ ਸਮਾਜ ਦੀ ਉਸਾਰੀ ਦਾ ਸੰਦੇਸ਼ ਦਿੱਤਾ।



ਵਿਦਿਆਰਥੀਆਂ ਨੇ ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੇ ਪਰਿਵਾਰ, ਸਕੂਲ ਅਤੇ ਸਮਾਜ ਵਿੱਚ ਨਸ਼ਾ ਵਿਰੋਧੀ ਜਾਗਰੂਕਤਾ ਫੈਲਾਉਣ ਦਾ ਸੰਕਲਪ ਵੀ ਲਿਆ। ਉਨ੍ਹਾਂ ਦੱਸਿਆ ਕਿ ਰੈਲੀ ਕਰਵਾਉਣ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਖੇਡਾਂ ਅਤੇ ਸਕਾਰਾਤਮਕ ਗਤੀਵਿਧੀਆਂ ਨਾਲ ਜੋੜ ਕੇ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਹੈ। ਇਸ ਮੌਕੇ ਤਹਿਸੀਲ ਭਲਾਈ ਅਧਿਕਾਰੀ ਊਨਾ ਜਿਤੇਂਦਰ ਸ਼ਰਮਾ, ਹਰੋਲੀ ਦੇ ਪ੍ਰਿੰਸੀਪਲ ਰਵਿੰਦਰ ਕੁਮਾਰ ਸਮੇਤ ਸਕੂਲ ਦੇ ਅਧਿਆਪਕ ਅਤੇ ਵਿਦਿਆਰਥੀ ਮੌਜੂਦ ਰਹੇ।

ਸਮਾਧਾਨ ਕੈਂਪ ਵਿੱਚ ਐੱਸਡੀਐੱਮ ਰਾਜੇਸ਼ ਖੋਥ ਨੇ ਨਾਗਰਿਕਾਂ ਦੀਆਂ ਸਮੱਸਿਆਵਾਂ ਸੁਣੀਆਂ

ਪੈ.ਗਾਮ-ਏ-ਜਗਤ/ਹਾਂਸੀ
8 ਅਕਤੂਬਰ (ਦਿਨਕਰ ਗਾਵੜੀ)

ਸਮਾਧਾਨ ਕੈਂਪ ਵਿੱਚ ਐੱਸਡੀਐੱਮ ਰਾਜੇਸ਼ ਖੋਥ ਨੇ ਨਾਗਰਿਕਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਉਨ੍ਹਾਂ ਦੇ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ਲਈ ਨਿਰਦੇਸ਼ ਦਿੱਤੇ। ਕੈਂਪ ਵਿੱਚ ਵੱਖ-ਵੱਖ ਖੇਤਰਾਂ ਤੋਂ ਪਹੁੰਚੇ ਨਾਗਰਿਕਾਂ ਨੇ ਆਪਣੀਆਂ ਰੋਜ਼ਾਨਾ ਦੀਆਂ ਸਮੱਸਿਆਵਾਂ ਅਧਿਕਾਰੀਆਂ ਦੇ ਸਾਹਮਣੇ ਰੱਖੀਆਂ।

ਨਾਗਰਿਕਾਂ ਨੇ ਬਿਜਲੀ-ਪਾਣੀ ਦੀ ਸਪਲਾਈ, ਨਵੇਂ ਬਿਜਲੀ ਮੀਟਰ ਲਗਵਾਉਣ, ਸੀਵਰੇਜ ਦੀ ਸਫ਼ਾਈ, ਫੈਮਿਲੀ ਆਈਡੀ ਵਿੱਚ ਲੋੜੀਂਦੀਆਂ ਸੋਧਾਂ ਅਤੇ ਗਲਤੀਆਂ ਠੀਕ ਕਰਵਾਉਣ, ਆਵਾਰਾ

ਤਹਿਸੀਲਦਾਰ ਅਨਿਲ ਕੁਮਾਰ ਬਿਢਾਨ ਵੀ ਰਹੇ ਮੌਜੂਦ



ਪਸ਼ੂਆਂ ਨੂੰ ਫੜਨ ਸਮੇਤ ਹੋਰ ਲੋਕ ਸਮੱਸਿਆਵਾਂ ਬਾਰੇ ਐੱਸਡੀਐੱਮ ਨੂੰ ਜਾਣੂ ਕਰਵਾਇਆ।

ਐੱਸਡੀਐੱਮ ਰਾਜੇਸ਼ ਖੋਥ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਮਾਧਾਨ ਕੈਂਪ ਵਿੱਚ ਪ੍ਰਾਪਤ ਸ਼ਿਕਾਇਤਾਂ ਨੂੰ ਸਿਰਫ਼ ਦਰਜ ਕਰਨ ਤੱਕ ਸੀਮਤ ਨਾ ਰੱਖਿਆ ਜਾਵੇ, ਸਗੋਂ ਹਰ ਸ਼ਿਕਾਇਤ ਦਾ ਨਿਯਮਾਂ ਅਨੁਸਾਰ ਸਮੇਂ ਸਿਰ ਅਤੇ ਪ੍ਰਭਾਵਸ਼ਾਲੀ ਹੱਲ ਯਕੀਨੀ ਬਣਾਇਆ ਜਾਵੇ।

ਉਨ੍ਹਾਂ ਕਿਹਾ ਕਿ ਨਾਗਰਿਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਪ੍ਰਸ਼ਾਸਨ ਦੀ ਪਹਿਲ ਹੈ ਅਤੇ ਕਿਸੇ ਵੀ ਸ਼ਿਕਾਇਤ ਦੇ ਨਿਪਟਾਰੇ ਵਿੱਚ ਬੇਲੋੜੀ ਦੇਰੀ ਨਹੀਂ ਹੋਣੀ ਚਾਹੀਦੀ।

ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਦਿਆਂ ਉਨ੍ਹਾਂ ਸ਼ਿਕਾਇਤਾਂ ਦਾ ਵੀ ਜਲਦ ਹੱਲ ਕਰਨ ਦੇ ਨਿਰਦੇਸ਼ ਦਿੱਤੇ, ਜਿਨ੍ਹਾਂ ਵਿੱਚ ਇੱਕ ਤੋਂ ਵੱਧ ਵਿਭਾਗਾਂ ਦੀ ਭੂਮਿਕਾ ਹੈ। ਐੱਸਡੀਐੱਮ ਨੇ ਕਿਹਾ ਕਿ ਨਾਗਰਿਕਾਂ ਨੂੰ ਆਪਣੀਆਂ ਛੋਟੀਆਂ-ਛੋਟੀਆਂ ਸਮੱਸਿਆਵਾਂ ਦੇ ਹੱਲ ਲਈ ਵਾਰ-ਵਾਰ ਸਰਕਾਰੀ ਦਫ਼ਤਰਾਂ ਦੇ ਚੱਕਰ ਨਾ ਲਗਾਉਣੇ ਪੈਣ, ਇਸ ਲਈ ਅਧਿਕਾਰੀ ਸ਼ਿਕਾਇਤਾਂ 'ਤੇ ਗੰਭੀਰਤਾ ਨਾਲ ਕਾਰਵਾਈ ਯਕੀਨੀ ਬਣਾਉਣ।

ਇਸ ਮੌਕੇ ਤਹਿਸੀਲਦਾਰ ਅਨਿਲ ਬਿਢਾਨ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਰਹੇ।

ਪਲੇਸਮੈਂਟ ਕੈਂਪ ਅੱਜ

ਸੰਗਰੂਰ, 08 ਅਕਤੂਬਰ
(ਪੈ.ਗਾਮ-ਏ-ਜਗਤ)

ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦਫ਼ਤਰ, ਸੰਗਰੂਰ ਵੱਲੋਂ Career BDG-Axis Bank ਕੰਪਨੀ ਨਾਲ ਤਾਲਮੇਲ ਕਰਕੇ ਮਿਤੀ 09.10.2026 ਦਿਨ ਸ਼ੁੱਕਰਵਾਰ ਨੂੰ ਨੌਕਰੀ ਦੇ ਚਾਹਵਾਨ ਪ੍ਰਾਰਥੀਆਂ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦਫ਼ਤਰ, ਸੰਗਰੂਰ ਵਿਖੇ ਸਵੇਰੇ 10 ਵਜੇ ਤੋਂ 1 ਵਜੇ ਤੱਕ ਇੱਕ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।

ਇਸ ਸਬੰਧੀ ਜ਼ਿਲ੍ਹਾ ਰੋਜ਼ਗਾਰ ਉਤਪੱਤੀ ਹੁਨਰ ਵਿਕਾਸ ਅਤੇ ਸਿਖਲਾਈ ਅਫਸਰ ਸ਼?ਗੀ ਰਵਿੰਦਰ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੰਪਨੀ ਵੱਲੋਂ Assistant Manager (ਲੜਕੇ ਅਤੇ ਲੜਕੀਆਂ ਦੋਵਾਂ ਲਈ) ਦੀ ਅਸਾਮੀ ਲਈ ਇੰਟਰਵਿਊ ਲਈ ਜਾਵੇਗੀ। ਜਿਸ ਲਈ ਪ੍ਰਾਰਥੀ ਦੀ ਵਿਦਿੱਅਕ ਯੋਗਤਾ ਗਰੈਜੂਏਟ ਪਾਸ, ਉਮਰ 19 ਸਾਲ ਤੋਂ 30 ਸਾਲ ਹੋਣੀ ਚਾਹੀਦੀ ਹੈ। ਚਾਹਵਾਨ ਅਤੇ ਯੋਗ ਪ੍ਰਾਰਥੀ ਰਜਿਊਮ ਅਤੇ ਵਿੱਦਿਅਕ ਯੋਗਤਾ ਦੇ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ ਲੈ ਕੇ ਇਸ ਇੰਟਰਵਿਊ ਵਿੱਚ ਭਾਗ ਲੈ ਸਕਦੇ ਹਨ। ਇੰਟਰਵਿਊ ਵਿੱਚ ਭਾਗ ਲੈਣ ਲਈ ਕੋਈ ਵੀ ਟੀ.ਏ ਅਤੇ ਡੀ.ਏ ਮਿਲਣ ਯੋਗ ਨਹੀਂ ਹੋਵੇਗਾ।

ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦਫ਼ਤਰ, ਸੰਗਰੂਰ ਵਿਖੇ ਸੰਪਰਕ ਕਰ ਸਕਦੇ ਹਨ।

ਹਰਿਆਣਾ ਸਰਕਾਰ ਦੇ ਤੀਜੇ ਕਾਰਜਕਾਲ ਦੇ ਦੋ ਸਾਲ ਪੂਰੇ

ਪੈ.ਗਾਮ-ਏ-ਜਗਤ
ਚੰਡੀਗੜ੍ਹ, 8 ਅਕਤੂਬਰ (ਹਰਮਿੰਦਰ ਸਿੰਘ ਨਾਗਪਾਲ)

ਹਰਿਆਣਾ ਜਨਤਕ ਉੱਦਮ ਬਿਊਰੋ ਦੇ ਚੇਅਰਮੈਨ ਸ਼੍ਰੀ ਮੋਹਨ ਲਾਲ ਬੜੌਲੀ ਨੇ ਰਾਈ ਹੈਲੀਪੈਡ 'ਤੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਨੀ ਨਾਲ ਮੁਲਾਕਾਤ ਕਰਕੇ ਸੂਬੇ ਦੀ ਮੌਜੂਦਾ ਸਰਕਾਰ ਦੇ ਕਾਰਜਕਾਲ ਦੇ ਦੋ ਸਾਲ ਪੂਰੇ ਹੋਣ 'ਤੇ ਉਨ੍ਹਾਂ ਨੂੰ ਹਾਰਦਿਕ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਮੋਹਨ ਲਾਲ ਬੜੌਲੀ ਨੇ ਕਿਹਾ ਕਿ ਸਾਲ 2024 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਹਰਿਆਣਾ ਦੀ ਜਨਤਾ ਨੇ ਪ੍ਰਧਾਨ ਮੰਤਰੀ ਮੋਦੀ, ਮੁੱਖ ਮੰਤਰੀ ਨਾਇਬ ਸੈਨੀ ਅਤੇ ਭਾਰਤੀ ਜਨਤਾ ਪਾਰਟੀ ਪ੍ਰਤੀ ਆਪਣਾ ਵਿਸ਼ਵਾਸ ਪ੍ਰਗਟ ਕੀਤਾ ਹੈ। ਉਨ੍ਹਾਂ ਕਿਹਾ ਕਿ ਉਸ ਸਮੇਂ ਸੰਗਠਨ ਅਤੇ ਸਰਕਾਰ ਵਿਚਕਾਰ ਬਿਹਤਰੀਨ ਤਾਲਮੇਲ ਦਾ ਨਤੀਜਾ ਹਰਿਆਣਾ ਦੀ ਜਨਤਾ ਦੇ ਵਿਸ਼ਵਾਸ ਦੇ ਰੂਪ ਵਿੱਚ ਸਾਹਮਣੇ ਆਇਆ। ਜ਼ਿਕਰਯੋਗ ਹੈ ਕਿ ਸਾਲ 2024 ਦੀਆਂ ਵਿਧਾਨ ਸਭਾ ਚੋਣਾਂ ਦੇ ਨਤੀਜੇ 8 ਅਕਤੂਬਰ ਨੂੰ ਐਲਾਨੇ ਗਏ ਸਨ। ਉਨ੍ਹਾਂ ਕਿਹਾ ਕਿ ਇਹ ਜਨ-ਵਿਸ਼ਵਾਸ, ਜਨ-ਸੇਵਾ, ਚੰਗੇ ਸ਼ਾਸਨ ਅਤੇ ਹਰਿਆਣਾ ਦੇ ਨਿਰੰਤਰ ਵਿਕਾਸ ਲਈ ਹੋਰ ਵੀ ਵੱਧ ਸਮਰਪਣ ਅਤੇ ਵਚਨਬੱਧਤਾ ਨਾਲ ਕੰਮ ਕਰਨ ਦੀ ਪ੍ਰੇਰਣਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਮਾਰਗਦਰਸ਼ਨ ਅਤੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਦੀ ਅਗਵਾਈ ਹੇਠ ਸੂਬਾ ਸਰਕਾਰ ਅੰਤੋਦਿਆ ਦੀ ਭਾਵਨਾ ਨਾਲ ਹਰ ਵਰਗ ਦੇ ਭਲੇ ਅਤੇ ਸੂਬੇ ਦੇ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ।

ਬੱਲਭਗੜ੍ਹ-ਪਲਵਲ ਮੈਟਰੋ ਵਿਸਤਾਰ ਪ੍ਰੋਜੈਕਟ ਦੀ ਅੰਤਿਮ ਵਿਵਹਾਰਕਤਾ ਰਿਪੋਰਟ ਨੂੰ ਮਿਲੀ ਮਨਜ਼ੂਰੀ

ਪੈ.ਗਾਮ-ਏ-ਜਗਤ
ਚੰਡੀਗੜ੍ਹ, 08 ਅਕਤੂਬਰ (ਹਰਮਿੰਦਰ ਸਿੰਘ ਨਾਗਪਾਲ)

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਨੇ ਬੱਲਭਗੜ੍ਹ-ਪਲਵਲ ਮੈਟਰੋ ਵਿਸਤਾਰ ਪ੍ਰੋਜੈਕਟ ਦੀ ਅੰਤਿਮ ਵਿਵਹਾਰਕਤਾ ਰਿਪੋਰਟ ਨੂੰ ਮਨਜ਼ੂਰੀ ਦੇ ਦਿੱਤੀ ਹੈ। ਪ੍ਰੋਜੈਕਟ ਦੀ ਵਿਸਤ੍ਰਿਤ ਰਿਪੋਰਟ ਕੇਂਦਰੀ ਰਿਹਾਇਸ਼ ਅਤੇ ਸ਼ਹਿਰੀ ਮਾਮਲੇ ਮੰਤਰਾਲੇ ਨੂੰ ਭੇਜ ਦਿੱਤੀ ਗਈ ਹੈ। ਗੁਰੂਗ੍ਰਾਮ ਰੈਪਿਡ ਮੈਟਰੋ ਵਿੱਚ ਯਾਤਰੀਆਂ ਦੀ ਗਿਣਤੀ ਅਤੇ ਸੰਚਾਲਨ ਤੋਂ ਹੋਣ ਵਾਲੀ ਆਮਦਨ ਵਿੱਚ ਉਤਸ਼ਾਹਜਨਕ ਵਾਧਾ ਦਰਜ ਕੀਤਾ ਗਿਆ ਹੈ।

ਇਹ ਜਾਣਕਾਰੀ ਅੱਜ ਇੱਥੇ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਦੀ ਪ੍ਰਧਾਨਗੀ ਹੇਠ ਹੋਈ ਹਰਿਆਣਾ ਮਾਸ ਰੈਪਿਡ ਟਰਾਂਸਪੋਰਟ ਕਾਰਪੋਰੇਸ਼ਨ ਦੀ 66ਵੀਂ ਬੋਰਡ ਮੀਟਿੰਗ ਵਿੱਚ ਦਿੱਤੀ ਗਈ। ਐਚਐਮਆਰਟੀਸੀ ਦੇ ਮੈਨੇਜਿੰਗ ਡਾਇਰੈਕਟਰ ਅਜੈ ਕੁਮਾਰ ਨੇ ਦੱਸਿਆ ਕਿ ਅਪ੍ਰੈਲ ਤੋਂ ਅਗਸਤ 2026 ਦੌਰਾਨ ਗੁਰੂਗ੍ਰਾਮ ਰੈਪਿਡ ਮੈਟਰੋ ਵਿੱਚ 88.81 ਲੱਖ ਯਾਤਰੀਆਂ ਨੇ ਸਫ਼ਰ ਕੀਤਾ, ਜਦਕਿ ਪਿਛਲੇ ਸਾਲ ਇਸੇ ਸਮੇਂ ਦੌਰਾਨ 79.57 ਲੱਖ ਯਾਤਰੀਆਂ ਨੇ ਯਾਤਰਾ ਕੀਤੀ ਸੀ। ਇਸ ਤਰ੍ਹਾਂ ਯਾਤਰੀਆਂ ਦੀ ਗਿਣਤੀ ਵਿੱਚ 11.62 ਫ਼ੀਸਦੀ ਦਾ ਵਾਧਾ ਦਰਜ ਕੀਤਾ ਗਿਆ।

ਐਚਐਮਆਰਟੀਸੀ ਦੀ ਸੰਚਾਲਨ ਤੋਂ ਹੋਣ ਵਾਲੀ ਆਮਦਨ ਵੀ ਅਪ੍ਰੈਲ-ਅਗਸਤ 2026 ਦੌਰਾਨ ਵਧ ਕੇ 18.60 ਕਰੋੜ ਰੁਪਏ ਹੋ ਗਈ, ਜਦਕਿ ਸਾਲ 2025 ਦੀ ਇਸੇ ਮਿਆਦ ਵਿੱਚ ਇਹ 16.66 ਕਰੋੜ ਰੁਪਏ ਸੀ। ਇਸ ਤਰ੍ਹਾਂ ਸੰਚਾਲਨ ਆਮਦਨ ਵਿੱਚ 11.64 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ। ਗ਼ੈਰ-ਕਿਰਾਇਆ ਮਾਲੀਏ ਵਿੱਚ ਪਿਛਲੇ ਸਾਲ ਦੇ ਮੁਕਾਬਲੇ 64.34 ਫੀਸਦੀ ਦਾ ਵਾਧਾ ਹੋਇਆ। ਰੈਪਿਡ ਮੈਟਰੋ ਸਟੇਸ਼ਨਾਂ 'ਤੇ ਲਾਇਸੈਂਸ 'ਤੇ ਦਿੱਤੇ ਗਏ ਸਥਾਨਾਂ ਤੋਂ ਕਿਰਾਏ ਦੀ ਆਮਦਨ 2.82 ਕਰੋੜ ਰੁਪਏ ਤੋਂ ਵਧ ਕੇ 3.50 ਕਰੋੜ ਰੁਪਏ ਹੋ ਗਈ। ਉੱਥੇ ਹੀ, ਇਸ਼ਤਿਹਾਰ ਅਧਿਕਾਰਾਂ ਲਈ ਸਾਈਟਾਂ ਦੀ ਈ-ਨਿਲਾਮੀ ਤੋਂ 23.14 ਕਰੋੜ ਰੁਪਏ ਦੀ ਆਮਦਨ ਹੋਈ, ਜੋ ਪਿਛਲੇ ਸਾਲ 13.39 ਕਰੋੜ ਰੁਪਏ ਸੀ। ਚੱਲ ਰਹੇ ਪ੍ਰੋਜੈਕਟਾਂ ਦੀ ਜਾਣਕਾਰੀ ਦਿੰਦਿਆਂ ਸ੍ਰੀ ਅਜੈ ਕੁਮਾਰ ਨੇ ਦੱਸਿਆ ਕਿ ਪ੍ਰਸਤਾਵਿਤ 136.30 ਕਿਲੋਮੀਟਰ ਲੰਬਾ ਦਿੱਲੀ-ਪਾਣੀਪਤ-ਕਰਨਾਲ ਨਮੋ ਭਾਰਤ ਕੋਰੀਡੋਰ ਪ੍ਰਮੁੱਖ ਪ੍ਰੋਜੈਕਟਾਂ ਵਿੱਚੋਂ ਇੱਕ ਹੈ। ਇਸ ਪ੍ਰੋਜੈਕਟ ਦੀ ਅਨੁਮਾਨਿਤ ਲਾਗਤ 33,051.15 ਕਰੋੜ ਰੁਪਏ ਹੈ। ਕੋਰੀਡੋਰ 'ਤੇ 17 ਸਟੇਸ਼ਨ ਪ੍ਰਸਤਾਵਿਤ ਹਨ, ਜਦੋਂ ਕਿ ਭਵਿੱਖ ਵਿੱਚ ਚਾਰ ਵਾਧੂ ਸਟੇਸ਼ਨ ਬਣਾਉਣ ਦਾ ਪ੍ਰਬੰਧ ਰੱਖਿਆ ਗਿਆ ਹੈ। ਇਹ ਕੋਰੀਡੋਰ ਦਿੱਲੀ ਨੂੰ ਪਾਣੀਪਤ ਅਤੇ ਕਰਨਾਲ ਦੇ ਉਦਯੋਗਿਕ ਅਤੇ ਵਪਾਰਕ ਕੇਂਦਰਾਂ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਮੀਟਿੰਗ ਵਿੱਚ ਦੱਸਿਆ ਗਿਆ ਕਿ ਗੁਰੂਗ੍ਰਾਮ-ਫਰੀਦਾਬਾਦ-ਨੋਇਡਾ-ਗ੍ਰੇਟਰ ਨੋਇਡਾ ਨਮੋ ਭਾਰਤ ਕੋਰੀਡੋਰ ਦਾ ਪ੍ਰਸਤਾਵ ਵੀ ਵਿਚਾਰ ਅਧੀਨ ਹੈ। ਇਸ ਦਾ ਉਦੇਸ਼ ਹਰਿਆਣਾ ਅਤੇ ਉੱਤਰ ਪ੍ਰਦੇਸ਼ ਦੇ ਪ੍ਰਮੁੱਖ ਰੁਜ਼ਗਾਰ, ਵਪਾਰਕ ਅਤੇ ਰਿਹਾਇਸ਼ੀ ਕੇਂਦਰਾਂ ਨੂੰ ਆਪਸ ਵਿੱਚ ਜੋੜਨਾ ਹੈ।